ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ
VOL-13 ISSUE 2349 | 19 January, 2026 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਪੰਜਾਬ ਸਰਕਾਰ ਵੱਲੋਂ ਬਾਲ ਭੀਖ ਮੰਗਵਾਉਣ 'ਤੇ ਸਖ਼ਤ ਕਾਰਵਾਈ: 1023 ਬੱਚੇ ਬਚਾਏ: ਡਾ.ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਭੀਖਿਆ ਦੀ ਸਮਾਜਿਕ ਕੁਰੀਤੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮਕਸਦ ਦੀ ਪ੍ਰਾਪਤੀ ਲਈ ਸਰਕਾਰ ਵੱਲੋਂ ਬਾਲ ਭੀਖ ਮੰਗਵਾਉਣ ਖ਼ਿਲਾਫ਼ ਸਖ਼ਤ ਅਤੇ ਨਤੀਜਾ ਕੇਂਦਰਿਤ ਕਾਰਵਾਈ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਕੀਤਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਸੂਬੇ ਭਰ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੌਰਾਨ ਬੀਤੇ ਦੋ ਦਿਨਾਂ ਵਿੱਚ ਸਾਰੇ ਜ਼ਿਲ੍ਹਿਆਂ ਦੇ ਹਾਟਸਪਾਟਾਂ 'ਤੇ ਕੀਤੀਆਂ ਗਈਆਂ ਛਾਪੇਮਾਰੀਆਂ ਦੌਰਾਨ ਕੁੱਲ 31 ਭੀਖ ਮੰਗਦਿਆਂ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਇਨ੍ਹਾਂ ਵਿੱਚੋਂ 4 ਬੱਚਿਆਂ ਨੂੰ ਦਸਤਾਵੇਜ਼ੀ ਪੁਸ਼ਟੀ ਉਪਰੰਤ ਬਾਲ ਭਲਾਈ ਕਮੇਟੀ ਵੱਲੋਂ ਮੌਕੇ 'ਤੇ ਹੀ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ, ਜਦਕਿ 27 ਬੱਚਿਆਂ ਨੂੰ ਆਰਜ਼ੀ ਤੌਰ 'ਤੇ ਬਾਲ ਘਰਾਂ ਵਿੱਚ ਭੇਜਿਆ ਗਿਆ, ਜਿੱਥੇ ਪੁਸ਼ਟੀ ਉਪਰੰਤ ਅਗਲੀ ਕਾਰਵਾਈ ਕੀਤੀ ਜਾਵੇਗੀ। ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਕਿ ਪ੍ਰੋਜੈਕਟ ਜੀਵਨਜਯੋਤ 2.0 ਅਧੀਨ ਹੁਣ ਤੱਕ ਕੁੱਲ 1023 ਬੱਚਿਆਂ ਨੂੰ ਬਾਲ ਭੀਖ ਮੰਗਵਾਉਣ ਤੋਂ ਬਚਾਇਆ ਜਾ ਚੁੱਕਾ ਹੈ। ਇਨ੍ਹਾਂ ਵਿੱਚੋਂ 38 ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਦਾ ਲਾਭ, 349 ਬੱਚਿਆਂ ਦੇ ਸਕੂਲਾਂ ਵਿੱਚ ਦਾਖਲੇ, 9 ਬੱਚਿਆਂ ਨੂੰ ਆਂਗਨਵਾੜੀ ਕੇਂਦਰਾਂ ਨਾਲ ਜੋੜਿਆ ਗਿਆ, ਜਦਕਿ 13 ਬੱਚਿਆਂ ਨੂੰ ਆਯੁਸ਼ਮਾਨ ਭਾਰਤ ਸਕੀਮ ਅਧੀਨ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ। ਬਾਲ ਘਰਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਸਿੱਖਿਆ, ਪੋਸ਼ਣ, ਸਿਹਤ ਸਹੂਲਤਾਂ ਅਤੇ ਹੋਰ ਜ਼ਰੂਰੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਨ੍ਹਾਂ ਨੂੰ ਸਨਮਾਨਜਨਕ ਅਤੇ ਸੁਰੱਖਿਅਤ ਭਵਿੱਖ ਵੱਲ ਲਿਜਾਇਆ ਜਾ ਸਕੇ। ਇਸ ਮੁਹਿੰਮ ਦੇ ਸਕਾਰਾਤਮਕ ਨਤੀਜਿਆਂ ਵੱਜੋਂ ਸੂਬੇ ਵਿੱਚ ਬਾਲ ਭੀਖ ਮੰਗਵਾਉਣ ਦੀ ਪ੍ਰਵਿਰਤੀ ਵਿੱਚ ਲਗਾਤਾਰ ਘਾਟ ਦਰਜ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਬਾਲ ਭੀਖ ਮੰਗਵਾਉਣ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਹੋਈ ਹੈ ਅਤੇ ਇਹ ਕਾਰਵਾਈਆਂ ਹੋਰ ਤੇਜ਼ ਕੀਤੀਆਂ ਜਾਣਗੀਆਂ। ਡਾ. ਬਲਜੀਤ ਕੌਰ ਨੇ ਸਪਸ਼ਟ ਕੀਤਾ ਕਿ ਜੇਕਰ ਕੋਈ ਵੀ ਵਿਅਕਤੀ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਦਾ ਪਾਇਆ ਗਿਆ ਤਾਂ ਉਸ ਦੇ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਦਾਨ ਦੇਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਕੋਈ ਬੱਚਾ ਸੜਕਾਂ 'ਤੇ ਭੀਖ ਮੰਗਦਾ ਦਿਖਾਈ ਦੇਵੇ ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098, ਆਪਣੇ ਜ਼ਿਲ੍ਹੇ ਦੀ ਬਾਲ ਭਲਾਈ ਕਮੇਟੀ ਜਾਂ ਸੰਬੰਧਤ ਅਧਿਕਾਰੀਆਂ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਹਰ ਬੱਚੇ ਲਈ ਸੁਰੱਖਿਅਤ ਅਤੇ ਸਨਮਾਨਜਨਕ ਭਵਿੱਖ ਯਕੀਨੀ ਬਣਾਇਆ ਜਾ ਸਕੇ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots
Packages fit to your budget
Contact: Barjesh 209-541-0641
Email: lambavideoproduction@yahoo.com

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Inderjeet Singh Mann
CA Lic# 0H82488
Anthem
Certified Insurance Agent
Ph.: (916) 900-2000

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ


ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY

**Refinance @2.75% APR or lower**



Apply online at www.lendingassets.com and check out the live lowest rates on our website





# NAV INDIAN MERCHANDISE GROCERY STORE

## 3230 MITCHELL ROAD, STE, C, CERES, CA 95307





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।

ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**

Ria MONEY TRANSFER

INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ





Contact Number

**+1 (209) 537-5702**

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਸਾਡੇ ਰਿਸ਼ਤੇ, ਪਿਆਰ ਅਤੇ ਸਮਾਜ



ਸਾਂਝੀ ਸੋਚ
ਹਰਲਾਜ ਸਿੰਘ ਬਹਾਦਰਪੁਰ
ਪਿੰਡ ਤੇ ਡਾਕ : ਬਹਾਦਰਪੁਰ
ਤਹਿ: ਬੁਢਲਾਡਾ, ਜਿਲ੍ਹਾ ਮਾਨਸਾ (ਪੰਜਾਬ)
94170-23911
harlajsingh7@gmail.com

ਸਾਡੇ ਰਿਸ਼ਤਿਆਂ,ਪਿਆਰ ਅਤੇ ਸਮਾਜ ਦਾ ਆਪਸ ਵਿੱਚ ਗੂੜਾ ਸਬੰਧ ਹੁੰਦਾ ਹੈ ਅਤੇ ਇਹ ਹੋਣਾ ਵੀ ਚਾਹੀਂਦਾ ਹੈ, ਪਰ ਅਫਸੋਸ ਦੀ ਗੱਲ ਹੈ ਕਿ ਸਾਡੇ ਇਹ ਗੂੜੇ ਸਬੰਧ ਬਹੁਤ ਛੇਤੀ ਹੀ ਫਿੱਕੇ ਪੈ ਜਾਂਦੇ ਹਨ। ਇਹਨਾ ਦੇ ਫਿੱਕੇ ਪੈਣ ਦਾ ਕਾਰਨ ਸਾਡੀ ਉਹ ਜਿੱਦ ਹੁੰਦੀ ਹੈ ਜੋ ਦੂਜੇ ਦੀਆਂ ਭਾਵਨਾਵਾਂ (ਲੋੜਾਂ ਅਤੇ ਸੋਚਾਂ) ਨੂੰ ਸਮਝਣ ਦੀ ਥਾਂ ਉਹਨਾ ਉੱਤੇ ਆਪਣੀ ਸੋਚ ਥੋਪਣਾ ਚਾਹੁੰਦੀ ਹੁੰਦੀ ਹੈ, ਬੱਸ ਇਹੀ ਕਾਰਨ ਹੁੰਦਾ ਹੈ ਜੋ ਸਾਡੇ ਖੂਨ ਦੇ ਰਿਸਤਿਆਂ ਨੂੰ ਵੀ ਖੂਨੀ ਬਣਾ ਦਿੰਦਾ ਹੈ। ਉਦਾਹਰਣ ਦੇ ਤੌਰ ਤੇ ਇੱਕ ਲੜਕੀ ਅਤੇ ਲੜਕਾ ਮਾਪਿਆਂ ਜਾਂ ਜਾਤਾਂ ਧਰਮਾਂ ਦੀ ਰਜਾਬੰਦੀ ਤੋਂ ਵਗੈਰ ਵਿਆਹ ਕਰਵਾਉਣਾ ਚਹੁੰਦੇ ਹਨ, ਤਾਂ ਸਾਡਾ ਸਮਾਜ ਉਸ ਨੂੰ ਮਾਨਤਾ ਨਹੀਂ ਦਿੰਦਾ, ਸਮਾਜ ਵਿੱਚ ਅਪਣੀਆਂ ਜਿੱਦਾਂ, ਅਖੌਤੀ ਇੱਜਤਾਂ, ਜਾਤਾਂ ਅਤੇ ਧਰਮਾਂ ਦੀਆਂ ਬੰਦਸ਼ਾਂ ਅਨੁਸਾਰ ਆਪਣੇ ਆਪ ਨੂੰ ਸਹੀ ਰੱਖਣ ਲਈ, ਮਾਪੇ ਆਪਣੇ ਸੱਭ ਤੋਂ ਨੇੜਲੇ ਅਤੇ ਪਿਆਰੇ ਖੂਨ ਦੇ ਰਿਸ਼ਤੇ ਦੇ ਖੂਨੀ ਬਣ ਜਾਂਦੇ ਹਨ, ਪਰ ਇਸ ਖੂਨ ਦੇ ਹੋਣ ਨਾਲ ਸੱਭ ਕੁੱਝ ਬਦਲ ਜਾਂਦਾ ਹੈ, ਸੱਭ ਤੋਂ ਨੇੜਲੇ ਅਤੇ ਪਿਆਰੇ ਰਿਸਤੇ ਦੇ ਪੁੱਤ ਧੀ ਕਤਲ ਹੋ ਕੇ ਲਾਸ਼ਾਂ ਬਣ ਜਾਂਦੇ ਹਨ ਅਤੇ ਮਾਂ ਪਿਉ ਕਾਤਲ ਬਣ ਕੇ ਮੁਜਰਿਮ ਹੋ ਜਾਂਦੇ ਹਨ, ਜਿਸ ਸਮਾਜ ਵਿੱਚ ਆਪਣੇ ਆਪ ਨੂੰ ਸਹੀ ਰੱਖਣ ਲਈ ਇਹ ਕਦਮ ਚੁੱਕਿਆ ਜਾਂਦਾ ਹੈ, ਉਹ ਸਮਾਜ ਤੁਰੰਤ ਹੀ ਦੋ ਹਿੱਸਿਆਂ ਵਿੱਚ ਵੰਡਿਆ ਜਾਂਦਾ ਹੈ, ਅੱਧੇ ਕਹਿਣਗੇ ਬੇਇੱਜਤੀ ਨਾਲੋਂ ਤਾਂ ਬੱਚਿਆਂ ਨੂੰ ਮਾਰ ਕੇ ਜੇਲ੍ਹ ਜਾਣਾ ਹੀ ਚੰਗਾ ਹੈ, ਅੱਧੇ ਕਹਿਣਗੇ ਬੱਚਿਆਂ ਨੂੰ ਮਾਰ ਕੇ ਜੇਲ੍ਹ ਜਾਣ ਨਾਲੋਂ ਤਾਂ ਬੱਚਿਆਂ ਨਾਲ ਸਹਿਮਤ ਹੋਣਾ ਚੰਗਾ ਸੀ, ਸਮਾਜ ਦੋ ਹਿੱਸਿਆਂ ਵਿੱਚ ਕਿਉਂ ਵੰਡਿਆ ਗਿਆ? ਕਿਉਂਕਿ ਜੇ ਕਤਲ ਕਾਰਨ ਵਾਲੇ ਸਮਾਜ ਦਾ ਹਿੱਸਾ ਸਨ ਤਾਂ ਕਤਲ ਹੋਣ ਵਾਲੇ ਵੀ ਸਾਡੇ ਸਮਾਜ ਵਿੱਚੋਂ ਹੀ ਸਨ, ਸੋਚੋ ਅਜਿਹਾ ਕਰਕੇ ਕੀ ਮਿਲਿਆ? ਰਿਸ਼ਤੇ ਵੀ ਗਏ, ਪਿਆਰ ਵੀ ਗਿਆ, ਬੱਚੇ ਵੀ ਗਵਾ ਲਏ, ਆਪਣੀ ਜਿੰਦਗੀ ਵੀ ਨਰਕ ਬਣਾ ਲਈ ਅਤੇ ਸਮਾਜ ਵੀ ਨਹੀਂ ਰਿਹਾ। ਇਹ ਗੱਲ ਇੱਥੇ ਹੀ ਖਤਮ ਨਹੀਂ ਹੁੰਦੀ ਕਿ ਵੱਡੇ (ਮਾਪੇ) ਹੀ ਛੋਟਿਆਂ (ਬੱਚਿਆਂ) ਉੱਤੇ ਆਪਣੀ ਸੋਚ ਥੋਪਦੇ ਹਨ, ਨਹੀਂ।

ਸਮੇਂ ਅਨੁਸਾਰ ਛੋਟੇ (ਬੱਚੇ) ਵੀ ਵੱਡਿਆਂ (ਮਾਪਿਆਂ) ਉੱਤੇ ਆਪਣੀ ਸੋਚ ਵੀ ਉਵੇਂ ਹੀ ਥੋਪਦੇ ਹਨ, ਕਿਉਂਕਿ ਸਾਡੀ ਮਾਨਸਿਕਤਾ ਹੀ ਅਜਿਹੀ ਬਣੀ ਹੋਈ ਹੁੰਦੀ ਹੈ ਜਿਸ ਵਿੱਚ ਅਜਾਦੀ ਦੀ ਥਾਂ ਗੁਲਾਮੀ ਵਾਲੀ ਸੋਚ ਭਾਰੂ ਹੁੰਦੀ ਹੈ, ਜਿਸ ਕਾਰਨ ਅਸੀਂ ਇੱਕ ਦੂਜੇ ਦੀਆਂ ਭਾਵਨਾਵਾਂ (ਲੋੜਾਂ ਅਤੇ ਸੋਚਾਂ) ਨੂੰ ਸਮਝਣ ਦੀ ਥਾਂ ਉਹਨਾ ਉੱਤੇ ਆਪਣੀ ਸੋਚ ਥੋਪਣਾ ਚਾਹੁੰਦੇ ਹੁੰਦੇ ਹਾਂ। ਉਦਾਹਰਣ ਦੇ ਤੌਰ ਤੇ ਮੰਨ ਲਓ ਕਿ ਕਿਸੇ ਪਤੀ ਪਤਨੀ ਦੇ ਬੱਚੇ ਪੈਦਾ ਹੋਣ ਤੋਂ ਬਾਅਦ ਉਹਨਾ ਵਿੱਚੋਂ ਪਤੀ ਜਾਂ ਪਤਨੀ ਮਰ ਜਾਵੇ ਤਾਂ ਸਾਡਾ ਸਮਾਜ ਉਹਨਾ ਵਿੱਚੋਂ ਬਚੇ ਹੋਏ ਇੱਕ ਵੱਲੋਂ ਦੁਬਾਰਾ ਵਿਆਹ ਕਰਵਾਉਣ ਨੂੰ ਠੀਕ ਨਹੀਂ ਸਮਝਦਾ, ਜਿਵੇਂ ਕਿ ਜੇ ਪਤੀ ਦੀ ਮੌਤ ਤੋਂ ਬਾਅਦ ਪਤਨੀ ਵਿਆਹ ਕਰਵਾਉਣਾ ਚਾਹੇ ਤਾਂ ਪਤਨੀ ਨੂੰ ਸਮਾਜ ਕਹੇਗਾ ਬੱਸ ਤੇਰੇ ਕਰਮਾ ਵਿੱਚ ਪਤੀ ਦਾ ਇੰਨਾ ਹੀ ਸੁੱਖ ਸੀ ਹੁਣ ਤੂੰ ਆਪਣੇ ਇਸੇ ਬੱਚੇ ਨਾਲ ਸਮਾਂ ਕੱਟ, ਤੇਰੇ ਬੱਚੇ ਦਾ ਕੀ ਬਣੂ, ਖਬਰੈ ਅੱਗੇ ਕਿਹੋ ਜਿਹਾ ਮਾੜਾ ਬੰਦਾ ਟੱਕਰੇਗਾ, ਰੱਬ ਨੇ ਤੈਨੂੰ ਪੁੱਤ/ਧੀ ਦੇ ਦਿੱਤਾ ਇਸ ਨੂੰ ਪਾ.ਲ, ਹੁਣ ਤੂੰ ਵਿਆਹ ਕਰਵਾਉਂਦੀ ਚੰਗੀ ਨਹੀਂ ਲੱਗਦੀ, ਜੇ ਬੱਚੇ ਛੋਟੇ ਹੋਏ ਤਾਂ ਕਹਿਣਗੇ ਹੁਣ ਤੂੰ ਵਿਆਹ ਕਰਵਾ ਕੇ ਸਾਨੂੰ ਰੋ.ਲੇਂਗੀ, ਜੇ ਵੱਡੇ ਹੋਏ ਤਾਂ ਕਹਿਣਗੇ ਹੁਣ ਅਸੀਂ ਜਵਾਨ ਜਾਂ ਬਾਲ ਬੱਚਿਆਂ ਵਾਲੇ ਹੋ ਗਏ ਹਾਂ ਹੁਣ ਤੂੰ ਸਾਡੀ ਇੱਜਤ ਪੱਟੇਂਗੀ, ਹੁਣ ਤੈਨੂੰ ਵਿਆਹ ਦੀ ਕੀ ਲੋੜ ਹੈ ਆਦਿ। ਇਸੇ ਤਰ੍ਹਾਂ ਜੇ ਕਿਸੇ ਦੀ ਪਤਨੀ ਮਰ ਜਾਵੇ ਤਾਂ ਪਤੀ ਨੂੰ ਸਮਾਜ ਕਹੇਗਾ ਬੱਸ ਤੇਰੇ ਕਰਮਾ ਵਿੱਚ ਪਤਨੀ ਦਾ ਇੰਨਾ ਹੀ ਸੁੱਖ ਸੀ ਹੁਣ ਤੂੰ ਆਪਣੇ ਇਸੇ ਬੱਚੇ ਨਾਲ ਸਮਾਂ ਕੱਟ, ਤੇਰੇ ਬੱਚੇ ਦਾ ਕੀ ਬਣੂ, ਖਬਰੈ ਅੱਗੇ ਕਿਹੋ ਜਿਹੀ ਮਾੜੀ ਤੀਵੀਂ ਟੱਕਰੇਗੀ, ਮਤੇਰ ਮਾਂ ਤਾਂ ਚੰਗੀ ਹੋ ਹੀ ਨਹੀਂ ਸਕਦੀ, ਰੱਬ ਨੇ ਤੈਨੂੰ ਪੁੱਤ/ਧੀ ਦੇ ਦਿੱਤਾ ਇਸ ਨੂੰ ਪਾ.ਲ, ਹੁਣ ਤੂੰ ਵਿਆਹ ਕਰਵਾਉਂਦਾ ਚੰਗਾ ਨਹੀਂ ਲੱਗਦਾ, ਜੇ ਬੱਚੇ ਛੋਟੇ ਹੋਏ ਤਾਂ ਕਹਿਣਗੇ ਹੁਣ ਤੂੰ ਵਿਆਹ ਕਰਵਾ ਕੇ ਸਾਨੂੰ ਰੋ.ਲੇਂਗਾ, ਜੇ ਵੱਡੇ ਹੋਏ ਤਾਂ ਕਹਿਣਗੇ ਹੁਣ ਅਸੀਂ ਜਵਾਨ ਜਾਂ ਬਾਲ ਬੱਚਿਆਂ ਵਾਲੇ ਹੋ ਗਏ ਹਾਂ ਹੁਣ ਤੂੰ ਸਾਡੀ ਇੱਜਤ ਪੱਟੇਂਗਾ, ਹੁਣ ਤੈਨੂੰ ਵਿਆਹ ਦੀ ਕੀ ਲੋੜ ਹੈ ਆਦਿ। ਇਹ ਹੈ ਸਾਡਾ ਪਿਆਰ, ਰਿਸ਼ਤੇ ਅਤੇ ਸਮਾਜ। ਅਜਿਹੇ ਸਮਾਜ ਨੂੰ ਸਵਾਲ ਤਾਂ ਕਰਨਾ ਬਣਦਾ ਹੀ ਹੈ, ਕਿ ਕੀ ਮਾਪਿਆਂ ਦੀ ਸੋਚ ਅਨੁਸਾਰ ਹੀ ਬੱਚਿਆਂ ਦਾ ਵਿਆਹ ਕਰਵਾਉਣਾ ਜਾਂ ਕੀ ਬੱਚਿਆਂ ਦੀ ਸੋਚ ਅਨੁਸਰ ਹੀ ਮਾਪਿਆਂ ਦਾ ਵਿਆਹ ਨਾ ਕਰਵਾਉਣਾ ਹੀ ਚੰਗਾ ਹੈ? ਕੀ ਇਨਸਾਨ ਦੀ ਆਪਣੀ ਕੋਈ ਜਿੰਦਗੀ ਨਹੀਂ ਹੈ ਜੋ ਉਹ ਆਪਣੀ ਸੋਚ ਅਨੁਸਾਰ ਜਿਉਂ ਸਕੇ? ਕੀ ਜਿੰਦਗੀ ਦਾ ਮਨੋਰਥ ਬੱਚੇ ਪੈਦਾ ਕਰਕੇ ਪਲਣ ਤੋਂ ਵੱਧ ਹੋਰ ਕੁੱਝ ਵੀ ਨਹੀਂ ਹੁੰਦਾ? ਅਸੀਂ ਆਪਣੇ ਲਈ ਕਦੋਂ ਜਿਊਂਣਾ ਸਿੱਖਾਂਗੇ ਜਾਂ ਜਿਉਣ ਲੱਗਾਂਗੇ, ਪਹਿਲਾਂ ਬੱਚੇ ਮਾਪਿਆਂ ਅਨੁਸਾਰ ਜਿਊਂਣ, ਫਿਰ ਮਾਪੇ ਬੱਚਿਆਂ ਅਨੁਸਾਰ ਜਿਊਂਣ, ਜਿੰਨਾ ਜਵਾਨ ਬੱਚਿਆਂ ਨੂੰ ਮਾਪਿਆਂ ਵੱਲੋਂ ਆਪਣੀ ਸੋਚ ਅਨੁਸਾਰ ਨਾ ਚੱਲਣ ਦੇਣਾ ਜਾਂ ਆਪਣੀ ਪਸੰਦ ਦਾ ਵਿਆਹ ਨਾ ਕਰਵਾਉਣ ਦੇਣਾ ਗਲਤ ਹੈ, ਉਨਾ ਹੀ ਜਵਾਨ ਬੱਚਿਆਂ ਵੱਲੋਂ ਮਾਪਿਆਂ ਨੂੰ ਆਪਣੀ ਸੋਚ ਅਨੁਸਾਰ ਨਾ ਚੱਲਣ ਦੇਣਾ, ਆਪਣੀ ਲੋੜ ਮੁਤਾਬਿਕ ਵਿਆਹ ਨਾ ਕਰਵਾਉਣ ਦੇਣਾ ਜਾਂ ਉਹਨਾ ਦੀਆਂ ਵੰਡੀਆਂ ਪਾਉਣਾ ਵੀ ਗਲਤ ਹੈ। ਕਿਤੇ ਮਾਪੇ ਬੱਚਿਆਂ ਦੇ ਭੋਲੇਪਣ ਜਾਂ ਨਿਆਣੇਪਣ ਅਤੇ ਆਪਣੇ ਵੱਡੇਪਣ ਦਾ ਲਾਭ ਉਠਾਉਂਦਿਆਂ ਬੱਚਿਆਂ ਨੂੰ ਆਪਣੀ ਸੋਚ ਅਨੁਸਾਰ ਜਾਤੀ ਜਾਂ ਧਾਰਮਿਕ ਰੰਗਾਂ ਵਿੱਚ ਰੰਗ ਰਹੇ ਹਨ, ਮੈਂ ਅਜਿਹੇ ਮਾਪਿਆਂ ਦੀਆਂ ਵਧੀਕੀਆਂ ਦਾ ਸ਼ਿਕਾਰ ਹੋਏ ਸਮਝਦਾਰ ਬੱਚੇ ਵੀ ਰੋਂਦੇ ਵੇਖੇ ਹਨ। ਕਿਤੇ ਜਵਾਨ ਹੋਏ ਬੱਚੇ ਆਪਣੀ ਤਾਕਤ ਅਤੇ ਮਾਪਿਆਂ ਦੀ ਬੇਵਸੀ ਦਾ ਨਾਜਾਇਜ ਫਾਇਦਾ ਉਠਾਉਂਦਿਆਂ ਆਪਣੀ ਸੋਚ ਅਨੁਸਾਰ ਮਾਪਿਆਂ ਦੀ ਸੋਚ ਦੇ ਰੰਗਾਂ ਨੂੰ ਉਤਾਰ ਰਹੇ ਹਨ, ਅਜਿਹੇ ਬੱਚਿਆਂ ਦੀਆਂ ਵਧੀਕੀਆਂ ਦਾ ਸ਼ਿਕਾਰ ਹੋਏ ਮਾਪੇ ਆਪਣੇ ਹੰਝੂ ਛੁਪਾ ਕੇ ਰੋਂਦੇ ਵੀ ਵੇਖੇ ਹਨ, ਜਿੰਨਾ ਦੇ ਬੱਚੇ ਅੱਡ ਹੋਣ ਸਮੇਂ ਮਾਂ ਪਿਓ ਨੂੰ ਇਕੱਠਿਆਂ ਰੋਟੀ ਦੇਣ ਦੀ ਥਾਂ ਜਾਇਦਾਦ ਦੇ ਨਾ.ਲ ਨਾ.ਲ ਉਹਨਾ ਨੂੰ ਵੀ ਅੱਧੋ ਅੱਧ ਵੰਡ ਕੇ ਵੱਖ ਵੱਖ ਕਰਦਿਆਂ ਇਕੱਲੇ ਇਕੱਲੇ ਨੂੰ ਤੜਪ ਤੜਪ ਕੇ ਰੋਣ ਲਈ ਮਜਬੂਰ ਕਰ ਦਿੰਦੇ ਹਨ, ਜਿੱਥੇ ਉਹਨਾ ਦੇ ਕੋਈ ਹੰਝੂ ਪੂੰਝਣ ਵਾਲਾ ਵੀ ਨਹੀਂ ਹੁੰਦਾ, ਅਜਿਹੇ ਮਾਪੇ ਆਪਣੇ ਘਰ ਵਿੱਚ ਹੀ ਕੈਦੀ ਬਣ ਕੇ ਰਹਿ ਜਾਂਦੇ ਹਨ, ਨਾਰੀਨਿਕੇਤਨਾਂ ਵਿੱਚ ਰੁ.ਲ ਰਹੇ ਬੱਚੇ ਅਤੇ ਬਿਰਧ ਆਸ਼ਰਮਾਂ ਵਿੱਚ ਰੁ.ਲ ਰਹੇ ਮਾਪੇ ਸਾਡੇ ਇਸ ਵਰਤਾਰੇ ਦੀਆਂ ਪਰਤੱਖ ਉਦਾਹਰਣਾ ਹਨ। ਮਾਪੇ ਬੱਚਿਆਂ ਦੀ ਖੁਸ਼ੀ ਲਈ ਹਰ ਸੰਭਵ ਅਸੰਭਵ ਯਤਨ ਕਰਦੇ ਹਨ, ਮਾਪੇ ਆਪਣਾ ਸੁੱਖ ਅਰਾਮ ਤਿਆਗ ਕੇ ਬੱਚਿਆਂ ਦੇ ਵੇਖਣ, ਸੁਣਨ, ਖਾਣ-ਪੀਣ, ਪਹਿਨਣ ਅਤੇ ਰਹਿਣ ਸਹਿਣ ਦੀ ਹਰ ਵਸਤੂ ਮੁਹੱਈਆ ਕਰਵਾਉਣ ਦੀ ਕੋਸ਼ਿਸ਼ ਕਰਦੇ, ਇਸ ਦਾ ਮਤਲਬ ਇਹ ਨਹੀਂ ਹੁੰਦਾ ਕਿ ਮਾਪਿਆਂ ਨੂੰ ਆਪਣੇ ਮਨ ਪਸੰਦ ਦਾ ਵੇਖਣਾ, ਸੁਣਨਾ, ਖਾਣਾ-ਪੀਣਾ, ਪਹਿਨਣਾ ਅਤੇ ਰਹਿਣਾ ਸਹਿਣਾ ਚੰਗਾ ਨਹੀਂ ਲੱਗਦਾ, ਅਜਿਹਾ ਕੁੱਝ ਚੰਗਾ ਉਹਨਾ ਨੂੰ ਵੀ ਬੱਚਿਆਂ ਵਾਂਗ ਹੀ ਲੱਗਦਾ ਹੁੰਦਾ ਹੈ, ਪਰ ਉਹ ਬੱਚਿਆਂ ਦੀਆਂ ਖੁਸ਼ੀਆਂ ਲਈ ਆਪਣੀਆਂ ਖੁਸ਼ੀਆਂ ਅਤੇ ਪਸੰਦਾਂ ਉੱਤੇ ਕਾਬੂ ਪਾ ਕੇ ਰੱਖਦੇ ਹਨ, ਕਿ ਆਪਣਾ ਤਾਂ ਕੀ ਹੈ, ਪਰ ਇਹ ਚੀਜਾਂ ਬੱਚਿਆਂ ਨੂੰ ਮਿਲਣੀਆਂ ਚਾਹੀਂਦੀਆਂ ਹਨ। ਪਰ ਆਪਣੇ ਬੱਚਿਆਂ ਨੂੰ ਹਰ ਸੈਅ ਮੁਹੱਈਆ ਕਰਵਾਉਣ ਵਾਲੇ ਮਾਪੇ ਅਖੀਰ ਹਰ ਸੈਅ ਤੋਂ ਵਾਂਝੇ ਹੋ ਕੇ ਆਪਣੀ ਜਿੰਦਗੀ ਨੂੰ ਖੁਦ ਲਈ ਨਾ ਜਿਉਣ ਦੇ ਪਛੋਤਾਵੇ ਵਿੱਚ ਬੈਠੇ ਮੌਤ ਦੀ ਉਡੀਕ ਕਰ ਰਹੇ ਹੁੰਦੇ ਹਨ। ਜਿਹੜੇ ਘਰਾਂ ਵਿੱਚ ਮਾਪਿਆਂ ਅਤੇ ਬੱਚਿਆਂ ਦੇ ਰਿਸ਼ਤਿਆਂ ਅਤੇ ਪਿਆਰ ਦੇ ਰੰਗ ਗੂੜ੍ਹੇ ਹਨ, ਜੋ ਇੰਨਸਾਨੀ ਕਦਰਾਂ ਕੀਮਤਾਂ ਨੂੰ ਸਮਝਦੇ ਹਨ, ਉਹਨਾ ਘਰਾਂ ਵਿੱਚ ਨਸ਼ੇ, ਲੜਾਈਆਂ-ਝਗੜੇ, ਕਤਲ ਜਾਂ ਖੁਦਕੁਸੀਆਂ ਜਿਹੀਆਂ ਸਮਾਜਿਕ ਬੁਰਾਈਆਂ ਜਨਮ ਨਹੀਂ ਲੈਂਦੀਆਂ। ਪਰ ਜਿਹੜੇ ਘਰਾਂ ਵਿੱਚ ਇਨਸਾਨੀ ਕਦਰਾਂ ਕੀਮਤਾਂ ਦੀ ਘਾਟ, ਆਪਸੀ ਤਾਲਮੇਲ, ਇੱਕ ਦੂਜੇ ਦੀਆਂ ਸੋਚਾਂ ਅਤੇ ਲੋੜਾਂ ਨੂੰ ਸਮਝਣ, ਸਮਝਾਉਣ ਦੀ ਕਮੀਂ ਹੁੰਦੀ ਹੈ ਉੱਥੇ ਹੀ ਨਸ਼ੇ, ਲੜਾਈਆਂ-ਝਗੜੇ, ਕਤਲ ਜਾਂ ਖੁਦਕੁਸੀਆਂ ਵਰਗੀਆਂ ਭੈੜੀਆਂ ਘਟਨਾਵਾਂ ਵਾਪਰਦੀਆਂ ਹਨ, ਪਰ ਅਫਸੋਸ ਕਿ ਅਸੀਂ ਆਪਣੇ ਅੰਦਰ ਝਾਤੀ ਮਾਰਨ ਜਾਂ ਆਪਣੀਆਂ ਕਮੀਆਂ ਨੂੰ ਸਮਝਣ ਦੀ ਥਾਂ ਸਾਰੇ ਦੋਸ਼ ਸਰਕਾਰਾਂ ਸਿਰ ਮੜ੍ਹ ਕੇ ਆਪ ਸੁਰਖਰੂ ਹੋ ਜਾਂਦੇ ਹਾਂ, ਜਿਸ ਕਾਰਨ ਇਹ ਵਰਤਾਰਾ ਵੱਧ ਰਿਹਾ ਹੈ। ਬੇਸੱਕ ਸਰਕਾਰਾਂ ਵੀ ਆਪਣੀ ਡਿਊਟੀ ਸਹੀ ਨਹੀਂ ਨਿਭਾਅ ਰਹੀਆਂ, ਪਰ ਕੀ ਅਸੀਂ ਆਪਣੇ ਫਰਜਾਂ ਨੂੰ ਸਮਝ ਰਹੇ ਹਾਂ? ਨਹੀਂ। ਸਾਡੇ ਰਿਸ਼ਤਿਆਂ ਅਤੇ ਪਿਆਰ ਦੇ ਰੰਗ ਤਾਂ ਇੰਨੇ ਫਿੱਕੇ ਪੈ ਚੁੱਕੇ ਹਨ ਕਿ ਅਸੀਂ ਸਾਡੀਆਂ ਪਰਿਵਾਰਕ ਕਮੀਆਂ, ਲੜਾਈਆਂ ਝਗੜਿਆਂ ਕਾਰਨ ਛੋਟੇ ਵੱਡਿਆਂ ਵੱਲੋਂ ਕੀਤੀਆਂ ਖੁਦਕੁਸੀਆਂ ਨੂੰ ਬੇਰੁਜਗਾਰੀ ਅਤੇ ਆਰਥਿਕਤਾ ਨਾਲ ਜੋੜ ਕੇ ਉਸ ਦਾ ਵੀ ਮੁੱਲ ਵੱਟ ਲੈਂਦੇ ਹਾਂ। ਇਹ ਹੈ ਸਾਡੇ ਰਿਸਤਿਆਂ, ਪਿਆਰ ਅਤੇ ਸਮਾਜ ਦੀ ਤਰਾਸਦੀ। ਬੱਚਿਓ ਅਤੇ ਮਾਪਿਓ ਸਮਝ ਜਾਓ, ਆਪਣੀਆਂ ਜਿੱਦਾਂ, ਬੰਦਸਾਂ, ਅਖੌਤੀ ਇੱਜਤਾਂ, ਜਾਤਾਂ ਅਤੇ ਧਰਮਾਂ ਨੂੰ ਛੱਡ ਕੇ ਆਪਣੇ ਰਿਸ਼ਤਿਆਂ ਅਤੇ ਪਿਆਰ ਨੂੰ ਬਚਾ ਕੇ ਸੋਹਣਾ, ਪਿਆਰਾ ਅਤੇ ਅਜਾਦ ਸਮਾਜ ਸਿਰਜ ਲਓ, ਇਹਨਾ ਜਿੱਦਾਂ, ਬੰਦਸਾਂ, ਅਖੌਤੀ ਇੱਜਤਾਂ, ਜਾਤਾਂ ਅਤੇ ਧਰਮਾਂ ਨੇ ਤੁਹਾਡੇ ਕੋਲ ਸੱਭ ਕੁੱਝ ਪੈਸਾ, ਕਾਰਾਂ, ਕੋਠੀਆਂ ਆਦਿ ਹੁੰਦਿਆਂ ਵੀ ਜਿੰਦਗੀ ਦਾ ਅਨੰਦ ਨਹੀਂ ਆਉਣ ਦੇਣਾ। ਇਸ ਲਈ ਆਓ ਅਸੀਂ ਸਾਰੇ ਰ.ਲ ਕੇ ਅਪਣੀਆਂ ਜਿੱਦਾਂ, ਬੰਦਸਾਂ, ਅਖੌਤੀ ਇੱਜਤਾਂ, ਜਾਤਾਂ ਅਤੇ ਧਰਮਾਂ ਨੂੰ ਛੱਡ ਕੇ ਇੱਕ ਦੂਜੇ ਉੱਤੇ ਆਪਣੀ ਸੋਚ ਥੋਪ ਕੇ ਪਿਆਰੇ ਰਿਸ਼ਤਿਆਂ ਦੇ ਰੰਗਾਂ ਨੂੰ ਫਿੱਕਾ ਕਰਕੇ ਨਫਰਤਾਂ ਫੈਲਾਉਣ, ਨਸ਼ੇ ਜਾਂ ਖੁਦਕੁਸ਼ੀਆਂ ਕਰਨ ਦੀ ਥਾਂ ਆਪੋ ਆਪਣੀ ਸੋਚ ਅਨੁਸਾਰ ਜਿੰਦਗੀ ਜਿਉਣ ਲਈ ਇੱਕ ਦੂਜੇ ਦਾ ਸਾਥ ਦੇ ਕੇ ਪਿਆਰੇ ਰਿਸ਼ਤਿਆਂ ਦੇ ਰੰਗਾਂ ਨੂੰ ਹੋਰ ਵੀ ਗੂੜਾ ਕਰੀਏ। ਇੱਥੇ ਮੇਰਾ ਇਹ ਮਤਲਬ ਨਹੀਂ ਹੈ ਕਿ ਸਾਨੂੰ ਇੱਕ ਦੂਜੇ ਦੀ ਗੱਲ ਨਹੀਂ ਮੰਨਣੀ ਚਾਹੀਂਦੀ ਜਾਂ ਆਪੋ ਧਾਪੀ ਕਰਨੀ ਚਾਹੀਂਦੀ ਹੈ, ਨਹੀਂ ਮੈਂ ਤਾਂ ਚਾਹੁੰਦਾ ਹਾਂ ਕਿ ਸਾਨੂੰ ਰਿਸ਼ਤਿਆਂ ਵਿੱਚ ਪਿਆਰ ਕਾਇਮ ਰੱਖਣ ਲਈ ਆਪਣਿਆਂ ਬੱਚਿਆਂ/ਮਾਪਿਆਂ ਦੀਆਂ ਭਾਵਨਾਵਾਂ (ਲੋੜਾਂ ਅਤੇ ਸੋਚਾਂ) ਦਾ ਧਿਆਨ ਰੱਖਦਿਆਂ ਹਰ ਗੱਲ ਤੇ ਆਪਸ ਵਿੱਚ ਮਿਲ ਬੈਠ ਕੇ ਵਿਚਾਰ ਕਰਨੀ ਚਾਹੀਂਦੀ ਹੈ, ਕਿਸੇ ਦੀ ਗੱਲ ਨੂੰ ਵੱਡਿਆਂ ਜਾਂ ਛੋਟਿਆਂ ਦੀ ਇੱਜਤ ਦਾ ਸਵਾਲ ਬਣਾਉਣ ਜਾਂ ਦੂਜੇ ਦੀ ਜਿੰਦਗੀ ਵਿੱਚ ਰੁਕਾਵਟ ਪਾਉਣ ਦੀ ਥਾਂ ਸਹਿਯੋਗ ਦੇਣਾ ਚਾਹੀਂਦਾ ਹੈ, ਬੇਸ਼ੱਕ ਕਾਨੂੰਨ ਨੇ ਸਾਨੂੰ ਸੱਭ ਨੂੰ ਅਜਿਹੇ ਹੱਕ ਦਿੱਤੇ ਹੋਏ ਹਨ, ਕਿ ਕੋਈ ਕਿਸੇ ਦੀ ਨਿੱਜੀ ਜਿੰਦਗੀ ਵਿੱਚ ਦਖਲ ਨਹੀਂ ਦੇ ਸਕਦਾ, ਪਰ ਜੇ ਉਹ ਜਾਇਜ ਹੱਕ ਵੀ ਅਸੀਂ ਆਪਸ ਵਿੱਚ ਲੜ ਕੇ, ਰਿਸ਼ਤੇ ਅਤੇ ਪਿਆਰ ਗਵਾ ਕੇ ਪ੍ਰਾਪਤ ਕੀਤੇ ਫਿਰ ਵੀ ਕੀ ਫਾਇਦਾ ਹੋਇਆ, ਕਿੰਨਾ ਚੰਗਾ ਹੋਵੇ ਕਿ ਜੇ ਅਸੀਂ ਇੱਕ ਦੂਜੇ ਤੋਂ ਹੱਕ ਲੈਣ ਲਈ ਲੜ ਕੇ ਹੱਥ ਉਠਾਉਣ ਦੀ ਥਾਂ, ਇੱਕ ਦੂਜੇ ਨੂੰ ਉਸ ਦੇ ਹੱਕ ਦੇਣ ਲਈ ਪਿਆਰ ਨਾਲ ਹੱਥ ਅੱਗੇ ਵਧਾਈਏ, ਫਿਰ ਉਹਨਾ ਉੱਠੇ ਹੱਥਾਂ ਵਿੱਚੋਂ ਨਫਰਤ ਦੀ ਥਾਂ ਸਾਡੇ ਰਿਸ਼ਤਿਆਂ ਦਾ ਪਿਆਰ ਝਲਕੇਗਾ ਅਤੇ ਸਾਡਾ ਸਾਰਾ ਸਮਾਜ ਹੀ ਪਿਆਰ ਦੇ ਗੂੜੇ ਰੰਗ ਵਿੱਚ ਰੰਗਿਆ ਜਾਵੇਗਾ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਬਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

SUNSHINE AUTO CARE INC.

WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS


hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA · MasterCard · AMERICAN EXPRESS · DISCOVER NETWORK

1003 Moffat Blvd,
Manteca CA 95336

209-239-1551

Chevron
TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348


WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108, FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


ਸ੍ਰੀ ਗੁਰੂ ਰਵਿਦਾਸ ਟੈਂਪਲ (ਕੈਲੀਫ਼ੋਰਨੀਆ)
ਧੰਨ ਧੰਨ ਸ੍ਰੀ ਗੁਰੂ ਰਵਿਦਾਸ ਜੀ
ਬੋਲੇ ਸੋ ਨਿਰਭੈ ! ਗੁਰੁ ਰਵਿਦਾਸ ਮਹਾਰਾਜ ਜੀ ਕੀ ਜੈ !
ਗੁਰਪੁਰਬ ਸ੍ਰੀ ਗੁਰੂ ਰਵਿਦਾਸ ਜੀ
30 ਜਨਵਰੀ – 1 ਫ਼ਰਵਰੀ, 2026
ਸ੍ਰੀ ਗੁਰੂ ਰਵਿਦਾਸ ਟੈਂਪਲ ਕੈਲੀਫ਼ੋਰਨੀਆ, ਪਿਟਸਬਰਗ ਵੱਲੋਂ
ਸਤਿਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਉਤਸਵ ਦੀ ਖੁਸ਼ੀ ਵਿੱਚ ਐਤਵਾਰ, 1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਸਮਾਗਮ ਕਰਵਾਇਆ ਜਾ ਰਿਹਾ ਹੈ :
ਪ੍ਰੋਗਰਾਮ ਦੀ ਵੇਰਵਾ
ਅਰੰਭ ਸ੍ਰੀ ਅਖੰਡ ਪਾਠ ਸਾਹਿਬ
30 ਜਨਵਰੀ 2026 (ਸ਼ੁੱਕਰਵਾਰ) ਸਵੇਰੇ 9:30 ਵਜੇ
ਨਿਸ਼ਾਨ ਸਾਹਿਬ ਦੀ ਸੇਵਾ
31 ਜਨਵਰੀ 2026 (ਸ਼ਨੀਚਰਵਾਰ) ਸਵੇਰੇ 11:00 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ
1 ਫ਼ਰਵਰੀ 2026 (ਐਤਵਾਰ) ਸਵੇਰੇ 9:30 ਵਜੇ
ਕੀਰਤਨ ਦੀਵਾਨ
ਭੋਗ ਉਪਰਾਂਤ ਦੁਪਹਿਰ 2:00 ਵਜੇ ਤੱਕ
ਸਾਧ ਸੰਗਤ ਵੱਲੋਂ ਇਸ ਸਮਾਗਮ ਦੌਰਾਨ ਲੰਗਰ, ਪਾਠ ਅਤੇ ਪਰਸ਼ਾਦ ਦੀ ਸੇਵਾ ਕੀਤੀ ਜਾਵੇਗੀ।
ਗਿਆਨੀ ਬਲਵਿੰਦਰ ਸਿੰਘ
ਭਾਈ ਸੁਖਵਿੰਦਰ ਸਿੰਘ ਰਾਜੂ (ਹਜ਼ੂਰੀ ਰਾਗੀ)
ਗਿਆਨੀ ਨਿਸ਼ਾਨ ਸਿੰਘ ਦੇ ਜਥੇ
ਗੁਰੂ ਕਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕਰਨਗੇ।
ਹੈਲਥ ਕੈਂਪ :
1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੈਲਥ ਕੈਂਪ ਲਗਾਇਆ ਜਾਵੇਗਾ।
4 ਡਾਕਟਰ ਇਸ ਸੇਵਾ ਲਈ ਪਹੁੰਚ ਰਹੇ ਹਨ।
ਸਮਾਂ: ਸਵੇਰੇ 10:30 ਵਜੇ ਤੋਂ ਦੁਪਹਿਰ 1:30 ਵਜੇ ਤੱਕ
ਸਟਾਲਾਂ ਜਾਂ ਹੋਰ ਸੇਵਾਵਾਂ ਲਈ ਸੰਪਰਕ ਕਰੋ :
ਪ੍ਰਧਾਨ: ਵਿਨੋਦ ਕੁਮਾਰ – (408) 718-2506 ਜਨਰਲ ਸਕੱਤਰ: ਸੁਨੀਤਾ ਸਿੰਘ – (415) 233-3319
ਸਾਰੀ ਸੰਗਤ ਨੂੰ ਪਰਿਵਾਰ ਅਤੇ ਦੋਸਤਾਂ ਸਮੇਤ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਅਤੇ ਸਤਿਗੁਰੂ ਰਵਿਦਾਸ ਜੀ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ ਦੀ ਨਿਮਰ ਬੇਨਤੀ ਹੈ।
ਸੰਗਤ ਸੇਵਾਦਾਰ : ਪ੍ਰਧਾਨ : ਵਿਨੋਦ ਕੁਮਾਰ : ਜਨਰਲ ਸਕੱਤਰ : ਸੁਨੀਤਾ ਸਿੰਘ ਖ਼ਜ਼ਾਨਚੀ : ਜਸਵੀਰ ਚਾਹਲ
Address : 2150 Crestview Dr, Pittsburg, CA 94565, United States

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਰੰਧਾਵਾ ਪਰਿਵਾਰ ਵੱਲੋਂ ਪਿੰਡ ਦਾਦੂਵਾਲ ਦੇ ਸਕੂਲ 'ਚ ਬਣਾਈ ਗਈ ਸ਼ੈੱਡ ਗ੍ਰਾਮ ਪੰਚਾਇਤ ਵੱਲੋਂ ਰੰਧਾਵਾ ਪਰਿਵਾਰ ਦਾ ਕੀਤਾ ਗਿਆ ਸਨਮਾਨ

ਦਾਦੂਵਾਲ
ਸਾਂਝੀ ਸੋਚ ਬਿਊਰੋ

ਭਾਰਤ ਤੋਂ ਆਪਣੀ ਰੋਜ਼ੀ-ਰੋਟੀ ਕਮਾਉਣ ਲਈ ਲੱਖਾ ਲੋਕ ਵਿਦੇਸ਼ਾਂ 'ਚ ਜਾ ਵੱਸੇ ਹਨ ਅਤੇ ਉਹਨਾਂ ਵਿੱਚੋਂ ਬਹੁਤ ਸਾਰੇ ਪਰਿਵਾਰ ਅਜਿਹੇ ਹਨ ਜਿਨਾਂ ਨੇ ਪੂਰੀ ਦੁਨੀਆਂ ਵਿੱਚ ਆਪਣਾ, ਆਪਣੇ ਪਿੰਡ, ਸ਼ਹਿਰ ਅਤੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ, ਪਰ ਅਜਿਹੇ ਲੋਕਾਂ ਵਿੱਚੋਂ ਬਹੁਤ ਘੱਟ ਲੋਕ ਅਜਿਹੇ ਹੁੰਦੇ ਹਨ ਜੋਕਿ ਇੱਕ ਵਧੀਆ ਮੁਕਾਮ ਹਾਸਲ ਕਰਨ ਤੋਂ ਬਾਅਦ ਆਪਣੇ ਪਿੰਡ, ਸ਼ਹਿਰ ਜਾਂ ਕਿਸੇ ਸੰਸਥਾ ਨਾਲ ਜੁੜੇ ਰਹਿੰਦੇ ਹਨ। ਅਜਿਹਾ ਹੀ ਇਕ ਪਰਿਵਾਰ ਹੈ ਰੰਧਾਵਾ ਪਰਿਵਾਰ ਦੇ ਮੰਗਾ ਸਿੰਘ ਰੰਧਾਵਾ, ਇੰਦਰਜੀਤ ਸਿੰਘ ਰੰਧਾਵਾ ਵੱਲੋਂ ਆਪਣੇ ਪਿਤਾ ਸਵ.ਸਾਧੂ ਸਿੰਘ ਰੰਧਾਵਾ ਅਤੇ ਮਾਤਾ ਸਵ.ਚਰਨ ਕੌਰ ਰੰਧਾਵਾ ਦੀ ਯਾਦ 'ਚ ਪਿੰਦ ਦਾਦੂਵਾਲ ਦੇ ਸਰਕਾਰੀ ਸੀਨੀ.ਸੈਕੰਡਰੀ ਸਕੂਲ 'ਚ ਮਲਟੀਪਰਪਜ਼ ਸ਼ੈੱਡ ਦੀ ਉਸਾਰੀ ਕਰਵਾਈ। ਜਿਸ ਦਾ ਉਦਘਾਟਨ ਉਲੰਪੀਅਨ ਅਤੇ ਵਿਧਾਇਕ ਪ੍ਰਗਟ ਸਿੰਘ ਨੇ ਕੀਤਾ।ਉਹਨਾਂ ਨੇ ਰੰਧਾਵਾ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਪਰਿਵਾਰ ਤੋਨ ਬਾਕੀ ਪ੍ਰਵਾਸੀ ਭਾਰਤੀਆਂ ਨੂੰ ਵੀ ਸੇਧ ਲੈਣੀ ਚਾਹੀਦੀ ਹੈ। ਜਿਨਾਂ ਨੇ ਅਮਰੀਕਾ ਰਹਿੰਦਿਆਂ ਚਾਹੇ ਸਫਲਤਾ ਦੀਆਂ ਪੌੜੀਆਂ ਚੜਦਿਆਂ ਬਹੁਤ ਉੱਚਾ ਮੁਕਾਮ ਹਾਸਲ ਕਰ ਲਿਆ, ਪਰ ਉਹ ਆਪਣੇ ਪਿੰਡ ਨੂੰ ਨਹੀਂ ਭੁੱਲੇ ਅਤੇ ਉਹਨਾਂ ਨੇ ਆਪਣੇ ਪਿੰਦ ਦਾਦੂਵਾਲ ਦੇ ਸਕੂਲ ਦਾ ਵਿਕਾਸ ਕਰਨ ਦਾ ਟੀਚਾ ਮਿਥਿਆ। ਰੰਧਾਵਾ ਪਰਿਵਾਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾਦੂਵਾਲ ਵਿਖੇ ਬੱਚਿਆਂ ਵਾਸਤੇ ਸ਼ੈਡ ਬਣਾ ਕੇ ਦਿੱਤੀ ਗਈ ਹੈ।ਬੀਤੇ ਦਿਨ ਦਾਦੂਵਾਲ ਪਿੰਡ ਦੀ ਗ੍ਰਾਮ ਪੰਚਾਇਤ ਵੱਲੋਂ ਮੰਗਾ ਸਿੰਘ ਰੰਧਾਵਾ, ਇੰਦਰਜੀਤ ਸਿੰਘ ਰੰਧਾਵਾ ਅਤੇ ਨਗਰ ਵਿੱਚ ਆਏ ਹੋਏ ਹੋਰ ਐਨਆਰਆਈ ਵੀਰਾਂ ਦਾ ਸਨਮਾਨ ਕੀਤਾ ਗਿਆ।ਜਿਨਾਂ ਵਿੱਚ ਸਰਦਾਰ ਮਨੋਹਰ ਸਿੰਘ ਬਾਸੀ, ਬਲਵੀਰ ਸਿੰਘ ਲੰਬੜਦਾਰ, ਸੁਖਦੇਵ ਸਿੰਘ ਸਮਰਾ, ਬਲਵਿੰਦਰ ਸਿੰਘ ਜੌਹਲ, ਠੇਕੇਦਾਰ ਸਰਵਣ ਰਾਮ ਵੀ ਹਾਜ਼ਰ ਸਨ।2024 'ਚ ਇੰਦਰਜੀਤ ਸਿੰਘ ਰੰਧਾਵਾ ਦੇ ਪੁੱਤਰ ਡਾ. ਹਰਮਨਜੀਤ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਵਰਦੀਆਂ ਅਤੇ ਕਾਪੀਆਂ-ਕਿਤਾਬਾਂ ਵੀ ਵੰਡੀਆ ਸਨ।








# ਟਰੰਪ ਨੇ ਨਰਿੰਦਰ ਮੋਦੀ ਨੂੰ ਸ਼ਾਂਤੀ ਬੋਰਡ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਭਾਰਤ ਅਤੇ ਅਮਰੀਕਾ ਦੇ ਕੂਟਨੀਤਕ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਪਲ ਵਿੱਚ, ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਟਵੀਟ ਕੀਤਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਜੇ. ਟਰੰਪ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸ਼ਾਂਤੀ ਬੋਰਡ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਹੈ। ਇਸ ਸੱਦੇ ਦਾ ਉਦੇਸ਼ ਗਾਜ਼ਾ ਵਿੱਚ ਸਥਾਈ ਸ਼ਾਂਤੀ ਸਥਾਪਤ ਕਰਨਾ ਅਤੇ ਵਿਸ਼ਵ ਪੱਧਰ 'ਤੇ ਸਥਿਰਤਾ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨਾ ਦੱਸਿਆ ਗਿਆ ਹੈ। ਰਾਜਦੂਤ ਗੋਰ ਨੇ ਟਵੀਟ ਕੀਤਾ, "ਮੈਨੂੰ ਰਾਸ਼ਟਰਪਤੀ ਡੋਨਾਲਡ ਜੇ. ਟਰੰਪ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸ਼ਾਂਤੀ ਬੋਰਡ ਵਿੱਚ ਹਿੱਸਾ ਲੈਣ ਲਈ ਸੱਦਾ ਸੁਣ ਕੇ ਖੁਸ਼ੀ ਹੋਈ, ਜੋ ਗਾਜ਼ਾ ਵਿੱਚ ਸਥਾਈ ਸ਼ਾਂਤੀ ਲਿਆਏਗਾ। ਬੋਰਡ ਸਥਿਰਤਾ ਅਤੇ ਖੁਸ਼ਹਾਲੀ ਪ੍ਰਾਪਤ ਕਰਨ ਲਈ ਪ੍ਰਭਾਵਸ਼ਾਲੀ ਸ਼ਾਸਨ ਦਾ ਸਮਰਥਨ ਕਰੇਗਾ।" ਵਿਦੇਸ਼ ਨੀਤੀ ਮਾਹਿਰਾਂ ਦੇ ਅਨੁਸਾਰ, ਇਹ ਸੱਦਾ ਨਾ ਸਿਰਫ਼ ਭਾਰਤ ਅਤੇ ਅਮਰੀਕਾ ਵਿਚਕਾਰ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰੇਗਾ ਬਲਕਿ ਮੱਧ ਪੂਰਬ ਵਿੱਚ ਸ਼ਾਂਤੀ ਪ੍ਰਕਿਰਿਆ ਨੂੰ ਵੀ ਤੇਜ਼ ਕਰੇਗਾ। ਗਾਜ਼ਾ ਵਿੱਚ ਲਗਾਤਾਰ ਵਧਦੀ ਹਿੰਸਾ ਅਤੇ ਰਾਜਨੀਤਿਕ ਅਸਥਿਰਤਾ ਨੂੰ ਦੇਖਦੇ ਹੋਏ, ਇਸ ਕਦਮ ਨੂੰ ਇੱਕ ਸਕਾਰਾਤਮਕ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਅੰਤਰਰਾਸ਼ਟਰੀ ਭਾਈਚਾਰੇ ਦੁਆਰਾ ਸਥਾਪਿਤ ਸ਼ਾਂਤੀ ਬੋਰਡ ਦਾ ਉਦੇਸ਼ ਵਿਸ਼ਵਵਿਆਪੀ ਟਕਰਾਅ ਵਾਲੇ ਖੇਤਰਾਂ ਵਿੱਚ ਸਥਿਰਤਾ, ਸ਼ਾਂਤੀ ਅਤੇ ਪ੍ਰਭਾਵਸ਼ਾਲੀ ਸ਼ਾਸਨ ਨੂੰ ਉਤਸ਼ਾਹਿਤ ਕਰਨਾ ਹੈ। ਬੋਰਡ ਦੇ ਮੈਂਬਰ ਸ਼ਾਂਤੀ ਨਿਰਮਾਣ ਅਤੇ ਵਿਕਾਸ ਪ੍ਰੋਜੈਕਟਾਂ ਲਈ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਵੱਖ-ਵੱਖ ਦੇਸ਼ਾਂ ਦੇ ਨੇਤਾਵਾਂ ਅਤੇ ਮਾਹਰਾਂ ਨੂੰ ਜੋੜਦੇ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਪ੍ਰਧਾਨ ਮੰਤਰੀ ਮੋਦੀ ਦਾ ਬੋਰਡ ਵਿੱਚ ਸ਼ਾਮਲ ਹੋਣਾ ਭਾਰਤ ਦੀ ਗਲੋਬਲ ਕੂਟਨੀਤੀ ਅਤੇ ਅੰਤਰਰਾਸ਼ਟਰੀ ਮੰਚ 'ਤੇ ਸ਼ਾਂਤੀ ਨਿਰਮਾਣ ਵਿੱਚ ਇਸਦੀ ਸਰਗਰਮ ਭੂਮਿਕਾ ਨੂੰ ਦਰਸਾਉਂਦਾ ਹੈ। ਇਹ ਕਦਮ ਭਾਰਤ ਨੂੰ ਮੱਧ ਪੂਰਬੀ ਟਕਰਾਅ ਵਾਲੇ ਖੇਤਰਾਂ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਉਣ ਦਾ ਮੌਕਾ ਦੇਵੇਗਾ।

ਅਮਰੀਕੀ ਰਾਸ਼ਟਰਪਤੀ ਟਰੰਪ ਦੀ ਇਹ ਪਹਿਲ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰੇਗੀ। ਇਹ ਇੱਕ ਮਜ਼ਬੂਤ ਰਣਨੀਤਕ ਭਾਈਵਾਲੀ ਅਤੇ ਸੁਰੱਖਿਆ ਸਹਿਯੋਗ ਨੂੰ ਵੀ ਦਰਸਾਉਂਦੀ ਹੈ। ਇਹ ਭਾਰਤ ਅਤੇ ਅਮਰੀਕਾ ਦੋਵਾਂ ਨੂੰ ਅੰਤਰਰਾਸ਼ਟਰੀ ਮਾਮਲਿਆਂ ਵਿੱਚ ਇੱਕ ਸਾਂਝਾ ਪਲੇਟਫਾਰਮ ਪ੍ਰਦਾਨ ਕਰੇਗਾ, ਜਿੱਥੇ ਉਹ ਸ਼ਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸਮੂਹਿਕ ਕਾਰਵਾਈ ਕਰ ਸਕਦੇ ਹਨ। ਸੱਦੇ ਤੋਂ ਬਾਅਦ, ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਅਮਰੀਕੀ ਪ੍ਰਸਤਾਵ 'ਤੇ ਵਿਚਾਰ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਜਲਦੀ ਹੀ ਇੱਕ ਅੰਤਿਮ ਫੈਸਲਾ ਲਿਆ ਜਾਵੇਗਾ।



ਭਾਰਤ ਨੂੰ ਉਮੀਦ ਹੈ ਕਿ ਇਹ ਕਦਮ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਵਿੱਚ ਨਵੀਂ ਊਰਜਾ ਪੈਦਾ ਕਰੇਗਾ ਅਤੇ ਵਿਸ਼ਵ ਸ਼ਾਂਤੀ ਯਤਨਾਂ ਵਿੱਚ ਯੋਗਦਾਨ ਪਾਵੇਗਾ। ਵਿਦੇਸ਼ ਨੀਤੀ ਵਿਸ਼ਲੇਸ਼ਕਾਂ ਨੇ ਕਿਹਾ ਹੈ ਕਿ ਗਾਜ਼ਾ ਵਿੱਚ ਸ਼ਾਂਤੀ ਨਿਰਮਾਣ ਲਈ ਵਿਸ਼ਵ ਨੇਤਾਵਾਂ ਅਤੇ ਮਾਹਰਾਂ ਦਾ ਸਹਿਯੋਗ ਜ਼ਰੂਰੀ ਹੈ। ਪ੍ਰਧਾਨ ਮੰਤਰੀ ਮੋਦੀ ਦੀ ਭਾਗੀਦਾਰੀ ਬੋਰਡ ਨੂੰ ਨਵੀਂ ਦਿਸ਼ਾ ਅਤੇ ਅਨੁਭਵ ਲਿਆਏਗੀ, ਸਥਾਨਕ ਪ੍ਰਸ਼ਾਸਨਿਕ ਸੁਧਾਰਾਂ ਅਤੇ ਅੰਤਰਰਾਸ਼ਟਰੀ ਸਹਾਇਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਯੋਗ ਬਣਾਏਗੀ। ਰਾਜਦੂਤ ਗੋਰ ਦੇ ਟਵੀਟ ਨੇ ਵਿਸ਼ਵ ਪੱਧਰ 'ਤੇ ਭਾਰਤ ਦੇ ਕੂਟਨੀਤਕ ਅਕਸ ਨੂੰ ਮਜ਼ਬੂਤ ਕੀਤਾ ਹੈ ਅਤੇ ਦਿਖਾਇਆ ਹੈ ਕਿ ਅਮਰੀਕਾ ਭਾਰਤ ਨੂੰ ਵਿਸ਼ਵ ਸ਼ਾਂਤੀ ਅਤੇ ਸਥਿਰਤਾ ਲਈ ਇੱਕ ਭਰੋਸੇਯੋਗ ਭਾਈਵਾਲ ਮੰਨਦਾ ਹੈ। ਇਹ ਕਦਮ ਨਾ ਸਿਰਫ਼ ਗਾਜ਼ਾ ਵਿੱਚ ਸ਼ਾਂਤੀ ਪ੍ਰਕਿਰਿਆ ਲਈ ਮਹੱਤਵਪੂਰਨ ਹੋਵੇਗਾ, ਸਗੋਂ ਵਿਸ਼ਵ ਪੱਧਰ 'ਤੇ ਦੋਵਾਂ ਦੇਸ਼ਾਂ ਦੇ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ।

Space available for Ad
Contact # +1 (209) 303-1260


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR





## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਅਮਰੀਕਾ ਨੇ ਸੀਰੀਆ ਵਿੱਚ ਕੀਤਾ ਤੀਜਾ ਹਮਲਾ ਆਈਐਸਆਈਐਸ ਨਾਲ ਜੁੜੇ ਅੱਤਵਾਦੀ ਨੇਤਾ ਦੀ ਮੌਤ ਦੀ ਖ਼ਬਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਸੰਯੁਕਤ ਰਾਜ ਅਮਰੀਕਾ ਨੇ ਸੀਰੀਆ ਵਿੱਚ ਇੱਕ ਹੋਰ ਜਵਾਬੀ ਕਾਰਵਾਈ ਕੀਤੀ ਹੈ। ਅਮਰੀਕੀ ਕੇਂਦਰੀ ਕਮਾਂਡ ਦੇ ਅਨੁਸਾਰ, ਉੱਤਰ-ਪੱਛਮੀ ਸੀਰੀਆ ਵਿੱਚ ਹੋਏ ਹਮਲੇ ਵਿੱਚ ਇਸਲਾਮਿਕ ਸਟੇਟ (ਆਈਐਸਆਈਐਸ) ਦੇ ਹਮਲੇ ਨਾਲ ਜੁੜੇ ਇੱਕ ਅੱਤਵਾਦੀ ਨੇਤਾ ਦੀ ਮੌਤ ਹੋ ਗਈ ਜਿਸ ਵਿੱਚ ਪਿਛਲੇ ਮਹੀਨੇ ਦੋ ਅਮਰੀਕੀ ਸੈਨਿਕ ਅਤੇ ਇੱਕ ਅਮਰੀਕੀ ਨਾਗਰਿਕ ਦੀ ਮੌਤ ਹੋ ਗਈ ਸੀ। CENTCOM ਨੇ ਰਿਪੋਰਟ ਦਿੱਤੀ ਕਿ ਬਿਲਾਲ ਹਸਨ ਅਲ-ਜਾਸਿਮ ਸ਼ੁੱਕਰਵਾਰ ਨੂੰ ਹੋਏ ਹਵਾਈ ਹਮਲੇ ਵਿੱਚ ਮਾਰਿਆ ਗਿਆ ਹੈ। ਅਮਰੀਕੀ ਅਧਿਕਾਰੀਆਂ ਦੇ ਅਨੁਸਾਰ, ਉਹ ਇੱਕ ਐਕਟਿਵ ਅੱਤਵਾਦੀ ਸੀ ਅਤੇ 13 ਦਸੰਬਰ ਨੂੰ ਹੋਏ ਹਮਲੇ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਸੀ ਜਿਸ ਵਿੱਚ ਅਮਰੀਕੀ ਫੌਜ ਦੇ ਸਾਰਜੈਂਟ ਐਡਗਰ ਬ੍ਰਾਇਨ ਟੋਰੇਸ-ਟੋਵਰ, ਸਾਰਜੈਂਟ ਵਿਲੀਅਮ ਨਥਾਨਿਏਲ ਹਾਵਰਡ ਅਤੇ ਨਾਗਰਿਕ ਦੁਭਾਸ਼ੀਏ ਅਯਾਦ ਮਨਸੂਰ ਸਾਕਤ ਦੀ ਮੌਤ ਹੋ ਗਈ ਸੀ। CENTCOM ਕਮਾਂਡਰ ਐਡਮਿਰਲ ਬ੍ਰੈਡ ਕੂਪਰ ਨੇ ਇੱਕ ਬਿਆਨ ਵਿੱਚ ਕਿਹਾ, "ਤਿੰਨ ਅਮਰੀਕੀਆਂ ਦੀ ਮੌਤ ਨਾਲ ਜੁੜੇ ਅੱਤਵਾਦੀ ਦੀ ਮੌਤ ਦਰਸਾਉਂਦੀ ਹੈ ਕਿ ਅਸੀਂ ਅਮਰੀਕੀ ਫੌਜਾਂ 'ਤੇ ਹਮਲਾ ਕਰਨ ਵਾਲਿਆਂ ਦਾ ਪਿੱਛਾ ਕਰਨਾ ਜਾਰੀ ਰੱਖਾਂਗੇ। ਅਮਰੀਕੀ ਨਾਗਰਿਕਾਂ ਅਤੇ ਸੇਵਾ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਲਈ ਕੋਈ ਸੁਰੱਖਿਅਤ ਜਗ੍ਹਾ ਨਹੀਂ ਹੈ।"

# 'ਯੁੱਧ ਨਸ਼ਿਆਂ ਵਿਰੁੱਧ': 323ਵੇਂ ਦਿਨ ਪੰਜਾਬ ਪੁਲਿਸ ਨੇ 122 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਨਸ਼ਾ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਲਗਾਤਾਰ 323ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 333 ਥਾਵਾਂ 'ਤੇ ਛਾਪੇਮਾਰੀ ਕਰਦਿਆਂ ਸੂਬੇ ਭਰ ਵਿੱਚ 122 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 97 ਐਫਆਈਆਰਜ਼ ਦਰਜ ਕੀਤੀਆਂ। ਇਸ ਦੇ ਨਾਲ, 323 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 45,259 ਹੋ ਗਈ ਹੈ। ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 440 ਗ੍ਰਾਮ ਹੈਰੋਇਨ, 340 ਗ੍ਰਾਮ ਅਫੀਮ, 3 ਕਿਲੋ ਭੁੱਕੀ, 1781 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8106 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ। 67 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 333 ਥਾਵਾਂ 'ਤੇ ਛਾਪੇਮਾਰੀ ਕੀਤੀ। ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 361 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਸੂਬਾ ਸਰਕਾਰ ਨੇ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ ਲਾਗੂ ਕੀਤੀ ਹੈ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 35 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।




# ਅਮਰੀਕਾ ਵੱਸਦੇ ਰਣਜੀਤ ਗਿੱਲ ਨੇ ਯਾਦ ਕੀਤੇ ਸਰਦਾਰ ਬਲਵੀਰ ਸਿੰਘ ਮੋਹੀ ਨਾਲ ਬਿਤਾਏ ਯਾਦਗਾਰ ਪਲ

ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ



ਪਟਿਆਲੇ ਵੱਸਦੇ ਮੋਹੀ ਪਰਿਵਾਰ ਦਾ ਇੱਕ ਪੂਰਾ "ਯੁੱਗ" ਬਣ ਕੇ ਜੀਵਿਆ ਸਰਦਾਰ ਬਲਵੀਰ ਸਿੰਘ ਮੋਹੀ ਪਿਛਲੇ ਦਿਨੀ ਆਪਣੀ ਰੰਗਲੀ ਜ਼ਿੰਦਗੀ ਦੀ ਯਾਤਰਾ ਪੂਰੀ ਕਰਕੇ ਲਹਿੰਦੇ ਸੂਰਜ ਵਾਂਗ ਸਦਾ ਲਈ ਅਸਤ ਹੋ ਗਿਆ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਨਾਲ ਅਮਰੀਕਾ ਵੱਸਦੇ ਦੋਸਤਾਂ, ਸਜਣਾਂ ਅਤੇ ਜਾਣ-ਪਛਾਣ ਵਾਲਿਆਂ ਵਿੱਚ ਗਹਿਰਾ ਦੁੱਖ ਛਾ ਗਿਆ। ਅਮਰੀਕਾ ਵੱਸਦੇ ਰਣਜੀਤ ਗਿੱਲ ਨੇ ਦੱਸਿਆ ਕਿ ਸਰਦਾਰ ਬਲਵੀਰ ਸਿੰਘ ਮੋਹੀ ਬੇਸ਼ੱਕ ਮੇਰੇ ਸੌਹਰਾ ਸਾਬ੍ਹ ਲਗਦੇ ਸਨ, ਪਰ ਉਹਨਾਂ ਨਾਲ ਬਿਤਾਏ ਪਲ੍ਹ ਸਦੀਵੀ ਨੇ। ਉਹਨਾਂ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਦਿਆਂ ਰਣਜੀਤ ਗਿੱਲ ਨੇ ਕਿਹਾ ਕਿ ਫਰਿਜ਼ਨੋ-ਮਡੇਰਾ ਨਿਵਾਸੀ ਸਰਦਾਰ ਪਸ਼ੌਰਾ ਸਿੰਘ ਢਿੱਲੋਂ ਨਾਲ ਉਹ ਹੌਰਟੀਕਲਚਰ ਡਿਪਾਰਟਮੈਂਟ ਵਿੱਚ ਇਕੱਠੇ ਕੰਮ ਕਰਦੇ, ਸਾਂਝੀ ਸੋਚ ਨਾਲ ਇਕੱਠੇ ਵਗਦੇ ਰਹੇ। ਕੰਢਾ ਘਾਟ ਤੋਂ ਲੈ ਕੇ ਪੰਜੌਰ ਗਾਰਡਨ ਤੱਕ ਇਕੱਠੇ ਕੰਮ ਕਰਦਿਆਂ ਬੇਅੰਤ ਯਾਦਾਂ ਬਣੀਆਂ, ਜੋ ਅੱਜ ਅੱਖਾਂ ਸਾਹਮਣੇ ਫਿਲਮ ਵਾਂਗ ਘੁੰਮ ਗਈਆਂ। ਰਣਜੀਤ ਗਿੱਲ ਨੇ ਦੱਸਿਆ ਕਿ 1984 ਤੋਂ ਮੋਹੀ ਪਰਿਵਾਰ ਨਾਲ ਮੇਰਾ ਰਿਸ਼ਤਾ ਜੁੜਿਆ, ਜਿੱਥੋਂ ਅੱਜ ਤੱਕ ਬੇਅੰਤ ਮੁਹੱਬਤ ਤੇ ਅਪਣਾ'ਪਣ ਮਿਲਿਆ। ਕੁਝ ਦਿਨ ਪਹਿਲਾਂ ਹੀ ਉਹ ਅਰਬਨ ਇਸਟੇਟ (ਪਟਿਆਲਾ)'ਅੰਕਲ ਜੀ' ਨੂੰ ਮਿਲ ਕੇ ਆਏ ਸਨ। ਉਹਨਾਂ ਦਾ ਪੁੱਤਰ ਸਰਦਾਰ ਰੋਮੇਲ ਸਿੰਘ ਮੋਹੀ ਰਾਜਿੰਦਰਾ ਹਸਪਤਾਲ (ਪਟਿਆਲ਼ਾ) ਵਿਖੇ ਸਰਜਨ ਹੈ ਤੇ ਬੇਟੀ ਗੋਲਡੀ ਲੰਬੇ ਸਮੇਂ ਤੋਂ ਇੰਗਲੈਂਡ ਰਹਿੰਦੇ ਹਨ। 95ਵੇਂ ਸਾਲ ਦੀ ਉਮਰ ਦੇ ਹੁੰਦਿਆਂ, ਉਹਨਾਂ ਨੇ ਪੂਰੀ ਪਹਿਚਾਣ ਕੀਤੀ ਅਤੇ ਆਪਣੇ ਮਿੱਠੇ ਸੁਭਾਅ ਮੁਤਾਬਕ ਹੌਲੀ-ਹੌਲੀ ਗੱਲਬਾਤ ਵੀ ਕੀਤੀ। ਮੋਹੀ ਸਾਹਿਬ ਦੇ ਫਰਜ਼ੰਦ ਡਾਕਟਰ ਰੋਮੇਲ ਸਿੰਘ "ਰੂਬੀ" ਬਾਈ ਅਤੇ ਭਤੀਜੇ ਦੀਪਾ ਦੀ ਹਾਜ਼ਰੀ ਵਿੱਚ ਹਾਸੇ-ਮਜ਼ਾਕ ਨਾਲ ਪੁੱਛਿਆ, "ਕੁਝ ਖਾਧਾ ਪੀਤਾ ?"ਜਿਸ ਨੇ ਉਨ੍ਹਾਂ ਦੀ ਜ਼ਿੰਦਾਦਿਲੀ ਤੇ ਮੁਹੱਬਤੀ ਸੁਭਾਅ ਨੂੰ ਆਖ਼ਰੀ ਸਾਹਾਂ ਤੱਕ ਕਾਇਮ ਰੱਖਿਆ।


ਰਣਜੀਤ ਗਿੱਲ ਨੇ ਕਿਹਾ ਕਿ ਸਰਦਾਰ ਬਲਵੀਰ ਸਿੰਘ ਮੋਹੀ "ਜੱਟ ਰੱਜਕੇ ਜਿਓਂਕੇ ਗਿਐ"। ਜਾਂਦੇ-ਜਾਂਦਿਆਂ ਮਨੁੱਖਤਾ ਦੇ ਭਲੇ ਲਈ, ਅਪਣਾ " ਵਜ਼ੂਦ " ਵੀ ਦਾਨ ਕਰ ਗਿਐ ..! ਬਹੁਤ ਦਾਨੀ ਪੁਰਸ਼ ਆਉਂਦੇ ਨੇ ਦੁਨੀਆਂ 'ਤੇ, ਪਰ ਖੁਦ ਦੇ ਵਜ਼ੂਦ ਤੱਕ ਦਾਨ ਕਰ ਜਾਣ ਵਾਲ਼ੇ ਬਲਵੀਰ ਸਿੰਘ ਮੋਹੀ ਵਰਗੇ ਘੱਟ ਹੀ ਜੰਮਦੇ ਹਨ।

ਅੰਤ ਵਿੱਚ ਰਣਜੀਤ ਗਿੱਲ ਅਤੇ ਗੁਰਪ੍ਰੀਤ ਨੀਨਾ ਨੇ ਆਪਣੇ ਸਾਰੇ ਪਰਿਵਾਰ ਵਲੋਂ ਸਰਦਾਰ ਬਲਵੀਰ ਸਿੰਘ ਮੋਹੀ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗੁਰੂ ਪਾਤਸ਼ਾਹ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਉਸ ਪਾਕ-ਪਵਿੱਤਰ ਰੱਬੀ ਰੂਹ ਨੂੰ ਪ੍ਰਮਾਤਮਾਂ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਸਮੂਹ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ਼ ਬਖਸ਼ੇ।

# 'ਆਪ' ਨੂੰ ਝਟਕਾ: ਵਿਧਾਇਕ ਸੁਖਵਿੰਦਰ ਸੁੱਖੀ ਵੱਲੋਂ ਚੇਅਰਮੈਨ ਦੇ ਅਹੁਦੇ ਤੋਂ ਅਸਤੀਫ਼ਾ: ਕੈਬਨਿਟ ਰੈਂਕ ਵੀ ਛੱਡਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਹਲਕਾ ਬੰਗਾ ਤੋਂ ਵਿਧਾਇਕ ਡਾ.ਸੁਖਵਿੰਦਰ ਕੁਮਾਰ ਸੁੱਖੀ ਨੇ ਪੰਜਾਬ ਸਟੇਟ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੀ ਚੇਅਰਮੈਨ ਵਜੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਪੰਜਾਬ ਕੈਬਨਿਟ ਰੈਂਕ ਨੂੰ ਵੀ ਛੱਡ ਦਿੱਤਾ ਹੈ। ਕਰੀਬ ਇੱਕ ਸਾਲ ਪਹਿਲਾਂ 'ਆਪ' ਸਰਕਾਰ ਨੇ ਡਾ.ਸੁੱਖੀ ਨੂੰ ਕੈਬਨਿਟ ਰੈਂਕ ਦੇ ਨਾਲ ਚੇਅਰਮੈਨੀ ਨਾਲ ਨਿਵਾਜਿਆ ਸੀ। ਡਾ.ਸੁੱਖੀ ਨੇ ਸਾਲ 2022 'ਚ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਹਲਕਾ ਬੰਗਾ ਤੋਂ ਜਿੱਤ ਹਾਸਲ ਕੀਤੀ ਸੀ ਅਤੇ ਕੁੱਝ ਸਮਾਂ ਪਹਿਲਾਂ ਡਾ.ਸੁੱਖੀ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਸਨ। ਡਾ.ਸੁਖਵਿੰਦਰ ਕੁਮਾਰ ਸੁੱਖੀ ਨੇ ਅੱਜ ਇਹ ਅਹੁਦੇ ਛੱਡਦਿਆਂ ਕਿਹਾ ਕਿ ਉਨ੍ਹਾਂ ਲਈ ਧੰਨ ਧੰਨ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦਾ ਸਤਿਕਾਰ ਸਭ ਤੋਂ ਵੱਡਾ ਹੈ ਅਤੇ ਇਸ ਸਤਿਕਾਰ ਵਜੋਂ ਹੀ ਉਹ ਚੇਅਰਮੈਨੀ ਅਤੇ ਕੈਬਨਿਟ ਰੈਂਕ ਤੋਂ ਅਸਤੀਫ਼ਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਬਚਪਨ ਤੋਂ ਹੀ ਰਸੋਖਾਨਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦੇ ਧਾਰਮਿਕ ਸਥਾਨ 'ਤੇ ਆਉਂਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੂੰ ਜ਼ਰੂਰ ਇਹ ਦੱਸਣਗੇ ਕਿ ਇਸ ਧਾਰਮਿਕ ਸਥਾਨ 'ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਕੋਈ ਮਰਿਆਦਾ ਭੰਗ ਨਹੀਂ ਹੁੰਦੀ ਹੈ। ਚੇਤੇ ਰਹੇ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਮਾਘੀ ਕਾਨਫ਼ਰੰਸ 'ਤੇ ਪੰਜਾਬ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ ਦੇ ਹਵਾਲੇ ਨਾਲ ਕਿਹਾ ਸੀ ਕਿ ਬੰਗਾ ਦੇ ਇਸ ਧਾਰਮਿਕ ਸਥਾਨ ਤੋਂ ਸਰੂਪ ਮਿਲੇ ਹਨ ਜਿਨ੍ਹਾਂ 'ਚੋਂ ਬਹੁਤੇ ਸਰੂਪਾਂ ਦਾ ਕੋਈ ਰਿਕਾਰਡ ਨਹੀਂ ਮਿਲ ਰਿਹਾ ਹੈ। ਉਸ ਵਕਤ ਹੀ ਡਾ.ਸੁੱਖੀ ਨੇ ਸਰਕਾਰ ਦੇ ਦਾਅਵਿਆਂ ਨੂੰ ਰੱਦ ਕਰ ਦਿੱਤਾ ਸੀ।



# Ekam Handyman Services

**Reliable Handyman Services**

- Professional Repairs
- Quality Work
- Affordable Rates



**We Specialized In**:

Split-Level and Multi-Level Home Repairs

Fence Installation & Repairs Backyard Upgrades

Hardwood Floor, MarbleTiling, Repair & Refinishing

Insulated Window Installation & sealing

Washroom RepairsPlumbing

Fixes Electrical Repairs



Ekam Handyman services
@laddihandyman

(209)281-0288, (209)646-4056


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

Gillson TRUCKING INC

# NOW HIRING
## TRUCK DRIVERS CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



### SKILLS
- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES
- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY
- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking | company/gillsontrucking | www.teamgillson.com

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰੂ ਸਾਹਿਬਾਨ ਦੇ ਸਿਪਾਹੀ ਬਣਨ ਦੀ ਬਜਾਏ ਸੁਖਬੀਰ ਬਾਦਲ ਦੇ ਸਿਪਾਹੀ ਬਣੇ ਹੋਏ ਹਨ ਜੋ ਪੰਥ ਲਈ ਬਹੁਤ ਮੰਦਭਾਗਾ-ਭਗਵੰਤ ਸਿੰਘ ਮਾਨ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਮਜੀਠਾ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ 23 ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਦਿਆਂ ਐਲਾਨ ਕੀਤਾ ਕਿ ਪੰਜਾਬ ਵਿੱਚ ਖ਼ੌਫ਼ ਦਾ ਦੌਰ, "ਪਰਚੀ ਦਾ ਦੌਰ" (ਜਬਰੀ ਵਸੂਲੀ) ਅਤੇ ਅਕਾਲੀਆਂ ਦੀ ਧੱਕੇਸ਼ਾਹੀ ਦਾ ਦੌਰ ਖਤਮ ਹੋ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਡਰਾਉਣ-ਧਮਕਾਉਣ ਵਾਲੀ ਸਿਆਸਤ ਨੂੰ ਪੂਰੀ ਤਰ੍ਹਾਂ ਨਾਕਾਰ ਦਿੱਤਾ ਹੈ ਅਤੇ ਵਿਕਾਸ, ਜਵਾਬਦੇਹੀ ਤੇ ਲੋਕ ਭਲਾਈ 'ਤੇ ਕੇਂਦਰਿਤ ਮਾਡਲ ਨੂੰ ਅਪਣਾਇਆ ਹੈ।

ਮੁੱਖ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਅਕਾਲੀਆਂ ਦੀ ਸੱਤਾ ਵਿੱਚ ਵਾਪਸੀ ਦਾ ਭਾਵ ਬੇਅਦਬੀਆਂ ਅਤੇ ਨਿਰਦੋਸ਼ ਲੋਕਾਂ 'ਤੇ ਗੋਲੀਬਾਰੀ ਵੱਲ ਵਾਪਸੀ ਹੋਵੇਗਾ। ਉਨ੍ਹਾਂ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਤੋਂ ਬਾਅਦ ਜਨਰਲ ਡਾਇਰ ਨੂੰ ਰਾਤ ਦੇ ਖਾਣੇ ਦੀ ਮੇਜ਼ਬਾਨੀ ਨੂੰ ਸੂਬੇ ਪ੍ਰਤੀ ਵਿਸ਼ਵਾਸਘਾਤ ਦੱਸਿਆ ਜੋ ਪੰਜਾਬ ਦੇ ਲੋਕ ਕਦੇ ਨਹੀਂ ਭੁੱਲਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਸੰਸਥਾਵਾਂ ਨੂੰ ਗੁਰੂ ਸਾਹਿਬ ਦੀ ਸੇਵਾ ਕਰਨੀ ਚਾਹੀਦੀ ਹੈ, ਨਾ ਕਿ ਕਿਸੇ ਸਿਆਸੀ ਪਰਿਵਾਰਾਂ ਦਾ ਪੱਖ ਪੂਰਨਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁਫ਼ਤ ਬਿਜਲੀ, ਸੜਕਾਂ ਦਾ ਨਵੀਨੀਕਰਨ ਅਤੇ ਲੋਕ ਪੱਖੀ ਪ੍ਰਸ਼ਾਸਨ ਨੇ ਸੌੜੀ ਰਾਜਨੀਤੀ ਦੀ ਥਾਂ ਲੈ ਲਈ ਹੈ, ਜਿਸ ਨਾਲ ਮਜੀਠੀਆ ਵਿੱਚ 11.32 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਨਾਲ ਵਿਕਾਸ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਹੋਈ ਹੈ।

ਮਜੀਠਾ ਵਿੱਚ 23 ਨਵੀਆਂ ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਹਿਲਾਂ, ਇਹ ਇਲਾਕਾ ਲਗਾਤਾਰ ਡਰ ਹੇਠ ਰਹਿੰਦਾ ਸੀ। ਇਸ ਖੇਤਰ ਦੇ ਖੁਦ ਨੂੰ 'ਜਰਨੈਲ' ਦੱਸਣ ਵਾਲੇ ਵਿਅਕਤੀ ਨੇ ਆਮ ਲੋਕਾਂ ਵਿਰੁੱਧ ਝੂਠੇ ਕੇਸਾਂ ਨੂੰ ਹਥਿਆਰ ਵਜੋਂ ਵਰਤਿਆ। ਕਾਂਗਰਸ ਅਤੇ ਅਕਾਲੀ, ਦੋਵਾਂ ਸਰਕਾਰਾਂ ਦੀ ਆਪਸੀ ਮਿਲੀਭੁਗਤ ਨਾਲ ਦਹਿਸ਼ਤ ਭਰੇ ਰਾਜ ਦੀ ਸ਼ੁਰੂਆਤ ਹੋਈ ਅਤੇ ਲੋਕ ਸਰਕਾਰ ਖਿਲਾਫ ਬੋਲਣ ਤੋਂ ਡਰਦੇ ਸਨ।"

ਉਨ੍ਹਾਂ ਕਿਹਾ ਕਿ ਇਹ ਡਰ ਹੁਣ ਪੂਰੀ ਤਰ੍ਹਾਂ ਖਤਮ ਹੋ ਗਿਆ ਹੈ ਕਿਉਂਕਿ ਹੁਣ ਲੋਕਾਂ ਦਾ ਰਾਜ ਹੈ ਅਤੇ ਉਨ੍ਹਾਂ ਨੇ ਅਜਿਹੀ ਸੌੜੀ ਰਾਜਨੀਤੀ ਨੂੰ ਨਿਰਣਾਇਕ ਤੌਰ 'ਤੇ ਸੂਬੇ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਮਜੀਠੀਆ ਅਤੇ ਬਾਦਲ ਪਰਿਵਾਰਾਂ ਵੱਲੋਂ ਚਲਾਈ ਜਾ ਰਹੀ ਡਰਾਉਣ-ਧਮਕਾਉਣ ਵਾਲੀ ਰਾਜਨੀਤੀ ਨੂੰ ਦਰਕਿਨਾਰ ਕਰਕੇ ਇਕ ਨਵਾਂ ਰਾਹ ਚੁਣਿਆ ਹੈ। ਉਨ੍ਹਾਂ ਕਿਹਾ, "ਇਹੀ ਮਜੀਠਾ ਇਲਾਕਾ ਕਦੇ ਉਨ੍ਹਾਂ ਲੋਕਾਂ ਦੇ ਕਬਜ਼ੇ ਵਿੱਚ ਸੀ ਜਿਨ੍ਹਾਂ ਨੇ 1919 ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਵਾਲੇ ਦਿਨ ਜਨਰਲ ਡਾਇਰ ਨੂੰ ਰਾਤ ਦੇ ਖਾਣੇ 'ਤੇ ਬੁਲਾਇਆ ਸੀ। ਅਜਿਹੇ ਵਿਸ਼ਵਾਸਘਾਤ ਭਰੇ ਗੁਨਾਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪੰਜਾਬ ਦੇ ਲੋਕ ਉਨ੍ਹਾਂ ਲੋਕਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ ਜਿਨ੍ਹਾਂ ਦੇ ਹੱਥ ਮਾਸੂਮ ਲੋਕਾਂ ਦੇ ਖੂਨ ਨਾਲ ਰੰਗੇ ਹੋਏ ਸਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੇਤਾਵਨੀ ਦਿੱਤੀ ਕਿ ਅਕਾਲੀ ਦਲ ਨੂੰ ਸੱਤਾ ਵਿੱਚ ਵਾਪਸ ਲਿਆਉਣ ਦਾ ਭਾਵ ਪੰਜਾਬ ਨੂੰ ਹਨੇਰ ਯੁੱਗ ਵਿੱਚ ਵਾਪਸ ਧੱਕਣਾ ਹੋਵੇਗਾ। ਉਨ੍ਹਾਂ ਕਿਹਾ, "ਇਸ ਦਾ ਭਾਵ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਦੁਬਾਰਾ 'ਬੇਅਦਬੀ', ਨਿਰਦੋਸ਼ ਪ੍ਰਦਰਸ਼ਨਕਾਰੀਆਂ 'ਤੇ ਗੋਲੀਬਾਰੀ ਅਤੇ ਆਮ ਲੋਕਾਂ ਵਿਰੁੱਧ ਅੱਤਿਆਚਾਰ ਵੱਲ ਵਧਣ ਦੇ ਬਰਾਬਰ ਹੋਵੇਗਾ।"

ਉਨ੍ਹਾਂ ਅੱਗੇ ਕਿਹਾ ਕਿ ਅਕਾਲੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਮਾੜੇ ਕੰਮਾਂ ਕਾਰਨ ਹੀ ਸੂਬਾ ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ ਹੋਏ 328 ਸਰੂਪਾਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਕਿਹਾ, "ਸਾਡਾ ਇੱਕੋ ਇੱਕ ਉਦੇਸ਼ ਗੁੰਮ ਹੋਏ ਸਰੂਪਾਂ ਦਾ ਪਤਾ ਲਾਉਣਾ ਹੈ। ਸਾਡਾ ਧਾਰਮਿਕ ਸੰਸਥਾਵਾਂ ਵਿੱਚ ਦਖਲ ਦੇਣ ਦਾ ਕੋਈ ਇਰਾਦਾ ਨਹੀਂ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ ਐਸ.ਜੀ.ਪੀ.ਸੀ. ਮੁਖੀ ਸਿਆਸੀ ਰੈਲੀਆਂ ਦੇ ਪ੍ਰਬੰਧ ਕਰਨ ਵਿੱਚ ਰੁੱਝੇ ਹੋਏ ਸਨ। ਉਨ੍ਹਾਂ ਕਿਹਾ, "ਆਪਣੇ ਆਪ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੱਚੇ ਸਿਪਾਹੀ ਕਹਿਣ ਦੀ ਬਜਾਏ, ਉਹ ਮਾਣ ਨਾਲ ਆਪਣੇ ਆਪ ਨੂੰ ਸੁਖਬੀਰ ਸਿੰਘ ਬਾਦਲ ਦਾ ਸਿਪਾਹੀ ਕਹਿੰਦੇ ਹਨ। ਅਜਿਹੇ ਵਿਅਕਤੀ ਤੋਂ ਭਲੇ ਦੀ ਕੀ ਉਮੀਦ ਕੀਤੀ ਜਾ ਸਕਦੀ ਹੈ, ਜੋ ਕਿਸੇ ਅਜਿਹੇ ਵਿਅਕਤੀ ਦੀ ਸੇਵਾ ਕਰਨ 'ਤੇ ਮਾਣ ਕਰਦਾ ਹੈ ਜਿਸ ਨੇ ਆਪਣੀਆਂ ਹਰਕਤਾਂ ਨਾਲ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੋਵੇ।"



ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਜ਼ਿਕਰ ਕਰਦਿਆਂ ਕਿਹਾ, "ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਤੋਂ ਉੱਪਰ ਹਨ। ਇਸੇ ਲਈ ਮੈਂ ਭਾਰਤ ਦੇ ਰਾਸ਼ਟਰਪਤੀ ਦੇ ਸਮਾਗਮ ਵਿੱਚ ਸ਼ਾਮਲ ਹੋਣ ਦੀ ਬਜਾਏ ਤਖ਼ਤ ਸਾਹਿਬ ਅੱਗੇ ਪੇਸ਼ ਹੋਇਆ।" ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਉਲਟ, ਅਕਾਲੀਆਂ ਨੇ ਵਾਰ-ਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਢਾਹ ਲਾਈ। ਉਨ੍ਹਾਂ ਕਿਹਾ, "ਜਥੇਦਾਰਾਂ ਨੂੰ ਆਪਣੀ ਮਰਜ਼ੀ ਨਾਲ ਨਿਯੁਕਤ ਕੀਤਾ ਅਤੇ ਅਹੁਦੇ ਤੋਂ ਹਟਾਇਆ ਗਿਆ, ਜਿਸ ਨਾਲ ਇਨ੍ਹਾਂ ਸੰਸਥਾਵਾਂ ਦੀ ਪਵਿੱਤਰਤਾ ਨੂੰ ਭਾਰੀ ਸੱਟ ਵੱਜੀ ਹੈ।" ਉਨ੍ਹਾਂ ਨੇ ਇਹ ਵੀ ਟਿੱਪਣੀ ਕੀਤੀ ਕਿ ਕਾਂਗਰਸੀ ਆਗੂ ਲਗਾਤਾਰ ਹਾਰਾਂ ਦਾ ਸਾਹਮਣਾ ਕਰਨ ਤੋਂ ਬਾਅਦ ਆਪਣਾ ਸਿਆਸੀ ਸੰਤੁਲਨ ਗੁਆ ਚੁੱਕੇ ਹਨ।

ਮਜੀਠਾ ਤੋਂ ਇੱਕ ਵੱਡਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮਜੀਠਾ ਤੋਂ ਆਪ ਆਗੂ ਤਲਬੀਰ ਸਿੰਘ ਗਿੱਲ ਆਪ ਦੇ ਉਮੀਦਵਾਰ ਹੋਣਗੇ। ਉਨ੍ਹਾਂ ਕਿਹਾ, "ਸਮਾਂ ਆ ਗਿਆ ਹੈ ਕਿ ਮਜੀਠਾ ਦੇ ਲੋਕ ਮੰਗ ਪੱਤਰ ਸੌਂਪਣ ਤੋਂ ਅੱਗੇ ਵਧ ਕੇ ਖੁਦ ਫੈਸਲੇ ਲੈਣੇ ਸ਼ੁਰੂ ਕਰ ਦੇਣ।" ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਇੱਕ ਨਵੀਂ ਸਿਆਸਤ ਦੀ ਨੁਮਾਇੰਦਗੀ ਕਰਦੀ ਹੈ ਜਿੱਥੇ ਲੋਕ ਸੱਤਾ ਅੱਗੇ ਪਟੀਸ਼ਨਰ ਨਹੀਂ ਹੁੰਦੇ ਸਗੋਂ ਪ੍ਰਸ਼ਾਸਨ ਵਿੱਚ ਭਾਈਵਾਲ ਬਣਦੇ ਹਨ।" ਉਨ੍ਹਾਂ ਕਿਹਾ ਕਿ ਉਹ ਮਜੀਠਾ ਵਿੱਚ ਇੱਕ ਅਜਿਹਾ ਪ੍ਰਤੀਨਿਧੀ ਭੇਜਣਗੇ ਜੋ ਫੈਸਲਾ ਲੈਣ, ਵਿਕਾਸ ਅਤੇ ਜਵਾਬਦੇਹੀ ਵਿੱਚ ਵਿਸ਼ਵਾਸ ਰੱਖਦਾ ਹੈ, ਡਰਾਉਣ-ਧਮਕਾਉਣ ਅਤੇ ਲੋਕਾਂ ਦੇ ਹੱਕਾਂ 'ਤੇ ਡਾਕਾ ਮਾਰਨ ਵਿੱਚ ਨਹੀਂ।

ਆਪਣੀ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਰਚ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ, ਸਾਡਾ ਪਹਿਲਾ ਫੈਸਲਾ 90 ਫ਼ੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰਨਾ ਸੀ।" ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹੁਣ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਠੰਢੀਆਂ ਰਾਤਾਂ ਵਿੱਚ ਆਪਣੇ ਖੇਤਾਂ ਦੀ ਸਿੰਚਾਈ ਲਈ ਬਾਹਰ ਨਹੀਂ ਜਾਣਾ ਪੈਂਦਾ। ਉਨ੍ਹਾਂ ਕਿਹਾ, "ਪੰਜਾਬ ਅੱਜ ਬਿਜਲੀ ਦੀ ਬਹੁਤਾਤ ਵਾਲਾ ਸੂਬਾ ਹੈ। ਲੋੜੀਂਦੀ ਕੋਲੇ ਦੀ ਸਪਲਾਈ ਅਤੇ ਪੂਰੀ ਤਰ੍ਹਾਂ ਕਾਰਜਸ਼ੀਲ ਥਰਮਲ ਪਲਾਂਟਾਂ ਦੇ ਨਾਲ, ਪੰਜਾਬ ਦੇਸ਼ ਵਿੱਚ ਮੋਹਰੀ ਸੂਬਾ ਬਣ ਕੇ ਉੱਭਰ ਰਿਹਾ ਹੈ।"

ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਕੁਝ ਆਗੂ ਗਰੀਬ ਵਿਅਕਤੀ ਦੇ ਘਰ ਇੱਕ ਰਾਤ ਰਹਿਣਾ ਇੱਕ ਨਵੀਂ ਗੱਲ ਸਮਝਦੇ ਹਨ। ਮੈਂ ਖੁਦ ਇੱਕ ਆਮ ਆਦਮੀ ਹਾਂ ਅਤੇ ਮੈਂ ਆਮ ਲੋਕਾਂ ਦੇ ਰੋਜ਼ਾਨਾ ਦੇ ਸੰਘਰਸ਼ਾਂ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ।" ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਹਾਲ ਹੀ ਵਿੱਚ ਹੋਏ ਸਮਾਗਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਮਹਾਨ ਵਿਰਾਸਤ ਨੂੰ ਸੰਭਾਲਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਅਮੀਰ ਵਿਰਸੇ ਤੋਂ ਵਿਦਿਆਰਥੀਆਂ ਨੂੰ ਜਾਣੂੰ ਕਰਵਾਉਣ ਲਈ ਅਜਿਹੀਆਂ ਹੋਰ ਪਹਿਲਕਦਮੀਆਂ ਕੀਤੀਆਂ ਜਾਣਗੀਆਂ।

ਸਰਹੱਦੀ ਵਸਨੀਕਾਂ ਨੂੰ ਸੱਚੇ ਦੇਸ਼ ਭਗਤ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਭਲਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, "ਸਰਹੱਦੀ ਪੱਟੀ ਦੇ ਕਿਸਾਨਾਂ ਲਈ ਇੱਕ ਵੱਡੀ ਰਾਹਤ ਵਜੋਂ, ਕੇਂਦਰ ਸਰਕਾਰ ਨੇ ਸਰਹੱਦੀ ਵਾੜ ਨੂੰ ਕੌਮਾਂਤਰੀ ਸਰਹੱਦ ਦੇ ਨੇੜੇ ਤਬਦੀਲ ਕਰਨ ਲਈ ਸਿਧਾਂਤਕ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਹੈ।" ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਵਾੜ ਤੋਂ ਪਰੇ ਹਜ਼ਾਰਾਂ ਏਕੜ ਜ਼ਮੀਨ 'ਤੇ ਬੇਰੋਕ ਖੇਤੀ ਕਰ ਸਕਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਹ ਮੁੱਦਾ ਕੇਂਦਰੀ ਗ੍ਰਹਿ ਮੰਤਰੀ ਕੋਲ ਉਠਾਉਂਦਿਆਂ ਕਿਸਾਨਾਂ ਨੂੰ ਦਰਪੇਸ਼ ਰੋਜ਼ਾਨਾ ਮੁਸ਼ਕਲਾਂ ਵੱਲ ਧਿਆਨ ਦਵਾਇਆ ਜਿਨ੍ਹਾਂ ਨੂੰ 532 ਕਿਲੋਮੀਟਰ ਲੰਬੀ ਭਾਰਤ-ਪਾਕਿਸਤਾਨ ਸਰਹੱਦ 'ਤੇ ਆਪਣੇ ਖੇਤਾਂ ਤੱਕ ਜਾਣ ਲਈ ਬੀ.ਐਸ.ਐਫ. ਦੀ ਸੁਰੱਖਿਆ ਹੇਠ ਵਾੜ ਪਾਰ ਕਰਨ ਲਈ ਮਜਬੂਰ ਹੋਣਾ ਪੈਂਦਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਮਜੀਠਾ ਹਲਕੇ ਵਿੱਚ 11.32 ਕਰੋੜ ਰੁਪਏ ਦੀ ਲਾਗਤ ਨਾਲ 23 ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾਵੇਗਾ। ਉਨ੍ਹਾਂ ਕਿਹਾ "ਮਜੀਠਾ ਹਲਕੇ ਦੇ ਕਈ ਪਿੰਡਾਂ ਵਿੱਚ ਲਿੰਕ ਸੜਕਾਂ ਦੇ ਨਵੀਨੀਕਰਨ ਲਈ 11.32 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਇਸ ਵਿੱਚੋਂ ਅਗਲੇ ਪੰਜ ਸਾਲਾਂ ਦੌਰਾਨ 9.94 ਕਰੋੜ ਰੁਪਏ ਸੜਕਾਂ ਦੇ ਨਵੀਨੀਕਰਨ 'ਤੇ ਅਤੇ 1.38 ਕਰੋੜ ਰੁਪਏ ਉਨ੍ਹਾਂ ਦੀ ਸਾਂਭ-ਸੰਭਾਲ 'ਤੇ ਖਰਚ ਕੀਤੇ ਜਾਣਗੇ। ਇਹਨਾਂ ਸੜਕਾਂ ਦੀ ਹਾਲਤ ਬਹੁਤ ਖਸਤਾ ਸੀ, ਜਿਸ ਕਾਰਨ ਆਉਣ-ਜਾਣ ਵਾਲਿਆਂ ਅਤੇ ਕਿਸਾਨਾਂ ਨੂੰ ਆਪਣੀ ਉਪਜ ਮੰਡੀਆਂ ਵਿੱਚ ਲਿਜਾਣ ਲਈ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।" ਉਨ੍ਹਾਂ ਆਸ ਪ੍ਰਗਟਾਈ ਕਿ ਇਨ੍ਹਾਂ ਸੜਕਾਂ ਦੇ ਨਵੀਨੀਕਰਨ ਨਾਲ ਮਜੀਠਾ ਅਤੇ ਆਸ ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਕਾਫ਼ੀ ਲਾਭ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡ ਕਰਨ ਸਬੰਧੀ ਇੱਕ ਵਿਆਪਕ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ, "ਪੰਜਾਬ ਵਿੱਚ ਲਗਭਗ 43,000 ਕਿਲੋਮੀਟਰ ਲਿੰਕ ਸੜਕਾਂ ਹਨ। ਇਨ੍ਹਾਂ ਦੀ ਮੁਰੰਮਤ ਦੇ ਨਾਲ-ਨਾਲ, ਅਸੀਂ ਅਗਲੇ ਪੰਜ ਸਾਲਾਂ ਲਈ ਉਨ੍ਹਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ।" ਉਨ੍ਹਾਂ ਕਿਹਾ ਕਿ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ, ਇੱਕ ਮੁੱਖ ਮੰਤਰੀ ਫਲਾਇੰਗ ਸਕੁਐਡ ਦਾ ਗਠਨ ਕੀਤਾ ਗਿਆ ਹੈ ਅਤੇ ਪ੍ਰਵਾਨਗੀਆਂ ਦੇਣ ਤੋਂ ਪਹਿਲਾਂ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ-ਅਧਾਰਤ ਸਰਵੇਖਣ ਕੀਤਾ ਗਿਆ ਸੀ ਜਿਸ ਨਾਲ 226.89 ਕਰੋੜ ਰੁਪਏ ਦੀ ਬੱਚਤ ਹੋਈ।

ਮੁੱਖ ਮੰਤਰੀ ਨੇ ਕਿਹਾ, "ਇਹ ਪੈਸਾ ਪਹਿਲਾਂ ਪਿਛਲੀਆਂ ਸਰਕਾਰਾਂ ਦੇ ਆਗੂਆਂ ਵੱਲੋਂ ਲੁੱਟਿਆ ਗਿਆ ਸੀ।" ਉਨ੍ਹਾਂ ਕਿਹਾ, "ਇਸ 'ਤੇ ਰੋਕ ਲਗਾ ਕੇ ਅਸੀਂ ਹੁਣ ਇਨ੍ਹਾਂ ਫੰਡਾਂ ਦੀ ਵਰਤੋਂ ਪੰਜਾਬ ਦੇ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਲਈ ਕਰ ਰਹੇ ਹਾਂ।" ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ ਅਤੇ ਮੁਫ਼ਤ ਬਿਜਲੀ ਵਰਗੀਆਂ ਪਹਿਲਕਦਮੀਆਂ ਸਦਕਾ ਪੰਜਾਬ ਵਿੱਚ ਪ੍ਰਸ਼ਾਸਨ ਹੁਣ ਪੂਰੀ ਤਰ੍ਹਾਂ ਜਨਤਕ ਭਲਾਈ 'ਤੇ ਕੇਂਦ੍ਰਿਤ ਹੈ।

ਇਸ ਤੋਂ ਪਹਿਲਾਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਸਰਵਣ ਸਿੰਘ ਧੁੰਨ, ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ ਅਤੇ ਹੋਰ ਆਗੂ ਮੌਜੂਦ ਸਨ।

# 5 ਮਹੀਨੇ ਪਹਿਲਾਂ ਇਟਲੀ ਗਏ ਪੰਜਾਬੀ ਨੌਜਵਾਨ ਦੀ ਮੌਤ

ਮਿਲਾਨ
ਸਾਂਝੀ ਸੋਚ ਬਿਊਰੋ

ਵਿਦੇਸ਼ 'ਚ ਰੋਜ਼ੀ ਰੋਟੀ ਕਮਾਉਣ ਗਏ ਇਕ ਹੋਰ ਪੰਜਾਬੀ ਨੌਜਵਾਨ ਦੀ ਮੌਤ ਦੀ ਮੰਦਭਾਗੀ ਖਬਰ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਦਸੂਹਾ ਦੇ ਖੋਲੇ ਪਿੰਡ ਦੇ 24 ਸਾਲਾ ਟਵਿੰਕਲ ਰੰਧਾਵਾ ਦੀ ਇਟਲੀ ਦੇ ਸ਼ਹਿਰ ਲਿਡੋ ਦਾ ਲਵੀਨੀਓ ਵਿੱਚ ਮੌਤ ਹੋ ਗਈ ਹੈ। ਇਸ ਖ਼ਬਰ ਨਾਲ ਪੂਰੇ ਪਿੰਡ 'ਚ ਸੋਗ ਹੈ।ਮਿਲੀ ਜਾਣਕਾਰੀ ਅਨੁਸਾਰ ਟਵਿੰਕਲ ਪੰਜ ਮਹੀਨੇ ਪਹਿਲਾਂ ਬਿਹਤਰ ਭਵਿੱਖ ਦੀ ਭਾਲ ਵਿੱਚ ਇਟਲੀ ਗਿਆ ਸੀ।

ਟਵਿੰਕਲ ਦੇ ਪਿਤਾ ਜਗੀਰ ਸਿੰਘ ਡਰਾਈਵਰ ਹਨ ਅਤੇ ਟਵਿੰਕਲ ਨੂੰ ਕਰਜ਼ਾ ਚੁੱਕ ਕੇ ਇਟਲੀ ਭੇਜਿਆ ਸੀ। ਟਵਿੰਕਲ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦੇ ਦੋ ਪੁੱਤਰ ਹਨ ਅਤੇ ਟਵਿੰਕਲ ਸਭ ਤੋਂ ਛੋਟਾ ਸੀ। ਪਰਿਵਾਰ ਦੀ ਵਿੱਤੀ ਸਥਿਤੀ ਮੁਸ਼ਕਲ ਹੈ। ਜਗੀਰ ਸਿੰਘ ਅਨੁਸਾਰ, ਉਨ੍ਹਾਂ ਨੂੰ ਦੋ ਦਿਨ ਪਹਿਲਾਂ ਇਟਲੀ ਤੋਂ ਫ਼ੋਨ ਆਇਆ ਸੀ। ਟਵਿੰਕਲ ਦੇ ਨਾਲ ਰਹਿਣ ਵਾਲੇ ਦੂਜੇ ਮੁੰਡਿਆਂ ਨੇ ਉਨ੍ਹਾਂ ਨੂੰ ਉਸਦੀ ਮੌਤ ਦੀ ਜਾਣਕਾਰੀ ਦਿੱਤੀ। ਪਿਤਾ ਨੇ ਕਿਹਾ ਕਿ ਉਨ੍ਹਾਂ ਨੇ ਟਵਿੰਕਲ ਨਾਲ ਦੋ ਦਿਨ ਪਹਿਲਾਂ ਹੀ ਫ਼ੋਨ 'ਤੇ ਗੱਲ ਕੀਤੀ ਸੀ, ਅਤੇ ਉਹ ਬਹੁਤ ਖੁਸ਼ ਸੀ। ਉਸਦੀ ਮੌਤ ਦੀ ਅਚਾਨਕ ਖ਼ਬਰ ਨੇ ਪਰਿਵਾਰ ਨੂੰ ਸ਼ੱਕ ਕਰਨ ਲਈ ਮਜਬੂਰ ਕਰ ਦਿੱਤਾ ਹੈ ਕਿ ਟਵਿੰਕਲ ਨਾਲ ਕੁਝ ਗਲਤ ਹੋਇਆ ਹੈ। ਟਵਿੰਕਲ ਦੇ ਪਰਿਵਾਰ ਨੇ ਕੇਂਦਰ ਅਤੇ ਪੰਜਾਬ ਸਰਕਾਰਾਂ ਤੋਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਟਵਿੰਕਲ ਦੀ ਲਾਸ਼ ਨੂੰ ਭਾਰਤ ਵਾਪਸ ਲਿਆਉਣ ਵਿੱਚ ਸਹਾਇਤਾ ਦੀ ਵੀ ਬੇਨਤੀ ਕੀਤੀ ਹੈ।







RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।


**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Pal Films
Production
All Your Photo/Videography &
Post Production needs Under One Roof
PF
RED PRO 5.0
RED
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU** **SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਜਥੇਦਾਰ ਕੁਲਦੀਪ ਸਿੰਘ ਗੜਗੱਜ ਮਰਿਆਦਾ ਦੀ ਉਲੰਘਣਾ ਦੇ ਇੱਕ ਹੋਰ ਵਿਵਾਦ ਵਿੱਚ ਬੁਰੀ ਤਰ੍ਹਾਂ ਫਸੇ
# ਪੰਜ ਸਿੰਘ ਸਾਹਿਬਾਨਾਂ ਦੇ ਫ਼ੈਸਲੇ ਨੂੰ ਕੇਵਲ ਇੱਕ ਜਥੇਦਾਰ ਕਿਵੇਂ ਬਦਲ ਸਕਦਾ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਸਿੱਖ ਪਰੰਪਰਾ, ਸਿਧਾਂਤ ਅਤੇ ਮਰਿਆਦਾ ਦੀ ਉਲੰਘਣਾ ਨਾਲ ਜੁੜੇ ਇੱਕ ਹੋਰ ਗੰਭੀਰ ਵਿਵਾਦ ਵਿੱਚ ਬੁਰੀ ਤਰ੍ਹਾਂ ਫਸ ਗਏ ਹਨ। ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਬਿਠਾਏ ਗਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਇੱਕ ਹੋਰ ਗੈਰ-ਸਿਧਾਂਤਕ ਅਤੇ ਆਪਹੁਦਰੀ ਕਾਰਵਾਈ ਸਾਹਮਣੇ ਆਈ ਹੈ, ਜਿਸ ਨੂੰ ਲੈ ਕੇ ਯੂ. ਕੇ. ਦੀਆਂ ਸਮੂਹ ਸਿੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਵਿਆਪਕ ਹੋ ਗਿਆ ਹੈ।

ਪ੍ਰੋ. ਖਿਆਲਾ ਨੇ ਦੱਸਿਆ ਕਿ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਮਨਵੀਰ ਸਿੰਘ ਮੰਨਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ’ਤੇ ਪੰਛੀਆਂ ਦੇ ਚਿੱਤਰ ਬਣਾਉਣੇ, ਟਰੈਕਰ ਲਗਾਉਣੇ, ਸਤਿਕਾਰ ਕਮੇਟੀ ਦੀਆਂ ਮੋਹਰਾਂ ਲਗਾਉਣ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਇੱਕ ਕਟਰ ਰਾਹੀਂ ਬੇਢੰਗੀ ਕਟਿੰਗ ਕੀਤੀ ਗਈ, ਜਿਨ੍ਹਾਂ ਨੂੰ ਪ੍ਰਕਾਸ਼ ਨਹੀਂ ਕੀਤਾ ਜਾ ਸਕਦਾ। ਇਸ ਤੋਂ ਇਲਾਵਾ, ਯੂ. ਕੇ. ਦੇ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਜਦੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਸਨ, ਤਾਂ ਭਾਈ ਮਨਵੀਰ ਸਿੰਘ ਵੱਲੋਂ ਚੱਲਦੇ ਅਖੰਡ ਪਾਠ ਸਾਹਿਬ ਦੌਰਾਨ ਹੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੇਠੋਂ ਗੱਦੀਆਂ ਕੱਢ ਦਿੱਤੀਆਂ ਗਈਆਂ, ਜੋ ਗੰਭੀਰ ਮਰਿਆਦਾ ਉਲੰਘਣਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨਾਲ ਮਰਿਆਦਾਹੀਣ ਵਰਤਾਰਾ, ਬੇਅਦਬੀ ਅਤੇ ਸੰਗਤਾਂ ਨੂੰ ਗੁਮਰਾਹ ਕਰਕੇ ਮਾਇਆ ਇਕੱਤਰ ਕਰਨ ਸੰਬੰਧੀ ਸ਼ਿਕਾਇਤਾਂ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 16 ਜੂਨ 2022 ਨੂੰ ਪੰਜ ਮੈਂਬਰੀ ਪੜਤਾਲ ਕਮੇਟੀ ਗਠਿਤ ਕੀਤੀ ਗਈ ਸੀ। ਮਨਵੀਰ ਸਿੰਘ ਮੰਨਾ ਨੇ ਨਾ ਸਿਰਫ਼ ਇਸ ਕਮੇਟੀ ਨੂੰ ਹੀ ਗਲਤ ਠਹਿਰਾਇਆ, ਸਗੋਂ ਕਿਸੇ ਕਿਸਮ ਦਾ ਸਹਿਯੋਗ ਵੀ ਨਹੀਂ ਕੀਤਾ। ਪੜਤਾਲ ਕਮੇਟੀ ਦੀ ਰਿਪੋਰਟ ਦੇ ਆਧਾਰ ’ਤੇ ਮਨਵੀਰ ਸਿੰਘ ਨੂੰ ਦੋਸ਼ੀ ਪਾਇਆ ਗਿਆ ਅਤੇ 6 ਦਸੰਬਰ 2022 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਯੂ. ਕੇ. ਦੀਆਂ ਸੰਗਤਾਂ ਨੂੰ ਉਸ ਨਾਲ ਕਿਸੇ ਵੀ ਤਰ੍ਹਾਂ ਦਾ ਸੰਪਰਕ ਜਾਂ ਸਹਿਯੋਗ ਨਾ ਕਰਨ ਦੇ ਸਪੱਸ਼ਟ ਹੁਕਮ ਜਾਰੀ ਕੀਤੇ ਗਏ।

ਇਸ ਮਾਮਲੇ ਵਿੱਚ ਹੁਣ ਗਿਆਨੀ ਗੜਗੱਜ ਵੱਲੋਂ ਉਸੇ ਦੋਸ਼ੀ ਮਨਵੀਰ ਸਿੰਘ ਦੇ ਹੱਕ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨਾਲ ਸੰਬੰਧਿਤ ਯੂ. ਕੇ. ਦੀ ਅਦਾਲਤ ਵਿੱਚ ਚੱਲ ਰਹੇ ਕੇਸ ਦੌਰਾਨ ਪੂਰਨ ਸਹਿਯੋਗ ਦੇਣ ਲਈ ਯੂ. ਕੇ. ਦੀਆਂ ਸਮੂਹ ਸਿੱਖ ਸੰਗਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਸਥਾਵਾਂ ਨੂੰ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਨਾਲ ਹੀ ਇਹ ਕਿਹਾ ਗਿਆ ਹੈ ਕਿ 12 ਦਸੰਬਰ 2025 ਨੂੰ ਗਠਿਤ ਕਮੇਟੀ ਦੀ ਰਿਪੋਰਟ ’ਤੇ ਪੰਜ ਸਿੰਘ ਸਾਹਿਬਾਨਾਂ ਦੀ ਅਗਲੀ ਇਕੱਤਰਤਾ ਵਿੱਚ ਵਿਚਾਰ ਕਰਕੇ ਫ਼ੈਸਲਾ ਲਿਆ ਜਾਵੇਗਾ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਵਾਲ ਉਠਾਇਆ ਕਿ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿੱਚ ਮਾਮਲੇ ਨੂੰ ਵਿਚਾਰੇ ਬਿਨਾਂ ਆਪਣੇ ਤੌਰ ’ਤੇ ਫ਼ੈਸਲਾ ਲੈ ਲੈਣਾ ਕੀ ਮਰਿਆਦਾ ਦਾ ਘਾਣ ਅਤੇ ਗੈਰ-ਸਿਧਾਂਤਕ ਕਦਮ ਨਹੀਂ? ਜਿਹੜਾ ਹੁਕਮ ਪੰਜ ਸਿੰਘ ਸਾਹਿਬਾਨਾਂ ਵੱਲੋਂ ਜਾਰੀ ਕੀਤਾ ਗਿਆ ਹੋਵੇ, ਕੀ ਉਸ ਅਹਿਮ ਪੰਥਕ ਫ਼ੈਸਲੇ ਨੂੰ ਕੇਵਲ ਇੱਕ ਜਥੇਦਾਰ ਬਦਲਣ ਦੀ ਹੈਸੀਅਤ ਰੱਖਦਾ ਹੈ? ਕੀ ਇਹ ਪੰਜ-ਪ੍ਰਧਾਨੀ ਸੰਸਥਾ ਦਾ ਸਿੱਧਾ ਅਪਮਾਨ ਨਹੀਂ?

ਉਨ੍ਹਾਂ ਨੇ ਅੱਗੇ ਕਿਹਾ ਕਿ ਜੇਕਰ ਮਨਵੀਰ ਸਿੰਘ ਸਬੰਧੀ ਦੁਬਾਰਾ ਕਰਵਾਈ ਗਈ ਜਾਂਚ ਵਿੱਚ ਉਸ ’ਤੇ ਲਗਾਏ ਦੋਸ਼ ਬੇਬੁਨਿਆਦ ਪਾਏ ਗਏ ਹਨ, ਤਾਂ ਕੀ ਪਹਿਲੀ ਰਿਪੋਰਟ ਗਲਤ ਸੀ? ਅਤੇ ਜੇ ਗਲਤ ਸੀ, ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗਲਤ ਰਿਪੋਰਟ ਸੌਂਪਣ ਵਾਲਿਆਂ ਖ਼ਿਲਾਫ਼ ਕੀ ਕਾਰਵਾਈ ਕੀਤੀ ਜਾਵੇਗੀ?

ਮਾਮਲੇ ਦੇ ਪਿਛੋਕੜ ਬਾਰੇ ਪ੍ਰੋ. ਖਿਆਲਾ ਨੇ ਦੱਸਿਆ ਕਿ ਬਰਤਾਨੀਆ ਦੀਆਂ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ ਅਤੇ ਸਿੱਖ ਪ੍ਰਚਾਰਕਾਂ ਵੱਲੋਂ ਜੂਨ 2022 ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸ਼ਿਕਾਇਤ ਪੱਤਰ ਦੇਣ ਤੋਂ ਪਹਿਲਾਂ 29 ਮਈ 2022 ਦਿਨ ਐਤਵਾਰ ਨੂੰ ਯੂ. ਕੇ. ਦੇ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਪੰਥਕ ਇਕੱਠ ਕੀਤਾ ਗਿਆ। ਇੱਥੇ ਮਤਿਆਂ ਰਾਹੀਂ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਮਨਵੀਰ ਸਿੰਘ ਉਰਫ਼ ਮੰਨਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਲਈ ਦੋਸ਼ੀ ਕਰਾਰ ਦਿੱਤਾ ਗਿਆ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਰਮਤਿ ਮਰਿਆਦਾ ਅਨੁਸਾਰ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ। ਜਥੇਬੰਦੀਆਂ ਵਿੱਚ ਇੰਗਲੈਂਡ ਦੇ ਗੁਰਦੁਆਰਾ ਸਾਹਿਬਾਨ ਦੇ ਨੁਮਾਇੰਦਿਆਂ, ਪੰਥਕ ਜਥੇਬੰਦੀਆਂ ਜਿਨ੍ਹਾਂ ਵਿੱਚ ਸੁਪਰੀਮ ਸਿੱਖ ਕੌਂਸਲ, ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨ (ਫਸ਼ੋ), ਯੂਨਾਈਟਿਡ ਖ਼ਾਲਸਾ ਦਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਰਜਿਸਟਰਡ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਧਰਮਯੁੱਧ ਜਥਾ ਯੂ ਕੇ, ਇੰਟਰਨੈਸ਼ਨਲ ਪੰਥਕ ਦਲ, ਸਿੱਖ ਕੌਂਸਲ ਯੂ ਕੇ, ਬ੍ਰਿਟਿਸ਼ ਸਿੱਖ ਕੌਂਸਲ ਯੂ ਕੇ, ਬ੍ਰਿਟਿਸ਼ ਸਿੱਖ ਕੌਂਸਲਿਟਟਿਵ ਫੌਰਮ ਅਤੇ ਰਾਮਗੜ੍ਹੀਆ ਕੌਂਸਲ ਯੂ ਕੇ ਦੀ ਸ਼ਮੂਲੀਅਤ ਰਹੀ। ਮੀਟਿੰਗ ਵਿਚ ਸਤਿਕਾਰ ਕਮੇਟੀ ਯੂ ਕੇ ਦੇ ਮੁਖੀ ਭਾਈ ਮਨਵੀਰ ਸਿੰਘ ਵੱਲੋਂ ਕੀਤੀਆਂ ਆਪ ਹੁਦਰੀਆਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਬੇਅਦਬੀ ਬਾਰੇ ਵੀਡੀਓ ਰਾਹੀ ਸਬੂਤਾਂ ਸਮੇਤ ਜਾਣਕਾਰੀ ਦਿੱਤੀ । ਇਹ ਕਿ ਪਿਛਲੇ ਕਾਫ਼ੀ ਸਮੇਂ ਤੋਂ ਗੁਰਦੁਆਰਾ ਬਾਬਾ ਸੰਗ ਦੇ ਪ੍ਰਬੰਧਕਾਂ ਅਤੇ ਸਤਿਕਾਰ ਕਮੇਟੀ ਯੂ ਕੇ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਲਈ ਚੱਲ ਰਹੀਆਂ ਸੇਵਾਵਾਂ ਨੂੰ ਲੈ ਕੇ ਮਾਮਲਾ ਭਖਿਆ ਹੋਇਆ ਸੀ। ਜਿਸ ਨੂੰ ਲੈ ਕੇ ਪ੍ਰਬੰਧਕਾਂ ਨੇ ਸਤਿਕਾਰ ਕਮੇਟੀ ਦੇ ਮੁਖੀ ਮਨਵੀਰ ਸਿੰਘ ਨਾਲ ਬੈਠ ਕੇ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ ਪਰ ਮਨਬੀਰ ਸਿੰਘ ਵੱਲੋਂ ਸਹਿਯੋਗ ਦੇਣ ਦੀ ਬਜਾਏ ਪ੍ਰਬੰਧਕਾਂ ਨੂੰ ਮੀਣੇ, ਮਸੰਦ, ਗੋਲਕ ਚੋਰ ਅਤੇ ਕਾਤਲ ਕਹਿਣਾ ਸ਼ੁਰੂ ਕਰ ਦਿੱਤਾ।

ਇਸ ਤੋਂ ਬਾਅਦ ਯੂ ਕੇ ’ਚ ਪੰਥਕ ਇਕੱਠ ਨੇ ਸਮੁੱਚੇ ਰੂਪ ਵਿੱਚ ਮਨਵੀਰ ਸਿੰਘ ਉਰਫ਼ ਮਨੀਪਾਲ ਸਿੰਘ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਵੱਲੋਂ ਕੀਤੀਆਂ ਗਈਆਂ ਕਾਰਵਾਈਆਂ ਕਾਰਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦਾ ਦੋਸ਼ੀ ਮੰਨਿਆ ਅਤੇ ਸਾਂਝੇ ਰੂਪ ਵਿੱਚ ਮਤੇ ਪਾਸ ਕਰਕੇ



ਸਮੁੱਚੇ ਰੂਪ ਵਿੱਚ ਸਤਿਕਾਰ ਕਮੇਟੀ ਯੂ. ਕੇ. ਨੂੰ ਰੱਦ ਕਰਨ ਦਾ ਫ਼ੈਸਲਾ ਕੀਤਾ। ਅਤੇ ਮਨਵੀਰ ਸਿੰਘ ਉਰਫ਼ ਮਨੀਪਾਲ ਸਿੰਘ ਸਤਿਕਾਰ ਕਮੇਟੀ ਯੂ. ਕੇ. ਦੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਹੇਠ ਕੀਤੀਆਂ ਜਾਂਦੀਆਂ ਸਾਰੀਆਂ ਕਾਰਵਾਈਆਂ ’ਤੇ ਤੁਰੰਤ ਰੋਕ ਲਾਈ ਗਈ। ਇਹ ਫ਼ੈਸਲਾ ਵੀ ਲਿਆ ਗਿਆ ਕਿ ਸਤਿਕਾਰ ਕਮੇਟੀ ਯੂ ਕੇ ਜਾਂ ਕਿਸੇ ਵੀ ਇਕੱਲੇ ਵਿਅਕਤੀ ਜਾਂ ਸੰਸਥਾ ਨੂੰ ਅਧਿਕਾਰ ਨਹੀਂ ਹੈ ਕਿ ਗੁਰਦੁਆਰਾ ਸਾਹਿਬ ਤੋਂ ਬਾਹਰ ਦੁਨੀਆ ਵਿੱਚ ਕਿਸੇ ਵੀ ਦੇਸ਼ ਵਿੱਚ ਸੱਚਖੰਡ ਬਣਾਵੇ। ਇਸ ਦੇ ਨਾਲ ਹੀ ਉਸ ਵਕਤ ਸਤਿਕਾਰ ਕਮੇਟੀ ਯੂ. ਕੇ. ਦੇ ਸਾਰੇ ਮੈਂਬਰਾਂ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤੁਰੰਤ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਗਈ ਸੀ।

# ਸੰਸਦ ਮੈਂਬਰ ਮਲਵਿੰਦਰ ਕੰਗ ਨੇ ਪੀਐਮ ਤੋਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਭਾਜਪਾ ਆਗੂਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਕੀਤੀ ਮੰਗ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਦੇ ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਇੱਕ ਫਰਜ਼ੀ ਅਤੇ ਐਡਿਟ ਕੀਤੀ ਹੋਈ ਵੀਡੀਓ ਰਾਹੀਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਜਾਣਬੁੱਝ ਕੇ ਠੇਸ ਪਹੁੰਚਾਉਣ ਵਾਲੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਕੰਗ ਨੇ ਕਿਹਾ ਕਿ ਪੰਜਾਬ ਅਤੇ ਦਿੱਲੀ ਦੋਵਾਂ ਦੀਆਂ ਫੋਰੈਂਸਿਕ ਸਾਇੰਸ ਲੈਬਾਰਟਰੀਆਂ (ਐਫ.ਐਸ.ਐਲ) ਦੀ ਜਾਂਚ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸਬੰਧਤ ਵੀਡੀਓ ਫਰਜ਼ੀ ਸੀ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ 'ਤੇ ਸਿੱਖ ਗੁਰੂਆਂ ਬਾਰੇ ਅਪਮਾਨਜਨਕ ਟਿੱਪਣੀਆਂ ਕਰਨ ਦੇ ਝੂਠੇ ਦੋਸ਼ ਲਗਾਉਣ ਲਈ ਇਸ ਨੂੰ ਬੜੀ ਸ਼ਰਾਰਤ ਨਾਲ ਐਡਿਟ ਕੀਤਾ ਗਿਆ ਸੀ। ਵਿਗਿਆਨਕ ਰਿਪੋਰਟਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਵੱਲੋਂ ਅਜਿਹਾ ਕੋਈ ਸ਼ਬਦ ਨਹੀਂ ਬੋਲਿਆ ਗਿਆ ਸੀ।

ਇਸ ਘਟਨਾ ਨੂੰ ਫਿਰਕੂ ਸਦਭਾਵਨਾ ਨੂੰ ਭੜਕਾਉਣ ਦੀ ਜਾਣਬੁੱਝ ਕੇ ਕੀਤੀ ਗਈ ਇੱਕ ਖਤਰਨਾਕ ਕੋਸ਼ਿਸ਼ ਕਰਾਰ ਦਿੰਦਿਆਂ ਕੰਗ ਨੇ ਕਿਹਾ ਕਿ ਇਹ ਫਰਜ਼ੀ ਵੀਡੀਓ ਭਾਜਪਾ ਆਗੂ ਕਪਿਲ ਮਿਸ਼ਰਾ ਵੱਲੋਂ ਸਿੱਖ ਧਾਰਮਿਕ ਭਾਵਨਾਵਾਂ ਨੂੰ ਹਥਿਆਰ ਬਣਾ ਕੇ ਲੋਕਾਂ ਵਿੱਚ ਗੁੱਸਾ ਪੈਦਾ ਕਰਨ ਅਤੇ ਸਿਆਸੀ ਲਾਹਾ ਲੈਣ ਦੀ ਨੀਅਤ ਨਾਲ ਫੈਲਾਈ ਗਈ ਸੀ।ਕੰਗ ਨੇ ਕਿਹਾ ਕਿ ਇਹ ਕੋਈ ਗਲਤੀ ਜਾਂ ਗਲਤਫਹਿਮੀ ਨਹੀਂ ਹੈ। ਇਹ ਧੋਖਾਧੜੀ ਦੀ ਇੱਕ ਅਜਿਹੀ ਕਾਰਵਾਈ ਹੈ ਜੋ ਸਿੱਖ ਧਰਮ ਅਤੇ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਕਰਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਸਿਆਸੀ ਲਾਹੇ ਲਈ ਝੂਠ ਅਤੇ



ਹੇਰਾਫੇਰੀ ਰਾਹੀਂ ਸਿੱਖ ਗੁਰੂਆਂ ਦੀ ਪਵਿੱਤਰਤਾ ਦਾ ਸਹਾਰਾ ਲੈਣਾ ਇੱਕ ਨਾ-ਮਾਫ਼ੀਯੋਗ ਨੈਤਿਕ ਅਪਰਾਧ ਹੈ।ਕੰਗ ਨੇ ਪ੍ਰਧਾਨ ਮੰਤਰੀ ਨੂੰ ਯਾਦ ਦਿਵਾਇਆ ਕਿ ਸਿੱਖ ਗੁਰੂਆਂ ਨੇ ਆਪਣੀਆਂ ਜਾਨਾਂ ਸੱਤਾ ਜਾਂ ਵਿਸ਼ੇਸ਼ ਅਧਿਕਾਰਾਂ ਲਈ ਨਹੀਂ, ਸਗੋਂ ਧਰਮ, ਸੱਚ, ਮਨੁੱਖੀ ਸਨਮਾਨ ਅਤੇ ਜ਼ਮੀਰ ਦੀ ਆਜ਼ਾਦੀ ਲਈ ਵਾਰੀਆਂ ਸਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਹਮੇਸ਼ਾ ਦੇਸ਼ ਦੀ ਨੈਤਿਕ ਰੀੜ੍ਹ ਦੀ ਹੱਡੀ ਰਹੀ ਹੈ ਅਤੇ ਜਦੋਂ ਉਸ ਦੇ ਵਿਸ਼ਵਾਸ 'ਤੇ ਹਮਲਾ ਹੁੰਦਾ ਹੈ, ਤਾਂ ਉਹ ਚੁੱਪ ਦੀ ਨਹੀਂ ਬਲਕਿ ਨਿਆਂ ਦੀ ਉਮੀਦ ਕਰਦੀ ਹੈ।

‘ਆਪ’ ਸੰਸਦ ਮੈਂਬਰ ਨੇ ਕਿਹਾ ਕਿ ਇਹ ਬਹੁਤ ਦੁਖਦਾਈ ਹੈ ਕਿ ਅਜਿਹੀ ਘਟਨਾ ਉਸ ਸਮੇਂ ਵਾਪਰੀ ਜਦੋਂ ਸਿੱਖ ਕੌਮ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾ ਰਹੀ ਸੀ, ਜਿਨ੍ਹਾਂ ਨੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਨੈਤਿਕ ਉਲੰਘਣਾ ਦਾ ਸਭ ਤੋਂ ਵੱਡਾ ਰੂਪ ਹਨ।ਪ੍ਰਧਾਨ ਮੰਤਰੀ ਦੀ ਜ਼ਮੀਰ ਅਤੇ ਅਗਵਾਈ ਨੂੰ ਸਿੱਧੀ ਅਪੀਲ ਕਰਦਿਆਂ ਕੰਗ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਚੁੱਪ ਜਾਂ ਅਣਗਹਿਲੀ ਨੂੰ ਸਹਿਮਤੀ ਵਜੋਂ ਦੇਖੇ ਜਾਣ ਦਾ ਖਤਰਾ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਕਪਿਲ ਮਿਸ਼ਰਾ ਵਿਰੁੱਧ ਫੈਸਲਾਕੁੰਨ ਕਾਰਵਾਈ ਕਰਨ, ਜਿਸ ਵਿੱਚ ਉਸ ਨੂੰ ਸਾਰੇ ਅਹੁਦਿਆਂ ਤੋਂ ਹਟਾਉਣਾ ਅਤੇ ਉਸ ਦੀਆਂ ਹਰਕਤਾਂ ਦੀ ਜਨਤਕ ਤੌਰ 'ਤੇ ਨਿੰਦਾ ਕਰਨਾ ਸ਼ਾਮਲ ਹੋਵੇ।ਕੰਗ ਨੇ ਕਿਹਾ ਕਿ।ਸਖ਼ਤ ਕਾਰਵਾਈ ਇੱਕ ਸਪੱਸ਼ਟ ਸੰਦੇਸ਼ ਦੇਵੇਗੀ ਕਿ ਗੁਰੂਆਂ ਦੀ ਪਵਿੱਤਰਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਕੋਈ ਵੀ ਸਿਆਸੀ ਇੱਛਾ ਧਰਮ ਤੋਂ ਉੱਪਰ ਨਹੀਂ ਹੈ।ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਸਮੇਂ ਸਿਰ ਦਖ਼ਲ ਵਿਸ਼ਵਾਸ ਬਹਾਲ ਕਰਨ, ਸਿੱਖ ਕੌਮ ਨੂੰ ਨਿਆਂ ਦਿਵਾਉਣ ਅਤੇ ਇਸ ਗੱਲ ਦੀ ਪੁਸ਼ਟੀ ਕਰਨ ਵਿੱਚ ਮਦਦ ਕਰੇਗਾ ਕਿ ਜਿਨ੍ਹਾਂ ਆਦਰਸ਼ਾਂ ਲਈ ਸਿੱਖ ਗੁਰੂਆਂ ਨੇ ਮਹਾਨ ਕੁਰਬਾਨੀਆਂ ਦਿੱਤੀਆਂ ਹਨ, ਉਹ ਅਜੋਕੇ ਭਾਰਤ ਵਿੱਚ ਵੀ ਸੁਰੱਖਿਅਤ ਰਹਿਣਗੇ।ਕੰਗ ਨੇ ਦੁਹਰਾਇਆ ਕਿ ਪੰਜਾਬ ਸਿਆਸੀ ਲਾਹੇ ਲਈ ਸਮਾਜ ਨੂੰ ਵੰਡਣ ਜਾਂ ਧਾਰਮਿਕ ਵਿਸ਼ਵਾਸਾਂ ਦੀ ਤੌਹੀਨ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕਰੇਗਾ ਅਤੇ ਸੱਚ, ਸਦਭਾਵਨਾ ਅਤੇ ਨਿਆਂ ਲਈ ਮਜ਼ਬੂਤੀ ਨਾਲ ਖੜ੍ਹਾ ਰਹੇਗਾ।

Space available for Ad
Contact # +1 (209) 303-1260


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
jvslogisticsllc@outlook.com
JUGDEV SAMRA (317) 379-4065
SUKHDEV SAMRA (317) 250-3545
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

## Sizes available in drive & trailer

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205



ਬਰਜਿੰਦਰ ਕੌਰ ਬਿਸਰਾਓ
99889-01324

# ਪਸ਼ੂਆਂ ਨੂੰ ਅਵਾਰਾ ਬਣਾਉਣ ਪਿੱਛੇ ਮਨੁੱਖ ਦਾ ਹੱਥ

ਅੱਜਕਲ੍ਹ ਗ਼ਲੀਆਂ ਮੁਹੱਲਿਆਂ ਵਿੱਚ,ਅਦਾਲਤਾਂ ਵਿੱਚ, ਖ਼ਬਰਾਂ, ਅਖ਼ਬਾਰਾਂ ਵਿੱਚ ਅਵਾਰਾ ਪਸ਼ੂਆਂ ਦੀ ਬਹੁਤ ਚਰਚਾ ਹੁੰਦੀ ਹੈ।ਕਿਤੇ ਕੁੱਤਿਆਂ ਨੇ ਬੱਚਿਆਂ ਨੂੰ ਨੋਚ ਖਾਧਾ, ਕਿਤੇ ਅਵਾਰਾ ਸਾਨ੍ਹਾਂ ਨੇ ਕਿਸੇ ਨੂੰ ਢਾਹ ਲਿਆ ਤੇ ਕਿਤੇ ਅਵਾਰਾ ਪਸ਼ੂਆਂ ਨਾ਼ਲ ਗੱਡੀਆਂ ਦਾ ਐਕਸੀਡੈਂਟ ਹੋ ਗਿਆ। ਕਈ ਲੋਕ ਇਸ ਨਾਲ ਧਰਮਾਂ ਨੂੰ ਜੋੜ ਕੇ ਬਿਆਨਬਾਜ਼ੀ ਕਰਦੇ ਹਨ,ਕਿਤੇ ਅਦਾਲਤਾਂ ਵੱਲੋਂ ਇਹਨਾਂ ਦੇ ਪੱਖ ਵਿੱਚ ਤੇ ਕਦੇ ਵਿਰੋਧ ਵਿੱਚ ਫੈਸਲੇ ਸੁਣਾਏ ਜਾਂਦੇ ਹਨ। ਇਨਸਾਨ ਜੋ ਮਰਜ਼ੀ ਕਰੇ,ਚਾਹੇ ਚਰਚਾ ਕਰੇ,ਚਾਹੇ ਇਨ੍ਹਾਂ ਬਾਰੇ ਕੇਸ ਲੜੇ,ਚਾਹੇ ਫ਼ੈਸਲੇ ਸੁਣਾਵੇ,ਚਾਹੇ ਨਫ਼ਰਤ ਕਰੇ,ਚਾਹੇ ਇਨ੍ਹਾਂ ਨੂੰ ਖਾਣਾ ਦੇਣ ਤੇ ਰੋਕ ਲਾਵੇ, ਚਾਹੇ ਇਨ੍ਹਾਂ ਮੂਹਰੇ ਖਾਣੇ ਦੀਆਂ ਥਾਲੀਆਂ ਪਰੋਸ ਕੇ ਰੱਖ ਦੇਵੇ ਪਰ ਇਨ੍ਹਾਂ ਵਿਚਾਰਿਆਂ ਨੂੰ ਕੁਝ ਪਤਾ ਨਹੀਂ ਕਿ ਇਸ ਦੁਨੀਆਂ ਵਿੱਚ ਕੀ ਹੋ ਰਿਹਾ ਹੈ ? ਕੌਣ ਉਹਨਾਂ ਦੇ ਹੱਕਾਂ ਲਈ ਲੜ ਰਿਹਾ ਹੈ ਤੇ ਕੌਣ ਉਹਨਾਂ ਦੇ ਵਿਰੁੱਧ ਹੈ ਤੇ ਫਾਹੇ ਟੰਗਣ ਨੂੰ ਤਿਆਰ ਹੈ? ਉਹਨਾਂ ਨੇ ਤਾਂ ਸੁੱਤੇ ਸਿੱਧ ਆਪਣੇ ਆਪਣੇ ਸੁਭਾਅ ਮੁਤਾਬਿਕ ਕੰਮ ਕਰਦੇ ਰਹਿਣਾ ਹੈ।ਜਾਨਵਰ ਪਿਆਰ ਅਤੇ ਨਫ਼ਰਤ ਦੀ ਭਾਸ਼ਾ ਬਾਖ਼ੂਬੀ ਸਮਝਦੇ ਹਨ। ਜਿਹੜਾ ਇਹਨਾਂ ਨੂੰ ਪਿਆਰ ਕਰਦਾ ਹੈ ,ਇਹ ਉਹਨਾਂ ਦੇ ਲੇਖੇ ਆਪਣੀ ਜ਼ਿੰਦਗੀ ਵੀ ਲਾ ਦਿੰਦੇ ਹਨ ਤੇ ਨਫ਼ਰਤਾਂ ਸਾਹਮਣੇ ਇਹ ਉਹਨਾਂ ਦੀ ਜ਼ਿੰਦਗੀ ਲੈ ਵੀ ਸਕਦੇ ਹਨ। ਇਹਨਾਂ ਨੂੰ ਜਿੰਨੀ ਕੁ ਸਮਝ ਹੈ ਓਨਾ ਕੰਮ ਇਹਨਾਂ ਨੇ ਕਰੀ ਜਾਣਾ ਹੈ।

ਅਵਾਰਾ ਪਸ਼ੂਆਂ ਨੂੰ ਅਵਾਰਾ ਬਣਾਉਣ ਪਿੱਛੇ ਅਕਲਾਂ ਵਾਲੇ ਅਤੇ ਵੱਡੇ ਸਮਝਦਾਰ ਲੋਕਾਂ ਦਾ ਹੀ ਹੱਥ ਹੈ। ਗਾਵਾਂ ਮੱਝਾਂ ਤੋਂ ਸਾਰੀ ਉਮਰ ਦੁੱਧ ਲੈ ਕੇ ਅਤੇ ਬਲਦਾਂ ਤੋਂ ਸਾਰੀ ਉਮਰ ਕੰਮ ਲੈ ਕੇ ਬੁਢਾਪੇ ਵਿੱਚ ਉਨ੍ਹਾਂ ਨੂੰ ਭੁੱਖੇ ਭਾਣੇ ਦਰ ਦਰ ਭਟਕਣ ਖਾਤਰ ਦੂਰ ਕਿਤੇ ਛੱਡ ਆਉਂਦੇ ਹਨ। ਮਨੁੱਖ ਐਨਾ ਸਵਾਰਥੀ ਹੋ ਚੁੱਕਾ ਹੈ ਕਿ ਉਸ ਨੇ ਤਾਂ ਇਹਨਾਂ ਨੂੰ ਆਪਣੇ ਆਪ ਭੋਜਨ ਲੱਭ ਕੇ ਖਾਣ ਜੋਗਾ ਵੀ ਨਹੀਂ ਛੱਡਿਆ ਹੈ। ਵਿਕਾਸ ਦੇ ਨਾਂ 'ਤੇ ਵੱਡੀ ਮਾਤਰਾ ਵਿੱਚ ਜੰਗਲਾਂ ਦੀ ਕਟਾਈ ਕੀਤੀ ਜਾ ਰਹੀ ਹੈ ਤੇ ਸ਼ਹਿਰ ਤੇਜ਼ੀ ਨਾਲ ਪਸਰ ਰਹੇ ਹਨ, ਵਾਹੀਯੋਗ ਜ਼ਮੀਨਾਂ ਖ਼ਤਮ ਹੋ ਰਹੀਆਂ ਹਨ, ਸੜਕਾਂ ਦੇ ਕਿਨਾਰਿਆਂ ਤੋਂ ਦਰਖਤਾਂ ਦੀ ਕਟਾਈ ਕਰਕੇ ਵੱਡੇ ਵੱਡੇ ਢਾਬੇ ਅਤੇ ਹੋਟਲ ਖੋਲ੍ਹੇ ਜਾ ਰਹੇ ਹਨ।ਇਸ ਤਰ੍ਹਾਂ ਕਰਕੇ ਜਿੱਥੇ ਇਹਨਾਂ ਦੀ ਖ਼ੁਰਾਕ ਦੇ ਕੁਦਰਤੀ ਸੋਮਿਆਂ ਨੂੰ ਖ਼ਤਮ ਕੀਤਾ ਜਾ ਰਿਹਾ ਹੈ ਉੱਥੇ ਹੀ ਇਹਨਾਂ ਦੇ ਘੁੰਮਣ ਫਿਰਨ ਦੇ ਸਥਾਨ ਅਤੇ ਰੈਣ ਬਸੇਰੇ ਖੋਹੇ ਜਾ ਰਹੇ ਹਨ। ਪਸ਼ੂਆਂ ਦੇ ਹੱਕਾਂ ਦੀ ਗੱਲ ਕਰੀਏ ਤਾਂ ਮਨੁੱਖ ਕਈ ਤਰੀਕਿਆਂ ਨਾਲ ਉਨ੍ਹਾਂ ਦੇ ਹੱਕ ਖੋਹ ਰਿਹਾ ਹੈ। ਕੁਦਰਤ ਨੇ ਜੋ ਮੁੱਖ ਹੱਕ ਪਸ਼ੂਆਂ ਨੂੰ ਆਪਣੇ ਵੱਲੋਂ ਦਿੱਤੇ ਸਨ ਮਨੁੱਖ ਨੇ ਲੱਗਭਗ ਖੋਹ ਹੀ ਲਏ ਹਨ ਤੇ ਫਿਰ ਦੁਰਘਟਨਾਵਾਂ ਦਾ ਜ਼ਿੰਮੇਵਾਰ ਵੀ ਉਹਨਾਂ ਨੂੰ ਹੀ ਕਹਿ ਰਿਹਾ ਹੈ।ਪਸ਼ੂਆਂ ਨੂੰ ਸੜਕਾਂ 'ਤੇ ਛੱਡਣਾ ਅਤੇ ਉਨ੍ਹਾਂ ਦੀ ਦੇਖਭਾਲ ਨਾ ਕਰਨਾ ਇੱਕ ਵੱਡੀ ਸਮੱਸਿਆ ਬਣ ਗਈ ਹੈ। ਪਸ਼ੂਆਂ ਨੂੰ ਸਹੀ ਭੋਜਨ, ਪਾਣੀ ਅਤੇ ਦੇਖਭਾਲ ਨਾ ਮਿਲਣਾ ਉਨ੍ਹਾਂ ਦੇ ਹੱਕਾਂ ਦੀ ਉਲੰਘਣਾ ਹੈ।ਜਦ ਕਿ ਪਸ਼ੂਆਂ ਨੂੰ ਸੁਰੱਖਿਅਤ ਰੱਖਣਾ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਹਿੰਸਾ ਤੋਂ ਬਚਾਉਣਾ ਮਨੁੱਖ ਦੀ ਜ਼ਿੰਮੇਵਾਰੀ ਹੈ। ਹਾਈਕੋਰਟ ਨੇ ਜਾਨਵਰਾਂ ਨੂੰ ਕਾਨੂੰਨੀ ਹੱਕ ਦੇਣ ਦੇ ਹੁਕਮ ਦਿੱਤੇ ਹਨ, ਜਿਸ ਨਾਲ ਪਸ਼ੂਆਂ ਦੇ ਹੱਕਾਂ ਦੀ ਰੱਖਿਆ ਹੋਣੀ ਵੀ ਜ਼ਰੂਰੀ ਹੈ। ਪਰ ਸਰਕਾਰਾਂ ਵੱਲੋਂ ਇਕੱਠੇ ਕੀਤੇ ਜਾ ਰਹੇ ਗਊ ਸੈੱਸ ਦੀ ਵਰਤੋਂ ਤੇ ਵੀ ਸਮੇਂ ਸਮੇਂ ਤੇ ਸਵਾਲ ਉਠਾਏ ਜਾਂਦੇ ਰਹੇ ਹਨ। ਜੇ ਉਸ ਟੈਕਸ ਰਾਹੀਂ ਇਕੱਠੇ ਕੀਤੇ ਜਾ ਰਹੇ ਪੈਸੇ ਦੀ ਵਰਤੋਂ ਸਹੀ ਤਰੀਕੇ ਨਾਲ ਕੀਤੀ ਜਾਵੇ ਤਾਂ ਵੀ ਅਵਾਰਾ ਪਸ਼ੂਆਂ ਦੀ ਸਮੱਸਿਆ ਦਾ ਹੱਲ ਕਿਸੇ ਹੱਦ ਤੱਕ ਕੱਢਿਆ ਜਾ ਸਕਦਾ ਹੈ। ਪਸ਼ੂਆਂ ਦੀ ਖ਼ੁਰਾਕ ਦੇ ਕੁਦਰਤੀ ਸੋਮਿਆਂ ਦੇ ਖ਼ਤਮ ਹੋਣ ਕਰਕੇ ਉਹ ਭੁੱਖਮਰੀ ਦੇ ਮਾਰੇ ਭੋਜਨ ਦੀ ਤਲਾਸ਼ ਵਿੱਚ ਸ਼ਹਿਰਾਂ ਦੇ ਗ਼ਲੀ ਮੁਹੱਲਿਆਂ ਵਿੱਚ ਘੁੰਮਦੇ ਹਨ, ਕੂੜਿਆਂ ਦੇ ਢੇਰਾਂ ਤੋਂ ਖਾਣਾ ਲੱਭਦੇ ਪਾਏ ਜਾਂਦੇ ਹਨ। ਲੰਬਾ ਸਮਾਂ ਭੋਜਨ ਦੀ ਤਲਾਸ਼ ਵਿੱਚ ਘੁੰਮਦੇ ਫਿਰਦੇ ਅਰਾਮ ਕਰਨ ਲਈ ਸੜਕਾਂ ਉੱਤੇ ਜਾਂ ਕਿਨਾਰਿਆਂ ਤੇ ਹੀ ਅਰਾਮ ਕਰਨ ਲਈ ਬੈਠ ਜਾਂਦੇ ਹਨ। ਜੋ ਰਾਹਗੀਰਾਂ ਲਈ ਸਿਰਦਰਦੀ ਦਾ ਕਾਰਨ ਬਣਦੇ ਹਨ। ਇਸ ਸਾਰੀ ਸਿਰਦਰਦੀ ਦਾ ਕਾਰਨ ਮਨੁੱਖ ਆਪ ਹੀ ਹੈ।

ਜੇ ਕਮਿਊਨਿਟੀ ਦੇ ਕੁੱਤਿਆਂ ਦੀ ਗੱਲ ਕਰੀਏ ਜਿਨ੍ਹਾਂ ਨੂੰ ਲੋਕ ਅਵਾਰਾ ਕੁੱਤੇ ਕਹਿ ਕੇ ਬੁਲਾਉਂਦੇ ਹਨ,ਉਹਨਾਂ ਨੂੰ ਨਫ਼ਰਤ ਕਰਨ ਵਾਲ਼ਿਆਂ ਮੁਤਾਬਕ ਉਹਨਾਂ ਦਾ ਤਾਂ ਇਸ ਧਰਤੀ ਉੱਤੇ ਜਿਉਣ ਦਾ ਕੋਈ ਅਧਿਕਾਰ ਹੀ ਨਹੀਂ ਹੈ। ਉਹ ਚਾਹੁੰਦੇ ਹਨ ਕਿ ਇਹਨਾਂ ਨੂੰ ਤਾਂ ਜੰਮਦਿਆਂ ਨੂੰ ਹੀ ਮਾਰ ਦੇਣਾ ਚਾਹੀਦਾ ਹੈ। ਕਈ ਵਾਰ ਤਾਂ ਉਹਨਾਂ ਬੇਜ਼ੁਬਾਨਾਂ ਜਿਨ੍ਹਾਂ ਨੇ ਹਜੇ ਅੱਖਾਂ ਵੀ ਨਹੀਂ ਖੋਲ੍ਹੀਆਂ ਹੁੰਦੀਆਂ, ਉਹਨਾਂ ਉੱਤੇ ਇਹੋ ਜਿਹੇ ਤਸ਼ੱਦਦ ਕੀਤੇ ਜਾਂਦੇ ਹਨ ਕਿ ਤਸ਼ੱਦਦ ਕਰਨ ਵਾਲੇ ਲੋਕਾਂ ਨੂੰ ਇਨਸਾਨ ਕਹਿੰਦੇ ਹੋਏ ਵੀ ਸ਼ਰਮ ਮਹਿਸੂਸ ਹੁੰਦੀ ਹੈ। ਉਹ ਭੁੱਲ ਜਾਂਦੇ ਹਨ ਕਿ ਉਹ ਵੀ ਕੁਦਰਤ ਦਾ ਇੱਕ ਹਿੱਸਾ ਹਨ । ਕੁਦਰਤ ਦੀ ਦਿੱਤੀ ਕਿਸੇ ਜ਼ਿੰਦਗੀ ਨੂੰ ਖ਼ਤਮ ਕਰਨ ਦਾ ਅਧਿਕਾਰ ਮਨੁੱਖ ਕੋਲ ਨਹੀਂ ਹੈ ਬਲਕਿ ਉਹਨਾਂ ਦੀ ਸਾਂਭ ਸੰਭਾਲ ਦਾ ਜ਼ਿੰਮਾ ਮਨੁੱਖ ਕੋਲ ਹੈ। ਉਹਨਾਂ ਲੋਕਾਂ ਵੱਲੋਂ ਤਰਕ ਦਿੱਤਾ ਜਾਂਦਾ ਹੈ ਕਿ ਕੁੱਤੇ ਵੱਢਦੇ ਹਨ ਇਸ ਲਈ ਉਹ ਨਾ ਖਾਣ ਦੇਣ ਦੇ ਹੱਕਦਾਰ ਹਨ ਤੇ ਨਾ ਹੀ ਇਸ ਧਰਤੀ ਉੱਤੇ ਰਹਿਣ ਦੇ ਹੱਕਦਾਰ ਹਨ। ਕਈ ਲੋਕ ਤਾਂ ਅਰਾਮ ਨਾਲ ਬੈਠੇ ਕੁੱਤਿਆਂ ਦੇ ਲੱਤ ਮਾਰ ਕੇ ਲੰਘ ਜਾਂਦੇ ਹਨ, ਕਈ ਤਾਂ ਦੂਰੋਂ ਹੀ ਵਗਾਹ ਕੇ ਕੁਝ ਮਾਰਦੇ ਹਨ ਤੇ ਬਿਨਾਂ ਮਤਲਬ ਕਤੀੜ ਕਹਿ ਕੇ ਉਹਨਾਂ ਪ੍ਰਤੀ ਨਫ਼ਰਤ ਭਰਿਆ ਵਰਤਾਉ ਕਰਦੇ ਹਨ। ਉਹ ਬਿਨਾਂ ਬੋਲੇ ਤੁਹਾਡੀ ਨਫ਼ਰਤ ਦੀ ਭਾਸ਼ਾ ਨੂੰ ਬਾਖ਼ੂਬੀ ਸਮਝਦੇ ਹਨ। ਜੇ ਗ਼ਲੀਆਂ ਮੁਹੱਲਿਆਂ ਵਿੱਚ ਕੁੱਤਿਆਂ ਦੀ ਸਾਂਭ ਸੰਭਾਲ ਸਹੀ ਤਰੀਕੇ ਨਾਲ ਕੀਤੀ ਜਾਵੇ ਤਾਂ ਨਾ ਉਹ ਕਿਸੇ ਨੂੰ ਵੱਢਦੇ ਹਨ ਤੇ ਨਾ ਹੀ ਉਹ ਹਿੰਸਕ ਹੁੰਦੇ ਹਨ। ਸਰਕਾਰਾਂ ਵੱਲੋਂ ਸਹੀ ਸਮੇਂ ਤੇ ਕੁੱਤਿਆਂ ਦੀ ਵੈਕਸੀਨੇਸ਼ਨ ਅਤੇ ਨਸਬੰਦੀ ਦਾ ਨਾ ਕੀਤਾ ਜਾਣਾ ਹੀ ਸਮੱਸਿਆ ਪੈਦਾ ਕਰਦਾ ਹੈ। ਪੇਂਡੂ ਅਤੇ ਸ਼ਹਿਰੀ ਸੁਸਾਇਟੀਆਂ ਦੇ ਸਹਿਯੋਗ ਨਾਲ ਜੇ ਸਰਕਾਰਾਂ ਵੱਲੋਂ ਯੋਗ ਪ੍ਰਬੰਧ ਕੀਤੇ ਜਾਣ ਤਾਂ ਇਹਨਾਂ ਦੀ ਅਬਾਦੀ ਤੇਜ਼ੀ ਨਾਲ ਨਾ ਵਧੇ, ਸਹੀ ਸਮੇਂ ਤੇ ਇਹਨਾਂ ਦੀ ਵੈਕਸੀਨੇਸ਼ਨ ਕਰਨਾ ਅਤੇ ਨਸਬੰਦੀ ਕਰਨ ਨਾਲ ਇਹਨਾਂ ਤੋਂ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਦਾ ਹੱਲ ਅਸਾਨੀ ਨਾਲ ਹੋ ਸਕਦਾ ਹੈ। ਅਫਸੋਸ ਸਾਡੀਆਂ ਸਰਕਾਰਾਂ ਵੱਲੋਂ ਇਨ੍ਹਾਂ ਦੀ ਸਾਂਭ ਸੰਭਾਲ ਤੇ ਕੋਈ ਧਿਆਨ ਨਹੀਂ ਦਿੱਤਾ ਜਾਂਦਾ। ਉਂਝ ਬਥੇਰਾ ਰੌਲ਼ਾ ਪਾਇਆ ਜਾਂਦਾ ਹੈ ਕਿ ਇਹਨਾਂ ਨੂੰ ਸ਼ੈਲਟਰ ਹੋਮ ਵਿੱਚ ਸੁੱਟ ਦਿਓ। ਉੱਥੇ ਸੁੱਟਣਾ ਇਹਨਾਂ ਦੇ ਹੱਕਾਂ ਦੀ ਘੋਰ ਉਲੰਘਣਾ ਹੈ। ਜਪਾਨ, ਨਿਊਜ਼ੀਲੈਂਡ, ਕਨੇਡਾ ਵਰਗੇ ਵਿਕਸਿਤ ਦੇਸ਼ਾਂ ਵਿੱਚ ਵੀ ਇਹਨਾਂ ਦੀ ਸਾਂਭ ਸੰਭਾਲ ਉਚਿਤ ਤਰੀਕੇ ਨਾਲ ਕੀਤੀ ਜਾਂਦੀ ਹੈ।ਸਾਡੇ ਦੇਸ਼ ਵਿੱਚ ਕੁੱਤਿਆਂ ਨੂੰ ਨਫ਼ਰਤ ਕਰਨ ਵਾਲੇ ਲੋਕਾਂ ਨੂੰ ਰੂਸ ਦੇ ਲਾਇਕਾ, ਜਪਾਨ ਦੇ ਹੀਚਕੋ,ਜਾਂ ਬੋਧੀਆਂ ਨਾ਼ਲ ਯਾਤਰਾ ਤੇ ਨਿਕ਼ਲੇ ਅਲੋਕਾ ਜਾਂ ਹਿਮਾਚਲ ਵਿੱਚ ਕੁਦਰਤੀ ਆਫ਼ਤ ਤੋਂ ਪੂਰੇ ਇੱਕ ਪਿੰਡ ਦੇ ਲੋਕਾਂ ਬਚਾਉਣ ਵਾਲੇ ਕੁੱਤਿਆਂ ਦੀਆਂ ਕਹਾਣੀਆਂ ਜ਼ਰੂਰ ਪੜ੍ਹ ਲੈਣੀਆਂ ਚਾਹੀਦੀਆਂ ਹਨ। ਸਾਡੇ ਦੇਸ਼ ਵਿੱਚ ਮਨੁੱਖ ਐਨਾ ਸਵਾਰਥੀ ਹੋ ਚੁੱਕਿਆ ਹੈ ਕਿ ਪ੍ਰਕਿਰਤੀ ਅਤੇ ਜੀਵ ਜੰਤੂਆਂ ਦੀ ਦੇਖਭਾਲ ਪ੍ਰਤੀ ਆਪ ਤਾਂ ਆਪਣੀ ਜ਼ਿੰਮੇਵਾਰੀ ਭੁੱਲ ਹੀ ਗਿਆ ਹੈ ਪਰ ਉਸ ਤੋਂ ਹੋਰ ਲੋਕ ਖਾਣਾ ਦਿੰਦੇ ਜਾਂ ਸਾਂਭ ਸੰਭਾਲ ਕਰਨ ਵਾਲੇ ਵੀ ਬਰਦਾਸ਼ਤ ਨਹੀਂ ਕੀਤੇ ਜਾਂਦੇ। ਉਸ ਨੂੰ ਲੱਗਦਾ ਹੈ ਕਿ ਧਰਤੀ ਉੱਤੇ ਸਿਰਫ਼ ਤੇ ਸਿਰਫ਼ ਮਨੁੱਖ ਨੂੰ ਹੀ ਜ਼ਿੰਦਗੀ ਜਿਊਣ ਦਾ ਅਧਿਕਾਰ ਹੈ। ਕੁਦਰਤ ਦੀਆਂ ਦਾਤਾਂ ਨਾਲ ਜਿੰਨਾ ਖਿਲਵਾੜ ਮਨੁੱਖ ਕਰੇਗਾ ਆਉਣ ਵਾਲੇ ਸਮੇਂ ਵਿੱਚ ਓਨੇ ਹੀ ਭਿਆਨਕ ਨਤੀਜੇ ਉਸ ਨੂੰ ਭੁਗਤਣੇ ਪੈਣਗੇ।

# ਸਿੱਖਿਆ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਦੀ ਮਹੱਤਤਾ

ਅੱਜ ਦਾ ਯੁੱਗ ਵਿਗਿਆਨ ਅਤੇ ਤਕਨਾਲੋਜੀ ਦਾ ਯੁਗ ਹੈ। ਅਜਿਹੇ ਸਮੇਂ ਵਿੱਚ ਸਿੱਖਿਆ ਦਾ ਉਦੇਸ਼ ਸਿਰਫ਼ ਤੱਥਾਂ ਨੂੰ ਯਾਦ ਕਰਨਾ ਨਹੀਂ ਹੋਣਾ ਚਾਹੀਦਾ, ਸਗੋਂ ਵਿਦਿਆਰਥੀਆਂ ਵਿੱਚ ਸੋਚਣ, ਸਮਝਣ ਅਤੇ ਤਰਕ ਕਰਨ ਦੀ ਯੋਗਤਾ ਪੈਦਾ ਕਰਨਾ ਹੋਣਾ ਚਾਹੀਦਾ ਹੈ। ਇਹੀ ਸਮਰੱਥਾ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਆਉਂਦੀ ਹੈ। ਵਿਗਿਆਨਕ ਦ੍ਰਿਸ਼ਟੀਕੋਣ ਦਾ ਅਰਥ ਹੈ ਹਰ ਗੱਲ ਨੂੰ ਸਵਾਲਾਂ ਰਾਹੀਂ ਸਮਝਣਾ, ਸਬੂਤ ਦੇ ਆਧਾਰ 'ਤੇ ਸਿੱਟਾ ਕੱਢਣਾ ਅਤੇ ਅੰਧਵਿਸ਼ਵਾਸ ਜਾਂ ਪੱਖਪਾਤ ਤੋਂ ਮੁਕਤ ਹੋ ਕੇ ਸੱਚ ਦੀ ਖੋਜ ਕਰਨਾ।

ਵਿਗਿਆਨਕ ਦ੍ਰਿਸ਼ਟੀਕੋਣ ਸਿੱਖਿਆ ਨੂੰ ਜੀਵੰਤ ਅਤੇ ਅਰਥਪੂਰਨ ਬਣਾਉਂਦਾ ਹੈ। ਜਦੋਂ ਵਿਦਿਆਰਥੀ "ਸਵਪਕੌਨ" ਅਤੇ "ਸਾਪਕਓਿਸਏ" ਵਰਗੇ ਸਵਾਲ ਪੁੱਛਦੇ ਹਨ, ਤਾਂ ਉਹ ਗਿਆਨ ਦੇ ਸਰਗਰਮ ਭਾਗੀਦਾਰ ਬਣ ਜਾਂਦੇ ਹਨ, ਨਾ ਕਿ ਸਿਰਫ਼ ਨਿਸ਼ਕਿਰਿਆ ਸ਼ਰੋਤਾ। ਇਸ ਨਾਲ ਉਨ੍ਹਾਂ ਵਿੱਚ ਉਤਸੁਕਤਾ, ਰਚਨਾਤਮਕਤਾ ਅਤੇ ਨਵੀਨਤਾ ਦੀ ਭਾਵਨਾ ਪੈਦਾ ਹੁੰਦੀ ਹੈ। ਪ੍ਰਯੋਗ, ਨਿਰੀਖਣ ਅਤੇ ਤਰਕ ਰਾਹੀਂ ਸਿੱਖਿਆ ਗਿਆ ਗਿਆਨ ਵਧੇਰੇ ਸਥਾਈ ਹੁੰਦਾ ਹੈ।

ਸਿੱਖਿਆ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਦਾ ਇੱਕ ਵੱਡਾ ਫਾਇਦਾ ਇਹ ਹੈ ਕਿ ਇਹ ਆਲੋਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਦਾ ਹੈ। ਵਿਦਿਆਰਥੀ ਕਿਸੇ ਵੀ ਜਾਣਕਾਰੀ ਨੂੰ ਅੰਨ੍ਹੇਵਾਹ ਸਵੀਕਾਰ ਨਹੀਂ ਕਰਦੇ, ਸਗੋਂ ਇਸਦੇ ਸਰੋਤ, ਤਰਕ ਅਤੇ ਸਬੂਤ ਦੀ ਜਾਂਚ ਕਰਦੇ ਹਨ। ਇਹ ਆਦਤ ਉਨ੍ਹਾਂ ਨੂੰ ਨਾ ਸਿਰਫ਼ ਪ੍ਰੀਖਿਆ ਵਿੱਚ, ਸਗੋਂ ਜ਼ਿੰਦਗੀ ਦੇ ਹਰ ਖੇਤਰ ਵਿੱਚ ਸਹੀ ਫੈਸਲੇ ਲੈਣ ਦੇ ਯੋਗ ਬਣਾਉਂਦੀ ਹੈ।

ਇਸ ਦੇ ਨਾਲ ਹੀ, ਵਿਗਿਆਨਕ ਦ੍ਰਿਸ਼ਟੀਕੋਣ ਸਮਾਜ ਵਿੱਚ ਫੈਲੀਆਂ ਹੋਈਆਂ ਅੰਧਵਿਸ਼ਵਾਸਾਂ, ਰੂੜ੍ਹੀਵਾਦੀ ਧਾਰਨਾਵਾਂ ਅਤੇ ਗਲਤ ਧਾਰਨਾਵਾਂ ਨੂੰ ਚੁਣੌਤੀ ਦਿੰਦਾ ਹੈ। ਜਦੋਂ ਸਿੱਖਿਆ ਤਰਕ ਅਤੇ ਸਬੂਤਾਂ 'ਤੇ ਅਧਾਰਤ ਹੁੰਦੀ ਹੈ, ਤਾਂ ਵਿਦਿਆਰਥੀ ਸਮਾਜਿਕ ਬੁਰਾਈਆਂ ਨੂੰ ਸਮਝਦੇ ਹਨ ਅਤੇ ਬਦਲਾਅ ਦੇ ਵਾਹਕ ਬਣ ਜਾਂਦੇ ਹਨ। ਇਹੀ ਕਾਰਨ ਹੈ ਕਿ ਵਿਗਿਆਨਕ ਸੋਚ ਲੋਕਤੰਤਰੀ, ਪ੍ਰਗਤੀਸ਼ੀਲ ਅਤੇ ਸਮਾਵੇਸ਼ੀ ਸਮਾਜ ਦੀ ਨੀਂਹ ਰੱਖਦੀ ਹੈ।

ਅੱਜ ਦੀ ਸਿੱਖਿਆ ਪ੍ਰਣਾਲੀ ਵਿੱਚ ਐਸਟੀਈਐਮ (ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ) ਦੇ ਨਾਲ-ਨਾਲ ਸਮਾਜਿਕ ਵਿਗਿਆਨ ਅਤੇ ਮਾਨਵਤਾ ਵਿੱਚ ਵੀ ਵਿਗਿਆਨਕ ਦ੍ਰਿਸ਼ਟੀਕੋਣ ਦੀ ਲੋੜ ਹੈ। ਇਤਿਹਾਸ, ਭੂਗੋਲ, ਅਰਥਸ਼ਾਸਤਰ ਜਾਂ ਭਾਸ਼ਾ ਹਰ ਵਿਸ਼ੇ ਵਿੱਚ ਵਿਸ਼ਲੇਸ਼ਣ, ਸਬੂਤ ਅਤੇ ਤਰਕਪੂਰਨ ਸਿੱਟੇ ਦੀ ਭੂਮਿਕਾ ਮਹੱਤਵਪੂਰਨ ਹੈ।

ਵਿਗਿਆਨਕ ਦ੍ਰਿਸ਼ਟੀਕੋਣ ਦੇ ਮੁੱਖ ਤੱਤ ਸਿੱਖਿਆ ਦੁਆਰਾ ਵਿਦਿਆਰਥੀਆਂ ਵਿੱਚ ਇਹਨਾਂ ਗੁਣਾਂ ਦਾ ਵਿਕਾਸ ਹੁੰਦਾ ਹੈ: ਉਤਸੁਕਤਾ: ਹਰ ਕੀ ਅਤੇ ਕਿਵੇਂ ਦੇ ਪਿੱਛੇ 'ਕਿਉਂ' ਲੱਭਣ ਦੀ ਪ੍ਰਵਿਰਤੀ। ਤਰਕਸ਼ੀਲਤਾ: ਕਿਸੇ ਵੀ ਗੱਲ ਨੂੰ ਸਿਰਫ਼ ਇਸ ਲਈ ਸਵੀਕਾਰ ਨਾ ਕਰਨਾ ਕਿਉਂਕਿ ਉਹ ਪੁਰਾਣੀ ਹੈ, ਸਗੋਂ ਇਸਨੂੰ ਤਰਕ ਦੀ ਪਰਖ 'ਤੇ ਕੱਸਣਾ। ਸਬੂਤ-ਅਧਾਰਤ ਸੋਚ: ਫੈਸਲਾ ਲੈਣ ਤੋਂ ਪਹਿਲਾਂ ਤੱਥਾਂ ਅਤੇ ਸਬੂਤਾਂ ਦੀ ਜਾਂਚ ਕਰਨਾ। ਖੁੱਲ੍ਹਾ ਦਿਮਾਗ: ਨਵੇਂ ਵਿਚਾਰਾਂ ਨੂੰ ਸਵੀਕਾਰ ਕਰਨ ਅਤੇ ਆਪਣੀਆਂ ਗਲਤੀਆਂ ਨੂੰ ਸੁਧਾਰਨ ਦੀ ਯੋਗਤਾ।

ਸਿੱਖਿਆ ਵਿੱਚ ਇਸਦਾ ਮਹੱਤਵ

ਅੰਧਵਿਸ਼ਵਾਸ ਅਤੇ ਸਮਾਜਿਕ ਬੁਰਾਈਆਂ ਦਾ ਅੰਤ ਸਮਾਜ ਵਿੱਚ ਫੈਲੀਆਂ ਹੋਈਆਂ ਬਹੁਤ ਸਾਰੀਆਂ ਕੁਰਿਤੀਆਂ ਅਤੇ ਅੰਨ੍ਹੇਵਾਹੀ ਅਗਿਆਨਤਾ ਦੇ ਕਾਰਨ ਹੁੰਦਾ ਹੈ। ਜਦੋਂ ਸਿੱਖਿਆ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਨੂੰ ਤਰਜੀਹ ਦਿੱਤੀ ਜਾਂਦੀ ਹੈ, ਤਾਂ ਵਿਦਿਆਰਥੀ ਸਮਾਜਿਕ ਪੱਖਪਾਤਾਂ ਅਤੇ ਰੂੜ੍ਹੀਵਾਦੀ ਧਾਰਨਾਵਾਂ ਨੂੰ ਚੁਣੌਤੀ ਦੇਣ ਦੇ ਯੋਗ ਹੁੰਦੇ ਹਨ। ਇਸ ਨਾਲ ਇੱਕ ਪ੍ਰਗਤੀਸ਼ੀਲ ਸਮਾਜ ਬਣਦਾ ਹੈ।

ਸਮੱਸਿਆ ਹੱਲ ਕਰਨ ਦੀ ਯੋਗਤਾ ਵਿਗਿਆਨਕ ਵਿਧੀ ਵਿਦਿਆਰਥੀਆਂ ਨੂੰ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਸਾਹਮਣਾ ਯੋਜਨਾਬੱਧ ਢੰਗ ਨਾਲ ਕਰਨਾ ਸਿਖਾਉਂਦੀ ਹੈ। ਉਹ ਸਮੱਸਿਆਵਾਂ ਨੂੰ ਟੁਕੜਿਆਂ ਵਿੱਚ ਵੰਡਣਾ, ਨਿਰੀਖਣ ਕਰਨਾ ਅਤੇ ਪ੍ਰਯੋਗਾਂ ਦੇ ਆਧਾਰ 'ਤੇ ਹੱਲ ਕੱਢਣਾ ਸਿੱਖਦੇ ਹਨ।

ਫੈਸਲਾ ਲੈਣ ਦੀ ਯੋਗਤਾ ਅੱਜ ਦੇ 'ਨਕਲੀ ਖ਼ਬਰਾਂ' ਦੇ ਯੁੱਗ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਬਹੁਤ ਜ਼ਰੂਰੀ ਹੈ। ਇਹ ਵਿਦਿਆਰਥੀਆਂ ਨੂੰ ਜਾਣਕਾਰੀ ਦਾ ਵਿਸ਼ਲੇਸ਼ਣ ਕਰਨ ਅਤੇ ਸਹੀ-ਗਲਤ ਵਿੱਚ ਫ਼ਰਕ ਪਾਉਣ ਦੀ ਸ਼ਕਤੀ ਦਿੰਦਾ ਹੈ, ਜਿਸ ਨਾਲ ਉਹ ਬਿਹਤਰ ਨਾਗਰਿਕ ਬਣਦੇ ਹਨ।

ਨਵੀਨਤਾ ਅਤੇ ਰਚਨਾਤਮਕਤਾ ਜਦੋਂ ਵਿਦਿਆਰਥੀ ਸਵਾਲ ਪੁੱਛਣ ਤੋਂ ਨਹੀਂ ਡਰਦੇ, ਤਾਂ ਨਵੇਂ ਵਿਚਾਰਾਂ ਦਾ ਜਨਮ ਹੁੰਦਾ ਹੈ। ਵਿਗਿਆਨ ਸਿੱਖਿਆ ਯਾਦ ਰੱਖਣ ਦੀ ਬਜਾਏ 'ਕਰ ਕੇ ਸਿੱਖਣ' 'ਤੇ ਜ਼ੋਰ ਦਿੰਦੀ ਹੈ, ਜੋ ਭਵਿੱਖ ਦੇ ਵਿਗਿਆਨੀ ਅਤੇ ਖੋਜੀ ਤਿਆਰ ਕਰਦੀ ਹੈ। ਭਾਰਤੀ ਸੰਵਿਧਾਨ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਇਹ ਧਿਆਨ ਵਿੱਚ ਰੱਖਣਾ ਮਹੱਤਵਪੂਰਨ ਹੈ ਕਿ ਭਾਰਤੀ ਸੰਵਿਧਾਨ ਦੇ ਆਰਟੀਕਲ 51ਏ (ਐਚ) ਦੇ ਤਹਿਤ, "ਵਿਗਿਆਨਕ ਦ੍ਰਿਸ਼ਟੀਕੋਣ, ਮਾਨਵਤਾਵਾਦ ਅਤੇ ਗਿਆਨ ਦੀ ਭਾਵਨਾ ਨੂੰ ਵਿਕਸਤ ਕਰਨਾ" ਹਰੇਕ ਨਾਗਰਿਕ ਦਾ ਬੁਨਿਆਦੀ ਫਰਜ਼ ਮੰਨਿਆ ਜਾਂਦਾ ਹੈ।

ਸਿੱਟਾ ਸਿੱਖਿਆ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਨੂੰ ਸ਼ਾਮਲ ਕਰਨਾ ਇੱਕ ਉੱਜਵਲ ਭਵਿੱਖ ਦੀ ਨੀਂਹ ਹੈ। ਇਹ ਵਿਦਿਆਰਥੀਆਂ ਨੂੰ ਨਾ ਸਿਰਫ਼ ਇੱਕ ਸਫਲ ਪੇਸ਼ੇਵਰ ਬਣਾਉਂਦਾ ਹੈ, ਸਗੋਂ ਉਹਨਾਂ ਨੂੰ ਇੱਕ ਸਮਝਦਾਰ ਅਤੇ ਸੰਵੇਦਨਸ਼ੀਲ ਇਨਸਾਨ ਵੀ ਬਣਾਉਂਦਾ ਹੈ। ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡਾ ਦੇਸ਼ ਵਿਸ਼ਵ ਪੱਧਰ 'ਤੇ ਗਿਆਨ ਅਤੇ ਨਵੀਨਤਾ ਦੀ ਅਗਵਾਈ ਕਰੇ, ਤਾਂ ਸਾਨੂੰ ਆਪਣੀਆਂ ਕਲਾਸਾਂ ਵਿੱਚ ਸਵਾਲ ਪੁੱਛਣ ਦੇ ਸੱਭਿਆਚਾਰ ਨੂੰ ਜ਼ਿੰਦਾ ਰੱਖਣਾ ਪਵੇਗਾ। "ਵਿਗਿਆਨਕ ਦ੍ਰਿਸ਼ਟੀਕੋਣ ਸਿਰਫ਼ ਵਿਗਿਆਨ ਬਾਰੇ ਨਹੀਂ ਹੈ, ਇਹ ਸੱਚਾਈ ਦੀ ਖੋਜ ਦੀ ਇੱਕ ਨਿਰੰਤਰ ਪ੍ਰਕਿਰਿਆ ਹੈ।" ਸਿੱਖਿਆ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ ਦਾ ਅਰਥ ਹੈ ਚਾਹਤਰੀਆਂ ਨੂੰ ਸਿਰਫ਼ ਉੱਤਰ ਨਹੀਂ, ਸਗੋਂ ਸਹੀ ਸਵਾਲ ਪੁੱਛਣਾ ਸਿਖਾਉਣਾ। ਇਹ ਦ੍ਰਿਸ਼ਟੀਕੋਣ ਉਨ੍ਹਾਂ ਨੂੰ ਸਵੈ-ਨਿਰਭਰ, ਸਮਝਦਾਰ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਂਦਾ ਹੈ। ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਅਜਿਹੀ ਸਿੱਖਿਆ ਲਾਜ਼ਮੀ ਹੈ ਜੋ ਗਿਆਨ ਦੇ ਨਾਲ-ਨਾਲ ਵਿਗਿਆਨਕ ਸੋਚ ਨੂੰ ਵੀ ਵਿਕਸਤ ਕਰੇ।



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ


GIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਆਰਟੀਫੀਸ਼ੀਅਲ ਇੰਟੈਲੀਜੈਂਸ ਕੀ ਹੈ?

21ਵੀਂ ਸਦੀ ਦਾ ਯੁੱਗ ਆਰਟੀਫੀਸ਼ੀਅਲ ਇੰਟੈਲੀਜੈਂਸ (ਅੀ) ਦਾ ਯੁੱਗ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ ਇੱਕ ਅਜਿਹੀ ਤਕਨੀਕ ਹੈ ਜੋ ਉਦਯੋਗਾਂ, ਸਮਾਜ ਅਤੇ ਰੋਜ਼ਾਨਾ ਜੀਵਨ ਨੂੰ ਇੱਕ ਨਵਾਂ ਆਕਾਰ ਦੇ ਰਹੀ ਹੈ।

ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਪਰਿਭਾਸ਼ਾ!

ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਮਤਲਬ ਹੈ ਮਸ਼ੀਨਾਂ ਵਿੱਚ ਮਨੁੱਖੀ ਬੁੱਧੀ ਵਾਂਗ ਕੰਮ ਕਰਨ ਦੀ ਸਮਰੱਥਾ ਪੈਦਾ ਕਰਨਾ । ਮਸ਼ੀਨਾਂ ਵਿੱਚ ਅਜਿਹਾ ਕਰਨ ਲਈ ਉਹਨਾਂ ਨੂੰ ਇਸ ਤਰ੍ਹਾਂ ਪ੍ਰੋਗਰਾਮ ਕੀਤਾ ਗਿਆ ਹੈ ਕਿ ਉਹ ਮਨੁੱਖਾਂ ਦੀ ਤਰ੍ਹਾਂ ਸੋਚਣ, ਸਿੱਖਣ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਮਰੱਥ ਹੋਣ।

ਆਰਟੀਫੀਸ਼ੀਅਲ ਇੰਟੈਲੀਜੈਂਸ ਪ੍ਰਣਾਲੀਆਂ ਨੂੰ ਦੋ ਕਿਸਮਾਂ ਵਿੱਚ ਵੰਡਿਆ ਜਾ ਸਕਦਾ ਹੈ:

- ਨੈਰੋ ਆਰਟੀਫੀਸ਼ੀਅਲ ਇੰਟੈਲੀਜੈਂਸ (ਕਮਜ਼ੋਰ ਏਆਈ): ਵਿਸ਼ੇਸ਼ ਕੰਮਾਂ ਲਈ ਡਿਜ਼ਾਈਨ ਕੀਤਾ ਗਿਆ (ਜਿਵੇਂ ਕਿ ਵਾਇਸ ਅਸਿਸਟੈਂਟ)।
- ਜਨਰਲ ਆਰਟੀਫੀਸ਼ੀਅਲ ਇੰਟੈਲੀਜੈਂਸ (ਮਜ਼ਬੂਤ ਅੀ): ਇੱਕ ਸਿਧਾਂਤਕ ਰੂਪ ਦਾ ਆਰਟੀਫੀਸ਼ੀਅਲ ਇੰਟੈਲੀਜੈਂਸ ਜੋ ਕਿਸੇ ਵੀ ਬੌਧਿਕ ਕਾਰਜ ਨੂੰ ਕਰਨ ਦੀ ਸਮਰੱਥਾ ਰੱਖੇਗਾ ਜੋ ਮਨੁੱਖ ਕਰ ਸਕਦਾ ਹੈ। ਇਹ ਰੂਪ ਹਾਲੇ ਵਿਕਾਸਧੀਨ ਹੈ।

ਆਰਟੀਫੀਸ਼ੀਅਲ ਇੰਟੈਲੀਜੈਂਸ ਕਿਵੇਂ ਕੰਮ ਕਰਦਾ ਹੈ

ਆਰਟੀਫੀਸ਼ੀਅਲ ਇੰਟੈਲੀਜੈਂਸ ਮਸ਼ੀਨ ਲਰਨਿੰਗ, ਡੀਪ ਲਰਨਿੰਗ, ਨੈਚਰਲ ਲੈਂਗਵੇਜ ਪ੍ਰੋਸੈਸਿੰਗ ਅਤੇ ਨਿਊਰਲ ਨੈੱਟਵਰਕ ਦੇ ਸੰਯੋਜਨ ਦੁਆਰਾ ਚਲਾਇਆ ਜਾਂਦਾ ਹੈ। ਇਹ ਪ੍ਰਣਾਲੀਆਂ ਵਿਸ਼ਾਲ ਮਾਤਰਾ ਵਿੱਚ ਡੇਟਾ ਦਾ ਵਿਸ਼ਲੇਸ਼ਣ ਕਰਦੀਆਂ ਹਨ ਉਸ ਤੋਂ ਪੈਟਰਨ ਸਿੱਖਦੀਆਂ ਹਨ ਅਤੇ ਉਸ ਸਿੱਖਣ ਦੇ ਆਧਾਰ 'ਤੇ ਫੈਸਲੇ ਲੈਂਦੀਆਂ ਹਨ।

ਉਦਯੋਗਾਂ ਵਿੱਚ ਐਪਲੀਕੇਸ਼ਨ

ਆਰਟੀਫੀਸ਼ੀਅਲ ਇੰਟੈਲੀਜੈਂਸ ਹੁਣ ਕੇਵਲ ਇੱਕ ਭਵਿੱਖ ਦੀ ਤਕਨੀਕ ਹੀ ਨਹੀਂ ਰਹੀ ਬਲਕਿ ਇਹ ਆਮ ਜੀਵਨ ਦਾ ਹਿੱਸਾ ਬਣਨ ਲਈ ਪੂਰੀ ਤਰ੍ਹਾਂ ਤਿਆਰ ਹੋ ਰਹੀ ਹੈ।

- ਸਿਹਤ ਸੇਵਾ:

ਆਰਟੀਫੀਸ਼ੀਅਲ ਇੰਟੈਲੀਜੈਂਸ ਡਾਇਗਨੋਸਟਿਕਸ, ਵਿਅਕਤੀਗਤ ਇਲਾਜ ਅਤੇ ਰੋਬੋਟਿਕ ਸਰਜਰੀ ਵਿੱਚ ਸਹਾਇਤਾ ਕਰਦਾ ਹੈ।

- ਵਿੱਤ:

ਠੱਗੀ ਦੀ ਪਛਾਣ, ਕਰੇਡਿਟ ਸਕੋਰਿੰਗ ਅਤੇ ਐਲਗੋਰਿਦਮਿਕ ਟਰੇਡਿੰਗ ਵਿੱਚ ਵਰਤਿਆ ਜਾਂਦਾ ਹੈ।

- ਸਿੱਖਿਆ:

ਅਨੁਕੂਲਿਤ ਸਿੱਖਣ ਪਲੇਟਫਾਰਮ ਅਤੇ ਵਿਅਕਤੀਗਤ ਟਿਊਟਰਿੰਗ ਸਿਸਟਮ ਨੂੰ ਸ਼ਕਤੀ ਦਿੰਦਾ ਹੈ।

- ਖੇਤੀਬਾੜੀ:

ਫਸਲਾਂ ਦੀ ਨਿਗਰਾਨੀ, ਉਪਜ ਦੀ ਭਵਿੱਖਵਾਣੀ ਅਤੇ ਸਰੋਤਾਂ ਦਾ ਪ੍ਰਬੰਧਨ ਕਰਨ ਵਿੱਚ ਮਦਦ ਕਰਦਾ ਹੈ।

- ਰੇਟੇਲ:

ਚੈਟਬੋਟ, ਇਨਵੈਂਟਰੀ ਪ੍ਰਬੰਧਨ ਅਤੇ ਸੁਝਾਅ ਇੰਜਣਾਂ ਦੇ ਜ਼ਰੀਏ ਗਾਹਕ ਦੇ ਅਨੁਭਵ ਨੂੰ ਵਧਾਉਂਦਾ ਹੈ।

- ਆਵਾਜਾਈ:

ਸਵੈ ਚਾਲਤ ਵਾਹਨ ਅਤੇ ਸਮਾਰਟ ਟ੍ਰੈਫਿਕ ਸਿਸਟਮ ਸੁਰੱਖਿਅਤ ਅਤੇ ਕੁਸ਼ਲ ਗਤੀਵਿਧੀਆਂ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਨਿਰਭਰ ਕਰਦੇ ਹਨ।

ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਫ਼ਾਇਦੇ

- ਵਧੀਆ ਕੁਸ਼ਲਤਾ:

ਆਰਟੀਫੀਸ਼ੀਅਲ ਇੰਟੈਲੀਜੈਂਸ ਪ੍ਰਣਾਲੀਆਂ ਡੇਟਾ ਨੂੰ ਮਨੁੱਖਾਂ ਦੀ ਤੁਲਨਾ ਵਿੱਚ ਤੇਜ਼ੀ ਨਾਲ ਪ੍ਰੋਸੈੱਸ ਅਤੇ ਵਿਸ਼ਲੇਸ਼ਣ ਕਰ ਸਕਦੀਆਂ ਹਨ।

- ਲਾਗਤ ਦੀ ਬਚਤ:

ਕਾਰਜਾਂ ਦੀ ਸਾਂਝ ਨਾਲ ਮਜ਼ਦੂਰੀ ਦੀ ਲਾਗਤ ਅਤੇ ਮਨੁੱਖੀ ਗਲਤੀਆਂ ਨੂੰ ਘੱਟ ਕਰਦਾ ਹੈ।

- 24/7 ਉਪਲਬਧਤਾ:

ਆਰਟੀਫੀਸ਼ੀਅਲ ਇੰਟੈਲੀਜੈਂਸ ਚੱਲਦੇ ਉਪਕਰਨ ਬਿਨਾਂ ਥਕਾਵਟ ਦੇ ਲਗਾਤਾਰ 24 ਘੰਟੇ ਕੰਮ ਕਰ ਸਕਦੇ ਹਨ।

- ਸੁਧਰੇ ਹੋਏ ਫ਼ੈਸਲੇ ਬਣਾਉਣਾ:

ਆਰਟੀਫੀਸ਼ੀਅਲ ਇੰਟੈਲੀਜੈਂਸ ਕਾਰੋਬਾਰਾਂ ਅਤੇ ਸਰਕਾਰਾਂ ਨੂੰ ਡੇਟਾ-ਆਧਾਰਿਤ ਫ਼ੈਸਲੇ ਕਰਨ ਵਿੱਚ ਮਦਦ ਕਰਦਾ ਹੈ।

ਚਿੰਤਾਵਾਂ ਅਤੇ ਚੁਣੌਤੀਆਂ

ਇਨ੍ਹਾਂ ਫ਼ਾਇਦਿਆਂ ਦੇ ਬਾਵਜੂਦ ਆਰਟੀਫੀਸ਼ੀਅਲ ਇੰਟੈਲੀਜੈਂਸ ਕਈ ਮਹੱਤਵਪੂਰਣ ਚਿੰਤਾਵਾਂ ਨੂੰ ਵੀ ਪੇਸ਼ ਕਰਦਾ ਹੈ:

- ਨੌਕਰੀਆਂ ਦਾ ਵਿਸਥਾਪਨ:

ਆਪਸੀਕਰਨ ਪਰੰਪਰਾਗਤ ਨੌਕਰੀਆਂ ਨੂੰ ਖ਼ਤਰੇ ਵਿੱਚ ਪਾਉਂਦਾ ਹੈ, ਖਾਸ ਕਰਕੇ ਉਤਪਾਦਨ ਅਤੇ ਗਾਹਕ ਸੇਵਾ ਵਿੱਚ।

- ਗੋਪਨੀਯਤਾ ਦੇ ਮੁੱਦੇ:

ਆਰਟੀਫੀਸ਼ੀਅਲ ਇੰਟੈਲੀਜੈਂਸ ਅਕਸਰ ਵੱਡੇ ਮਾਤਰਾ ਵਿੱਚ ਨਿੱਜੀ ਡੇਟਾ ਦੀ ਲੋੜ ਰੱਖਦੀ ਹੈ ਜਿਸ ਨਾਲ ਨੈਤਿਕਤਾ ਅਤੇ ਗੋਪਨੀਯਤਾ ਸੰਬੰਧਿਤ ਚਿੰਤਾਵਾਂ ਉੱਠਦੀਆਂ ਹਨ।

- ਅਣਚਾਹੇ ਨਤੀਜ਼ੇ:

ਆਰਟੀਫੀਸ਼ੀਅਲ ਇੰਟੈਲੀਜੈਂਸ ਉਸ ਡੇਟਾ ਵਿੱਚ ਮਨੁੱਖੀ ਪੂਰਵਾਗ੍ਰਹਿ ਨੂੰ ਵਿਰਾਸਤ ਦੇ ਸਕਦੀ ਹੈ ਜਿਸ 'ਤੇ ਇਸਨੂੰ ਢਾਲਿਆ ਗਿਆ ਹੈ, ਜਿਸ ਨਾਲ ਅਣ ਚਾਹੇ ਨਤੀਜੇ ਆ ਸਕਦੇ ਹਨ।


- ਸੁਰੱਖਿਆ ਖਤਰਿਆਂ:

ਸਾਈਬਰ ਹਮਲੇ, ਨਿਗਰਾਨੀ ਅਤੇ ਜੰਗ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਦੁਰਉਪਯੋਗ ਦਾ ਖ਼ਤਰਾ ਵੱਧ ਰਿਹਾ ਹੈ।

ਭਵਿੱਖ ਦਾ ਰੂਪ

ਸਰਕਾਰਾਂ, ਤਕਨੀਕੀ ਕੰਪਨੀਆਂ ਅਤੇ ਖੋਜਕਾਰ ਹੁਣ ਜ਼ਿੰਮੇਵਾਰ ਆਰਟੀਫੀਸ਼ੀਅਲ ਇੰਟੈਲੀਜੈਂਸ ਬਣਾਉਣ 'ਤੇ ਧਿਆਨ ਕੇਂਦ੍ਰਿਤ ਕਰ ਰਹੇ ਹਨ।ਇਹ ਯਕੀਨੀ ਬਣਾਉਣਾ ਕਿ ਇਹ ਨੈਤਿਕ, ਪਾਰਦਰਸ਼ਕ ਅਤੇ ਸੁਖਾਲੀ ਹੋਵੇ। ਆਰਟੀਫੀਸ਼ੀਅਲ ਇੰਟੈਲੀਜੈਂਸ ਵਿਕਾਸ ਨੂੰ ਮਾਰਗਦਰਸ਼ਿਤ ਕਰਨ ਅਤੇ ਦੁਰਉਪਯੋਗ ਨੂੰ ਰੋਕਣ ਲਈ ਅੰਤਰਰਾਸ਼ਟਰਾਈ ਨਿਯਮਾਂ ਦੀ ਮੰਗ ਕੀਤੀ ਜਾ ਰਹੀ ਹੈ। ਭਵਿੱਖ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਹੋਰ ਵਿਕਸਤ ਹੋਣ ਦੀ ਸੰਭਾਵਨਾ ਹੈ। ਪਰ ਸਿਆਣੇ ਕਹਿੰਦੇ ਹਨ ਕਿ ਤਾਕਤ ਨਾਲ ਜ਼ਿੰਮੇਵਾਰੀ ਵੀ ਆਉਂਦੀ ਹੈ ਅਤੇ ਇਸ ਕਾਰਨ ਦੁਨੀਆਂ ਭਰ ਵਿਗਿਆਨਿਕਾਂ ਨੂੰ ਮਨੁੱਖਤਾ ਦੇ ਲਾਭ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਇਕੱਠੇ ਕੰਮ ਕਰਨ ਦੀ ਲੋੜ ਹੈ।






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

TAKE CONTROL OF YOUR HEALTH!

PRIVATE, AFFORDABLE, & CONVENIENT

8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

NO INSURANCE? NO PROBLEM!

WALK-INS WELCOME

ANY LAB TEST NOW

ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਮੰਟੋ ਜ਼ਿੰਦਾ ਰਹੇਗਾ...

ਸਆਦਤ ਹਸਨ ਮੰਟੋ ਉਰਦੂ ਦਾ ਪ੍ਰਸਿੱਧ ਲੇਖਕ, ਨਾਟਕਕਾਰ, ਸਾਹਿਤਕਾਰ ਤੇ ਅਫ਼ਸਾਨਾਨਿਗਾਰ ਹੋ ਗੁਜ਼ਰਿਆ ਹੈ। ਨਾਲ ਹੀ ਉਹ ਫ਼ਿਲਮ ਰੇਡੀਓ ਪਟਕਥਾ ਲੇਖਕ ਤੇ ਪੱਤਰਕਾਰ ਵੀ ਸੀ। ਉਸ ਦਾ ਜਨਮ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਪਪੜੌਦੀ (ਨੇੜੇ ਸਮਰਾਲਾ) ਵਿਖੇ 11 ਮਈ 1912 ਨੂੰ ਹੋਇਆ ਸੀ। ਉਹ ਇਕ ਮੁਸਲਿਮ ਪਰਿਵਾਰ 'ਚ ਜਨਮਿਆ ਸੀ । ਉਸ ਦੇ ਪਿਤਾਗੁਲਾਮ ਹਸਨ ਮੰਟੋ ਸਥਾਨਕ ਕਚਹਿਰੀ ਵਿਚ ਜੱਜ ਸਨ। ਉਹ ਦੋ ਦੇਸ਼ਾਂ ਦਾ ਨਾਗਰਿਕ ਰਿਹਾ ਪਹਿਲਾਂ ਭਾਰਤ (1934-1948) ਅਤੇ ਫਿਰ ਪਾਕਿਸਤਾਨ (1948-1955)। ਉਸ ਦਾ ਸਰਗਰਮ ਲਿਖਣ-ਕਾਲ 1934 ਤੋਂ 1955 ਤਕ ਦਾ ਹੈ। ਉਸ ਦੀ ਜ਼ਿੰਦਗੀ ਵਿਚ ਵੱਡਾ ਪਰਿਵਰਤਨ 1931 'ਚ ਆਇਆ, ਜਦੋਂ ਉਹ ਇੱਕੀ ਸਾਲ ਦਾ ਸੀ। ਉਹ ਉਸ ਸਮੇਂ ਅਬਦੁਲ ਬਾਰੀ ਬੇਗ ਨੂੰ ਮਿਲਿਆ, ਜੋ ਆਪਣੇ ਸਮੇਂ ਦਾ ਇਕ ਵੱਡਾ ਵਿਦਵਾਨ ਅਤੇ ਪ੍ਰਸਿੱਧ ਲੇਖਕ ਸੀ। ਬਾਰੀ ਨੇ ਉਸ ਨੂੰ ਉਤਸ਼ਾਹਿਤ ਕੀਤਾ ਕਿ ਉਹ ਆਪਣੀ ਸਹੀ ਪ੍ਰਤਿਭਾ ਦੀ ਪਛਾਣ ਕਰੇ ਅਤੇ ਰੂਸੀ ਤੇ ਫਰਾਂਸੀਸੀ ਲੇਖਕਾਂ ਨੂੰ ਪੜ੍ਹੇ।

ਕੁਝ ਮਹੀਨਿਆਂ ਅੰਦਰ ਹੀ ਮੰਟੋ ਨੇ ਵਿਕਟਰ ਹਿਊਗੋ ਦੀਆਂ ਕਹਾਣੀਆਂ 'ਦ ਲਾਸਟ ਡੇਅ ਆਫ ਕਨਡੈਮਡ ਮੈਨ' ਦਾ ਅਨੁਵਾਦ ਕਰ ਦਿੱਤਾ, ਜਿਸ ਨੂੰ ਉਰਦੂ ਬੁੱਕ ਸਟਾਲ ਲਾਹੌਰ ਨੇ 'ਸਰਗੁਸ਼ਤ-ਏ-ਅਸੀਰ (ਇਕ ਕੈਦੀ ਦੀ ਕਹਾਣੀ) ਦੇ ਨਾਂ ਹੇਠ ਛਾਪਿਆ। ਛੇਤੀ ਹੀ ਪਿੱਛੋਂ ਉਹ 'ਮਸਾਵਤ' (ਲੁਧਿਆਣੇ ਤੋਂ ਪ੍ਰਕਾਸ਼ਿਤ ਰੋਜ਼ਾਨਾ ਪੱਤ੍ਰਿਕਾ) ਦੇ ਸੰਪਾਦਕੀ ਮੰਡਲ ਨਾਲ ਜੁੜ ਗਿਆ। ਫਰਵਰੀ 1934 'ਚ ਉਸ ਨੇ ਗ੍ਰੈਜੂਏਸ਼ਨ ਕਰਨ ਲਈ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ 'ਚ ਦਾਖ਼ਲਾ ਲੈ ਲਿਆ ਅਤੇ ਉੱਥੇ ਭਾਰਤੀ ਪ੍ਰੋਗਰੈਸਿਵ ਰਾਈਟਰਜ਼ ਐਸੋਸੀਏਸ਼ਨ ਨਾਲ ਜੁੜ ਗਿਆ। ਉੱਥੇ ਉਸ ਦੀ ਮੁਲਾਕਾਤ ਅਲੀ ਸਰਦਾਰ ਜਾਫ਼ਰੀ ਨਾਲ ਹੋਈ ਅਤੇ ਮੰਟੋ ਨੂੰ ਆਪਣੀਆ ਲਿਖਤਾਂ ਵਿਚ ਨਵੀਂ ਤਾਜ਼ਗੀ ਮਹਿਸੂਸ ਹੋਈ। ਉਸ ਦੀ ਇਕ ਕਹਾਣੀ 'ਅਲੀਗੜ੍ਹ ਮੈਗਜ਼ੀਨ' ਵਿਚ 'ਇਨਕਲਾਬ ਪਸੰਦ' ਦੇ ਨਾਂ ਹੇਠ ਮਾਰਚ 1935 'ਚ ਪ੍ਰਕਾਸ਼ਿਤ ਹੋਈ।

1934 ਵਿਚ ਮੰਟੋ ਪਹਿਲੀ ਵਾਰ ਮੁੰਬਈ ਆਇਆ ਤੇ ਮੈਗਜ਼ੀਨਾਂ/ ਅਖ਼ਬਾਰਾਂ ਲਈ ਲਿਖਣਾ ਸ਼ੁਰੂ ਕਰ ਦਿੱਤਾ। ਨਾਲ-ਨਾਲ ਉਹ ਹਿੰਦੀ ਫਿਲਮ ਇੰਡਸਟਰੀ ਲਈ ਸਕ੍ਰਿਪਟ-ਲੇਖਨ ਕਰਨ ਲੱਗਿਆ। ਇਸ ਦੌਰਾਨ ਉਹ ਨੂਰਜਹਾਂ, ਨੌਸ਼ਾਦ, ਇਸਮਤ ਚਗੁਤਾਈ, ਸ਼ਿਆਮ ਅਤੇ ਅਸ਼ੋਕ ਕੁਮਾਰ ਦਾ ਚੰਗਾ ਮਿੱਤਰ ਬਣ ਗਿਆ। ਉਦੋਂ ਉਹ ਫੋਰਸ ਲੇਨ ਵਿਖੇ ਰਹਿੰਦਾ ਸੀ, ਜੋ ਬੰਬਈ ਦੇ ਕਮਾਥੀਪੁਰਾ ਦਾ ਰੈੱਡ ਲਾਈਟ ਏਰੀਆ ਸੀ। ਉਸ ਨੇ ਆਪਣੇ ਆਲੇ-ਦੁਆਲੇ ਜੋ ਵੇਖਿਆ, ਉਸ ਦਾ ਉਹਦੀਆਂ ਲਿਖਤਾਂ 'ਤੇ ਡੂੰਘਾ ਪ੍ਰਭਾਵ ਪਿਆ। 1941 ਵਿਚ ਉਸ ਨੇ ਆਲ ਇੰਡੀਆ ਰੇਡੀਓ ਦੀ ਉਰਦੂ ਸਰਵਿਸ ਲਈ ਨੌਕਰੀ ਕਰ ਲਈ। ਇਹ ਉਹਦੇ ਅਗਲੇ ਅਠਾਰਾਂ ਮਹੀਨਿਆਂ ਲਈ ਚੰਗਾ ਸਮਾਂ ਸਿੱਧ ਹੋਇਆ। ਉਦੋਂ ਉਸ ਨੇ ਕਰੀਬ ਚਾਰ ਸੰਗ੍ਰਹਿ (ਰੇਡੀਓ ਨਾਟਕ) ਪ੍ਰਕਾਸ਼ਿਤ ਕਰਵਾਏ। ਉਸ ਨੇ ਕਹਾਣੀਆਂ ਲਿਖਣੀਆਂ ਵੀ ਜਾਰੀ ਰੱਖੀਆਂ ਅਤੇ ਉਹਦਾ ਇਕ ਕਹਾਣੀ ਸੰਗ੍ਰਹਿ 'ਧੂੰਆਂ' ਨਾਂ ਹੇਠ ਪ੍ਰਕਾਸ਼ਿਤ ਹੋਇਆ। ਇਸ ਤੋਂ ਪਹਿਲਾਂ ਉਹ 'ਮੰਟੋ ਕੇ ਅਫਸਾਨੇ' ਪ੍ਰਕਾਸ਼ਿਤ ਕਰਵਾ ਚੁੱਕਾ ਸੀ ਅਤੇ ਨਾਲ ਹੀ ਉਹਦਾ ਵਾਰਤਕ ਸੰਗ੍ਰਹਿ 'ਮੰਟੋ ਕੇ ਮਜ਼ਾਮੀਨ' ਛਪ ਗਿਆ ਸੀ । ਇਸ ਸਮੇਂ ਦੌਰਾਨ ਹੀ ਉਸ ਦਾ ਇਕ ਮਿਸ਼ਰਿਤ ਸੰਗ੍ਰਹਿ 'ਅਫ਼ਸਾਨੇ ਔਰ ਡਰਾਮੇ' 1943 ਵਿਚ ਛਪਿਆ। ਆਲ ਇੰਡੀਆ ਰੇਡੀਓ ਦੇ ਡਾਇਰੈਕਟਰ ਐੱਨ ਐੱਮ ਰਾਸ਼ਿਦ ਨਾਲ ਝਗੜਾ ਹੋਣ ਪਿੱਛੋਂ ਉਸ ਨੇ ਇਹ ਨੌਕਰੀ ਛੱਡ ਦਿੱਤੀ ਅਤੇ ਬੰਬਈ ਮੁੜ ਆਇਆ ਅਤੇ ਮੁੜ ਤੋਂ ਫਿਲਮ ਨਗਰੀ ਲਈ ਕੰਮ ਕਰਨ ਲੱਗਾ। ਉਹ ਬੰਬਈ 'ਚ ਦੇਸ਼ ਦੀ ਵੰਡ ਪਿੱਛੋਂ ਜਨਵਰੀ 1948 ਤਕ ਰਹਿੰਦਾ ਰਿਹਾ। ਉਸ ਨੂੰ ਦੇਸ਼ ਦੀ ਵੰਡ ਤੋਂ ਪਿੱਛੋਂ ਭਾਰਤ 'ਚ ਰਹਿਣਾ ਹੀ ਚੰਗਾ ਲੱਗਦਾ ਸੀ ਪਰ 1948 'ਚ ਉਸ ਦੀ ਪਤਨੀ ਅਤੇ ਬੱਚੇ ਆਪਣੇ ਰਿਸ਼ਤੇਦਾਰਾਂ ਨੂੰ ਮਿਲਣ ਲਈ ਲਾਹੌਰ ਚਲੇ ਗਏ। ਇਸ ਦੌਰਾਨ ਬੰਬਈ 'ਚ ਅਕਸਰ ਫਿਰਕੂ ਫਸਾਦ ਹੋਣ ਲੱਗੇ ਤਾਂ ਮੰਟੋ ਨੇ ਵੀ ਪਾਕਿਸਤਾਨ ਜਾਣ ਦਾ ਫ਼ੈਸਲਾ ਕਰ ਲਿਆ। ਮੰਟੋ ਤੇ ਉਹਦੇ ਪਰਿਵਾਰ ਨੂੰ ਪਾਕਿਸਤਾਨ 'ਚ 'ਮੁਹਾਜਿਰ' ਸਮਝਿਆ ਗਿਆ।ਜਦੋਂ ਮੰਟੋ ਬੰਬਈ ਤੋਂ ਲਾਹੌਰ ਗਿਆ, ਉਹ ਉੱਥੇ 'ਪਾਕਿ ਟੀ ਹਾਊਸ' ਵਿਚ ਬਹੁਤ ਸਾਰੇ ਬੁੱਧੀਜੀਵੀਆਂ ਨੂੰ ਮਿਲਿਆ। ਲਾਹੌਰ 'ਚ ਮੰਟੋ ਆਪਣੀ ਬੀਵੀ ਅਤੇ ਪਰਿਵਾਰ ਨਾਲ ਲਕਸ਼ਮੀ ਮੈਨਸ਼ਨ ਵਿਚ ਰਿਹਾ। ਇਹ ਤਿੰਨ-ਮੰਜ਼ਿਲੀ ਇਮਾਰਤ ਲਾਲਾ ਲਾਜਪਤ ਰਾਏ ਦੀ 'ਲਕਸ਼ਮੀ ਇੰਸ਼ੋਰੈਂਸ ਕੰਪਨੀ' ਵੱਲੋਂ ਬਣਾਈ ਗਈ ਸੀ, ਜਿਸ ਦਾ ਉਦਘਾਟਨ ਸਰੋਜਨੀ ਨਾਇਡੂ ਨੇ ਕੀਤਾ ਸੀ ਅਤੇ ਕਿਸੇ ਸਮੇਂ ਪ੍ਰਸਿੱਧ ਵਕੀਲ ਕੇ ਸਾਂਥਾਨਾਮ ਦੀ ਰਿਹਾਇਸ਼ ਸੀ। ਆਪਣੇ ਆਖਰੀ ਸਮੇਂ 'ਚ ਮੰਟੋ ਬਹੁਤ ਜ਼ਿਆਦਾ ਸ਼ਰਾਬ ਪੀਣ ਲੱਗ ਪਿਆ ਸੀ, ਜਿਸ ਕਾਰਨ ਉਹਦਾ ਜਿਗਰ ਖ਼ਰਾਬ ਹੋ ਗਿਆ ਸੀ। ਸਿਰਫ਼ 42 ਸਾਲ ਦੀ ਉਮਰ 'ਚ 18 ਜਨਵਰੀ 1955 ਨੂੰ ਉਹ ਹਾਲ ਰੋਡ, ਲਾਹੌਰ ਵਿਚ ਸਦਾ ਲਈ ਵਿਛੋੜਾ ਦੇ ਗਿਆ। ਉਹ ਆਪਣੇ ਪਿੱਛੇ ਪਤਨੀ ਸਫੀਆ ਅਤੇ ਧੀਆਂ ਨਿਗਹਤ ਪਟੇਲ, ਨਜ਼ਹਤ ਅਰਸ਼ਦ ਤੇ ਨੁਸਰਤ ਜਲਾਲ ਨੂੰ ਛੱਡ ਗਿਆ। ਉਸ ਦੀ ਧੀ ਨਿਗਹਤ ਪਟੇਲ ਹੁਣ ਵੀ ਉੱਥੇ ਹੀ ਰਹਿੰਦੀ ਹੈ ਜਿੱਥੇ ਮੰਟੋ ਰਹਿੰਦਾ ਰਿਹਾ ਸੀ।ਮੰਟੋ ਨੇ ਜੀਵਨ ਭਰ ਲੇਖਕ ਵਜੋਂ ਕਾਰਜ ਕੀਤਾ ਜਿਸ ਦੀ ਜ਼ਿੰਦਗੀ ਬਹਿਸ ਅਤੇ ਸਵੈ-ਪੜਚੋਲ ਦਾ ਵਿਸ਼ਾ ਰਹੀ। ਉਸ ਦੀ ਜਨਮ ਸ਼ਤਾਬਦੀ (2012) ਮੌਕੇ ਦਾਨਿਸ਼ ਇਕਬਾਲ ਦੇ ਸਟੇਜ ਨਾਟਕ 'ਇਕ ਕੁੱਤੇ ਕੀ ਕਹਾਨੀ' ਵਿਚ ਮੰਟੋ ਨੂੰ ਨਵੇਂ ਪਰਿਪੇਖ 'ਚ ਪ੍ਰਸਤੁਤ ਕੀਤਾ ਗਿਆ। ਅਠਾਰਾਂ ਜਨਵਰੀ 2005 ਨੂੰ ਉਸ ਦੀ 50ਵੀਂ ਬਰਸੀ ਮੌਕੇ ਪਾਕਿਸਤਾਨ ਸਰਕਾਰ ਨੇ ਇਕ ਡਾਕ ਟਿਕਟ ਜਾਰੀ ਕੀਤੀ। 14 ਅਗਸਤ 2012 ਨੂੰ ਪਾਕਿਸਤਾਨੀ ਸੁਤੰਤਰਤਾ ਦਿਵਸ 'ਤੇ ਮੰਟੋ ਨੂੰ ਮੌਤ ਪਿੱਛੋਂ 'ਨਿਸ਼ਾਨੇ ਇਮਤਿਆਜ਼' ਪੁਰਸਕਾਰ ਪ੍ਰਦਾਨ ਕੀਤਾ ਗਿਆ। ਸੰਨ 2015 'ਚ ਪਾਕਿਸਤਾਨੀ ਐਕਟਰ ਤੇ ਡਾਇਰੈਕਟਰ ਸਰਮਦ ਪੋਸਟ ਨੇ ਫਿਲਮ 'ਮੈਂਟ' ਬਣਾਈ ਜੋ ਉਸ ਦੀ ਜ਼ਿੰਦਗੀ 'ਤੇ ਆਧਾਰਤ ਹੈ। ਸੰਨ 2018 'ਚ ਬੀਬੀਸੀ ਨੇ ਟੋਬਾ ਟੇਕ ਸਿੰਘ ਨੂੰ 100 ਸ਼੍ਰੋਮਣੀ "ਵਿਸ਼ਵ ਕਹਾਣੀਆਂ" ਵਿਚ ਸ਼ਾਮਲ ਕੀਤਾ ਜਿਸ ਵਿਚ ਹੋਮਰ ਤੇ ਵਿਰਜੀਨੀਆ ਵੂਲਫ਼ ਦੀਆਂ ਰਚਨਾਵਾਂ ਵੀ ਸ਼ਾਮਲ ਹਨ। ਸੰਨ 2018 'ਚ ਨੰਦਿਤਾ ਦਾਸ ਨੇ ਬਾਲੀਵੁੱਡ ਫਿਲਮ 'ਮੰਟੋ' ਬਣਾਈ ਜਿਸ ਵਿਚ ਨਿਵਾਜ਼ੂਦੀਨ ਸਿੱਦੀਕੀ ਨੇ ਕੰਮ ਕੀਤਾ।

ਮੰਟੋ ਨੇ ਦੇਸ਼ ਦੀ ਵੰਡ ਨੂੰ ਆਪਣੀਆਂ ਲਿਖਤਾਂ ਦਾ ਆਧਾਰ ਬਣਾਇਆ। ਉਸ ਦੀ ਪਹਿਲੀ ਕਹਾਣੀ 'ਤਮਾਸ਼ਾ' ਜੱਲ੍ਹਿਆਂਵਾਲਾ ਬਾਗ਼ ਕਾਂਡ 'ਤੇ ਆਧਾਰਤ ਹੈ ਜਦਕਿ ਆਖ਼ਰੀ ਕਹਾਣੀ 'ਟੋਭਾ ਟੇਕ ਸਿੰਘ' ਹੈ। ਮੰਟੋ ਨੇ ਫਿਲਮੀ ਅਦਾਕਾਰਾਂ ਨਵਾਬ ਕਸ਼ਮੀਰੀ, ਸਿਤਾਰਾ, ਕੁਲਦੀਪ ਕੌਰ, ਪਾਰੋ ਦੇਵੀ, ਰਫੀਕ ਕਸਵੀ ਅਤੇ 7 ਸਾਹਿਤਕਾਰਾਂ-ਚਿਰਾਗ਼ ਹਸਨ, ਹਸਰਤ ਅਤੇ ਹੋਰਨਾਂ ਦੇ ਰੇਖਾ-ਚਿੱਤਰ ਆਪਣੀਆਂ ਪੁਸਤਕਾਂ 'ਮੀਨਾ ਬਾਜ਼ਾਰ', 'ਗੰਜੇ ਫਰਿਸ਼ਤੇ' ਅਤੇ 'ਲਾਊਡ ਸਪੀਕਰ ਵਿਚ ਲਿਖੇ। ਰੇਖਾ-ਚਿੱਤਰ ਲਿਖਣ ਵਿਚ ਮੰਟੋ ਨੇ ਕਿਸੇ ਨੂੰ ਵੀ ਨਹੀਂ ਬਖਸ਼ਿਆ, ਇੱਥੋਂ ਤਕ ਕਿ ਆਪਣੇ-ਆਪ ਨੂੰ ਵੀ ਨਹੀਂ। ਬਲਵੰਤ ਗਾਰਗੀ ਨੇ ਆਪਣੀ ਪੁਸਤਕ 'ਹੁਸੀਨ ਚਿਹਰੇ' ਵਿਚ ਮੰਟੋ ਦੀ ਲਿਖਣ-ਸ਼ੈਲੀ ਬਾਰੇ ਇਸ ਤਰ੍ਹਾਂ ਬਿਆਨ ਕੀਤਾ ਹੈ : 'ਮੰਟੋ ਕੋਲ ਕਲਮ ਨਹੀਂ, ਤੇਜ਼ ਨਸ਼ਤਰ ਸੀ, ਜਿਸ ਨਾਲ ਉਹ ਸਮਾਜ ਦੀਆਂ ਨਾੜੀਆਂ 'ਚ ਖ਼ੂਨ ਕੱਢਦਾ ਸੀ । ਉਹ ਹਕੀਮ ਨਹੀਂ, ਸਰਜਨ ਸੀ। ਕਿਸੇ ਸਮੇਂ ਮੰਟੇ ਨੇ ਲਿਖਿਆ ਸੀ, "ਸਆਦਤ ਹਸਨ ਮਰ ਜਾਏਗਾ, ਮਗਰ ਮੰਟੋ ਜ਼ਿੰਦਾ ਰਹੇਗਾ" ਅਤੇ ਇਹ ਇਕ ਅਟੱਲ ਸੱਚਾਈ ਹੈ ਕਿ ਜਦ-ਤਕ ਮਾਨਵੀ ਸੰਵੇਦਨਾ ਹੈ, ਮੰਟੋ ਹਮੇਸ਼ਾ ਜ਼ਿੰਦਾ ਰਹੇਗਾ।



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.




ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਗੰਦ ,ਗ਼ੁਰਬਤ ਦੀਆਂ ਬਸਤੀਆਂ

"ਸ਼ਹਿਰ ਮੇਰੇ ਵਿੱਚ ਬਹੁਤ ਨੇ
ਗੰਦ,ਗ਼ੁਰਬਤ ਦੀਆਂ ਬਸਤੀਆਂ,
ਇਨ੍ਹਾਂ ਬਸਤੀਆਂ ਦੇ ਕਰਕੇ ਹੀ
ਸਫ਼ਾਈ ਹੈ ਮੇਰੇ ਸ਼ਹਿਰ ਵਿੱਚ।
ਕੱਲ੍ਹ ਤੱਕ ਸਾਰੇ ਹੀ ਇੱਕ ਸਨ
ਅੱਜ ਕੌਣ ਵੰਡੀਆਂ ਕਰ ਗਿਆ,
ਹੁਣ ਰਾਮ ਅੱਲ੍ਹਾ ਦੇ ਨਾਮ ਉੱਤੇ
ਤਬਾਹੀ ਹੈ ਮੇਰੇ ਸ਼ਹਿਰ ਵਿੱਚ।
ਉਨ੍ਹਾਂ ਲਈ ਤਾਂ ਤਗਮੇ ਅਹੁਦੇ ਨੇ
ਜਿਹੜੇ ਜ਼ਾਲਿਮ ਜਾਂ ਫਿਰ ਚੁੱਪ ਨੇ,
ਕਿਉਂ ਕਿ ਹੱਕਾਂ ਦੀ ਗੱਲ ਕਰਨ ਦੀ
ਹੁਣ ਕੋਤਾਹੀ ਹੈ ਮੇਰੇ ਸ਼ਹਿਰ ਵਿੱਚ।
ਹਾਕਮ ਖੋਲ੍ਹੀਆਂ ਨੇ ਅਸਾਮੀਆਂ
ਕਿ ਚਾਪਲੂਸਾਂ ਦੀ ਸਖ਼ਤ ਲੋੜ ਹੈ,
ਸੱਚ ਕਹਿਣ ਵਾਲੇ ਲੋਕਾਂ ਨੂੰ "ਸਨੀ"
ਹੁਣ ਮਨਾਹੀ ਹੈ ਮੇਰੇ ਸ਼ਹਿਰ ਵਿੱਚ।
ਕਹਿਣ ਦੇਸ਼ਧ੍ਰੋਹੀ ਹੈ ਕਵਿਤਾ ਤੇਰੀ
"ਸਨੀ" ਤੇਰਾ ਜੁਰਮ ਹੈ ਸੱਚ ਲਿਖਣਾ,
ਡਰਪੋਕ ਸਿਆਸਤ ਨੇ ਫਾਂਸੀ ਦੀ
ਸਜ਼ਾ ਸੁਣਾਈ ਹੈ ਤੇਰੇ ਸ਼ਹਿਰ ਵਿੱਚ।

**ਸਨੀ ਵਰਮਾ**
ਪਿੰਡ ਚਕੋਹੀ
ਤਹਿਸੀਲ ਖੰਨਾ
ਜ਼ਿਲਾ ਲੁਧਿਆਣਾ
+9162398-15585

# ਹੌਂਸਲਿਆਂ ਦੀ ਉਡਾਨ

ਰਾਹਾਂ ਚ ਪੱਥਰ ਬਹੁਤ ਨੇ,
ਪਰ ਹੌਂਸਲਾ ਅਜੇ ਥੱਕਿਆ ਨਹੀਂ,
ਹੌਂਸਲਿਆਂ ਦੀ ਉਡਾਨ ਕਦੇ,
ਜਮਾਨਾ ਰੋਕ ਸਕਿਆ ਨਹੀਂ।
ਹਾਰਾਂ ਤੋਂ ਸਿੱਖ-ਸਿੱਖ ਕੇ ਹੀ,
ਜਿੱਤ ਦੀ ਵਿਉਂਤ ਘੜਦੇ ਹਾਂ,
ਕੀ ਹੋਇਆ ਅਜੇ ਜਿੱਤ ਦਾ,
ਸਵਾਦ ਅਸੀਂ ਚੱਖਿਆ ਨਹੀਂ।
ਵਿਚਾਰਾਂ ਨੂੰ ਸਾਣ ਤੇ ਲਾ ਕੇ,
ਮੈਦਾਨੇ ਜੰਗ ਚ ਉਤਰੇ ਹਾਂ,
ਪਰ ਯੁੱਧ ਦਾ ਸੰਗਰਾਮ ਅਜੇ,
ਦੋਹਾਂ ਪਾਸਿਉਂ ਭੱਖਿਆ ਨਹੀਂ।
ਲੜਾਂਗੇ ਉਦੋਂ ਤੱਕ,ਹੈ ਜਦ ਤੱਕ,
ਲੜਨ ਦੀ ਲੋੜ ਧਰਤੀ ਤੇ,
ਅਸੀਂ ਹਾਕਮ ਮੂਹਰੇ ਆਪਣਾ,
ਜਮੀਰ ਗਿਰਵੀ ਰੱਖਿਆ ਨਹੀਂ।
ਜਿੱਤ ਦਾ ਪਰਚਮ ਲਹਿਰਾਂਵਾਂਗੇ,
ਮੰਜ਼ਿਲ ਤੇ ਪਹੁੰਚ ਕੇ ਇੱਕ ਦਿਨ,
ਅਸੀਂ ਸੂਹੀ ਸੱਜਰੀ ਸਵੇਰ ਨੂੰ,
ਅਜੇ ਤੱਕ ਤੱਕਿਆ ਨਹੀਂ।
ਦਿਲ ਦੇ ਵਲਵਲੇ ਲਿਖ ਦਿੱਤੇ,
ਸ਼ਬਦਾਂ ਵਿੱਚ ਪਰੋ ਕੇ ਮੈਂ,
ਦਿਲ ਦੀਆਂ ਸੱਧਰਾਂ ਨੂੰ ਕਦੇ,
ਮੈਂ ਦਿਲ ਦੇ ਵਿੱਚ ਡੱਕਿਆ ਨਹੀਂ।
ਮੈਂ ਦਿਲ ਦੇ ਵਿੱਚ ਡੱਕਿਆ ਨਹੀਂ।

**ਪਰਮਜੀਤ ਲਾਲੀ**
98962-44038

LARRY T. NIERMEYER

Attorney at Law
OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated

web -www.globaldrugtestinginc@gmail.com
email -info@globaltruckpermits.com

ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ

GLOBAL TRUCK PERMITS

ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

New Company Permits
IRP Plates
Trailer Plates
Truck ELD
DOT Drug Testing



DOT Drug Testing | Compliance Services | Driver Hiring
Driver Files | Safety Audit | Clearing House | Driver Management





"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"

ਰਾਜਿੰਦਰ ਟਾਂਡਾ

ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988

Address: 159 Darcy Pkwy Lathrop, CA 95330

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

IMMIGRATION OPPORTUNITIES

USA SERVICES :

CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :

Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 117**

ਮਾਝ ਮਹਲਾ ੩ ॥

ਉਤਪਤਿ ਪਰਲਉ ਸਬਦੇ ਹੋਵੈ ॥ ਸਬਦੇ ਹੀ ਫਿਰਿ ਓਪਤਿ ਹੋਵੈ ॥ ਗੁਰਮੁਖਿ ਵਰਤੈ ਸਭੁ ਆਪੇ ਸਚਾ ਗੁਰਮੁਖਿ ਉਪਾਇ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰੁ ਪੂਰਾ ਮੰਨਿ ਵਸਾਵਣਿਆ ॥ ਗੁਰ ਤੇ ਸਾਤਿ ਭਗਤਿ ਕਰੇ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ ॥੧॥ ਰਹਾਉ ॥ ਗੁਰਮੁਖਿ ਧਰਤੀ ਗੁਰਮੁਖਿ ਪਾਣੀ ॥ ਗੁਰਮੁਖਿ ਪਵਣੁ ਬੈਸੰਤਰੁ ਖੇਲੈ ਵਿਡਾਣੀ ॥ ਸੋ ਨਿਗੁਰਾ ਜੋ ਮਰਿ ਮਰਿ ਜੰਮੈ ਨਿਗੁਰੇ ਆਵਣ ਜਾਵਣਿਆ ॥੨॥ ਤਿਨਿ ਕਰਤੈ ਇਕੁ ਖੇਲੁ ਰਚਾਇਆ ॥ ਕਾਇਆ ਸਰੀਰੈ ਵਿਚਿ ਸਭੁ ਕਿਛੁ ਪਾਇਆ ॥ ਸਬਦਿ ਭੇਦਿ ਕੋਈ ਮਹਲੁ ਪਾਏ ਮਹਲੇ ਮਹਲਿ ਬੁਲਾਵਣਿਆ ॥੩॥ ਸਚਾ ਸਾਹੁ ਸਚੇ ਵਣਜਾਰੇ ॥ ਸਚੁ ਵਣੰਜਹਿ ਗੁਰ ਹੇਤਿ ਅਪਾਰੇ ॥ ਸਚੁ ਵਿਹਾਝਹਿ ਸਚੁ ਕਮਾਵਹਿ ਸਚੋ ਸਚੁ ਕਮਾਵਣਿਆ ॥੪॥ ਬਿਨੁ ਰਾਸੀ ਕੋ ਵਥੁ ਕਿਉ ਪਾਏ ॥ ਮਨਮੁਖ ਭੂਲੇ ਲੋਕ ਸਬਾਏ ॥ ਬਿਨੁ ਰਾਸੀ ਸਭ ਖਾਲੀ ਚਲੇ ਖਾਲੀ ਜਾਇ ਦੁਖੁ ਪਾਵਣਿਆ ॥੫॥ ਇਕਿ ਸਚੁ ਵਣੰਜਹਿ ਗੁਰ ਸਬਦਿ ਪਿਆਰੇ ॥ ਆਪਿ ਤਰਹਿ ਸਗਲੇ ਕੁਲ ਤਾਰੇ ॥ ਆਏ ਸੇ ਪਰਵਾਣੁ ਹੋਏ ਮਿਲਿ ਪ੍ਰੀਤਮ ਸੁਖੁ ਪਾਵਣਿਆ ॥੬॥ ਅੰਤਰਿ ਵਸਤੁ ਮੂੜਾ ਬਾਹਰੁ ਭਾਲੇ ॥ ਮਨਮੁਖ ਅੰਧੇ ਫਿਰਹਿ ਬੇਤਾਲੇ ॥ ਜਿਥੈ ਵਥੁ ਹੋਵੈ ਤਿਥਹੁ ਕੋਇ ਨ ਪਾਵੈ ਮਨਮੁਖ ਭਰਮਿ ਭੁਲਾਵਣਿਆ ॥੭॥ ਆਪੇ ਦੇਵੈ ਸਬਦਿ ਬੁਲਾਏ ॥ ਮਹਲੀ ਮਹਲਿ ਸਹਜ ਸੁਖੁ ਪਾਏ ॥ ਨਾਨਕ ਨਾਮਿ ਮਿਲੈ ਵਡਿਆਈ ਆਪੇ ਸੁਣਿ ਸੁਣਿ ਧਿਆਵਣਿਆ ॥੮॥੧੩॥੧੪॥ {ਪੰਨਾ 117}

ਭਾਵ ਅਰਥ:-

ਹੇ ਭਾਈ! ਅਕਾਲ ਪੁਰਖ ਦੇ ਹੁਕਮ ਨਾਲ ਹੀ ਜੀਵਾਂ ਦੀ ਉਤਪੱਤੀ ਹੁੰਦੀ ਹੈ ਅਤੇ ਉਸ ਦੇ ਹੁਕਮ ਨਾਲ ਹੀ ਨਾਸ਼ ਤੇ ਫਿਰ ਤੋਂ ਉਤਪਤੀ ਹੁੰਦੀ ਹੈ(ਤੇ ਇਸੇ ਤਰ੍ਹਾਂ ਪ੍ਰਭੂ ਦੇ ਹੁਕਮ ਅਨੁਸਾਰ ਜੀਵਨ ਚੱਕਰ ਚੱਲਦਾ ਰਹਿੰਦਾ ਹੈ)। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਇਸ ਚੀਜ਼ ਦਾ ਅਹਸਾਸ ਹੋ ਜਾਂਦਾ ਹੈ ਕਿ ਇਸ ਸ੍ਰਿਸ਼ਟੀ ਨੂੰ ਰਚਣ ਵਾਲਾ ਪ੍ਰਭੂ ਪਰਮਾਤਮਾ ਆਪਣੀਆਂ ਬਣਾਈਆਂ ਤੇ ਰਚੀਆਂ ਹੋਈਆਂ ਚੀਜ਼ਾਂ ਵਿੱਚ ਆਪ ਹੀ ਵਿਆਪਕ ਹੈ ਵਸਦਾ ਹੈ॥੧॥

ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਸੱਚੇ ਕਰਤਾਰ ਨੂੰ ਮੇਰੇ ਮਨ ਵਿੱਚ ਉਹ ਵਸਾਉਣਾ ਕੀਤਾ ਹੈ। ਗੁਰੂ ਦੀ ਆਗਿਆ ਅਨੁਸਾਰ, ਉਹਦੀ ਸਿੱਖਿਆ ਮੁਤਾਬਕ ਮਾਰਗ ਦਰਸ਼ਨ ਅਨੁਸਾਰ ਮਨੁੱਖ ਦਿਨ ਰਾਤ ਪਰਮਾਤਮਾ ਦੀ ਬੰਦਗੀ ਕਰਦਾ ਹੈ, ਉਹਦੇ ਗੁਣ ਗਾਉਂਦਾ ਹੈ ਤੇ ਉਹਦੇ ਹੀ ਗੁਣਾਂ ਵਿੱਚ ਸਮਾ ਜਾਂਦਾ ਹੈ ਭਾਵ ਅਕਾਲ ਪੁਰਖ ਨਾਲ ਇੱਕ ਮਿਕ ਹੋ ਜਾਂਦੇ ਹਨ॥੧॥ ਰਹਾਉ॥

ਗੁਰੂ ਦੇ ਸਨਮੁਖ ਰਹਿਣ ਵਾਲਾ ਪ੍ਰਾਣੀ ਆਪ ਹੀ ਪਾਣੀ, ਹਵਾ ਤੇ ਅੱਗ ਹੈ (ਇਥੇ ਪੰਜ ਤੱਤਾਂ ਵਿੱਚੋਂ ਤਿੰਨ ਦਾ ਜ਼ਿਕਰ ਕੀਤਾ ਗਿਆ ਹੈ) ਇਹ ਸਾਰੀ ਖੇਡ ਉਸ ਉੱਪਰ ਵਾਲੇ ਦਾਤਾਰ ਦੀ ਰਚੀ ਹੋਈ ਹੈ। ਗੁਰੂ ਤੋਂ ਬਿਨਾਂ ਮਨੁੱਖ, ਮਾਰਗ ਦਰਸ਼ਨ ਨਾ ਪਾਉਣ ਕਾਰਨ ( ਪ੍ਰਭੂ ਪਰਮਾਤਮਾ ਦੀ ਪ੍ਰਾਪਤੀ ਤੋਂ ਵਾਂਝਾ ਰਹਿ ਜਾਂਦਾ ਹੈ) ਅਤੇ ਜਨਮ ਮਰਨ ਦੇ ਗੇੜ ਵਿੱਚ ਪਿਆ ਰਹਿੰਦਾ ਹੈ॥੨॥

ਇਹ ਉਸ ਅਕਾਲ ਪੁਰਖ ਦੀ ਹੀ ਖੇਡ ਹੈ ਕਿ ਉਸ ਨੇ ਇਕ ਪਿੰਡ (ਸਰੀਰ) ਵਿੱਚ ਹੀ ਹਰ ਪਦਾਰਥ ਪਾਇਆ ਹੋਇਆ ਹੈ।(ਬੰਦੇ ਨੂੰ ਚੰਗਾ ਤਾ ਮੰਦਾ ਹਰ ਤਰਾਂ ਦਾ ਧਾਰਮਿਕ ਪਾਪੀ, ਹਰ ਤਰਾਂ ਦੇ ਗੁਣਾਂ ਨਾਲ ਜੀਵਨ ਦਿੱਤਾ ਹੈ)

ਜਿਹੜਾ ਮਨੁੱਖ ਸ਼ਬਦ ਦੇ ਭੇਦ ਨੂੰ ਜਾਣ ਜਾਂਦਾ ਹੈ ਭਾਵ ਉਹ ਪ੍ਰਭੂ ਦੀ ਬੰਦਗੀ ਵਿੱਚ ਵਿਝ ਜਾਂਦਾ ਹੈ ਤਾਂ ਉਹ ਸੱਚਾ ਪਾਤਸ਼ਾਹ ਉਸ ਨੂੰ ਆਪਣੇ ਗਲ ਲਾ ਲੈਂਦਾ ਹੈ॥੩॥

ਉਹ ਸੱਤ ਕਰਤਾਰ ਸੱਚਾ, ਸ਼ਾਹ ਹੈ (ਦਾਤਾ ਦੇਣ ਵਾਲਾ) ਤੇ ਅਸੀਂ ਵਣਜਾਰੇ ਹਾਂ ਗੁਰੂ ਦੀ ਕਿਰਪਾ ਨਾਲ ਅਸੀਂ ਨਾਮ ਦਾ ਵਪਾਰ ਕਰਦੇ ਹਾਂ। ਸੱਚ ਦਾ ਲੈਣ ਦੇਣ ਕਰਦੇ ਹਾਂ (ਭਾਵ ਪ੍ਰਭੂ ਨਾਮ ਦਾ, ਪ੍ਰਭੂ ਬਾਣੀ ਦਾ, ਪ੍ਰਭੂ ਸ਼ਬਦ ਦੀ ) ਸੱਚੀ ਕਮਾਈ ਕਰਦੇ ਹਾਂ ਜਿਸ ਵਿੱਚ ਉਸ ਪ੍ਰਭੂ ਨੂੰ ਪਾਉਣਾ ਵੀ ਸ਼ਾਮਿਲ ਹੈ॥੪॥

ਮਨਮੁਖ ਇਸ ਨਿਆਮਤ ਨੂੰ ਭੁੱਲੇ ਫਿਰਦੇ ਹਨ ਕਿ ਬਿਨਾਂ ਅਰਥ (ਪੈਸੇ) ਤੋਂ ਵਪਾਰ ਕਿਵੇਂ ਕੀਤਾ ਜਾ ਸਕਦਾ ।ਕੁਝ ਲੈਣ ਵਾਸਤੇ ਕੁਝ ਦੇਣਾ ਵੀ ਪੈਂਦਾ ਹੈ।(ਪ੍ਰਭੂ ਪਰਮਾਤਮਾ ਨੂੰ ਪਾਉਣ ਵਾਸਤੇ ਆਪਣੀਆਂ ਇੰਦਰੀਆਂ ਉੱਤੇ ਕਾਬੂ ਪਾਉਣਾ ਜਰੂਰੀ ਹੈ) ਪ੍ਰਭੂ ਭਗਤੀ ਤੋਂ ਬਿਨਾ ਖਾਲੀ ਹੱਥ ਪਰਲੋਕ ਵਿੱਚ ਜਾਣ ਵਾਲਾ ਵੀ ਦੁੱਖ ਪਾਉਂਦਾ ਹੈ॥੫॥

ਗੁਰੂ ਦੇ ਮਾਰਗਦਰਸ਼ਨ ਨਾਲ ਨਾਮ ਦਾ ਸੱਚਾ ਵਪਾਰ ਕਰਨ ਵਾਲੇ ਆਪ ਤਾਂ ਤਰਦੇ ਹੀ ਹਨ, ਮੁਕਤੀ ਪਾਉਂਦੇ ਹੀ ਹਨ, ਆਪਣੇ ਕੁਲ ਪਰਿਵਾਰ ਨੂੰ ਵੀ ਤਾਰ ਦਿੰਦੇ ਹਨ। ਸੰਸਾਰ ਤੇ ਆਏ ਜਿਨਾਂ ਨੇ ਆਪਣੇ ਆਪ ਨੂੰ ਪ੍ਰਭੂ ਬੰਦਗੀ ਨਾਲ ਜੋੜਿਆ ਉਹ ਪ੍ਰਭੂ ਨੂੰ ਪ੍ਰਵਾਨ ਹੋ ਗਏ ਤੇ ਉਸ ਪ੍ਰੀਤਮ ਪ੍ਰਭੂ ਨੇ ਉਹਨਾਂ ਨੂੰ ਸੰਪੂਰਨ ਸੁੱਖਾਂ ਨਾਲ ਨਿਵਾਜਿਆ॥੬॥

ਜਦੋਂ ਕਿ ਭਗਤੀ ,ਬੰਦਗੀ ,ਨਾਮ ਅਤੇ ਪ੍ਰਭੂ ਦਾ ਵਾਸਾ, ਆਪਣੇ ਹਿਰਦੇ ਅੰਦਰ ਹੀ ਹੈ ਤਾਂ ਮੂਰਖ ਬੰਦਾ ਬਾਹਰ ਲੱਭਦਾ ਫਿਰਦਾ ਹੈ ,ਭਟਕਦਾ ਫਿਰਦਾ ਹੈ। ਅਜਿਹੇ ਮਨੁੱਖ ਮਨ ਦੇ ਮਗਰ ਲੱਗਣ ਵਾਲੇ, ਨੇਤਰਾਂ ਤੋਂ ਰਹਿਤ ਪਰਮਾਤਮਾ ਦੀ ਓਟਿ ਰਹਤ, ਇਧਰ ਉਧਰ ਭਟਕਦੇ ਫਿਰਦੇ ਹਨ ,ਭਜਨ ,ਬੰਦਗੀ ਅਤੇ ਨਾਉ ਵਾਲੀ ਥਾਂ ਤੇ ਇਹ ਨਹੀਂ ਪਹੁੰਚਦੇ। ਇਹ ਮਨ ਦੇ ਮਗਰ ਲੱਗਣ ਵਾਲੀਆਂ ਰੂਹਾਂ ਭਰਮਾਂ ਭੁਲੇਖਿਆਂ ਤੇ ਵਹਿਮਾਂ ਆਦਿ ਵਿੱਚ ਫਸੀਆ ਰਹਿੰਦੀਆਂ ਹਨ॥੭॥

ਜਿਸ ਉਪਰ ਉਹ ਦਾਤਾ ਮਿਹਰਬਾਨ ਹੋ ਜਾਂਦਾ ਹੈ, ਉਸ ਨੂੰ ਆਪਣੇ ਚਰਨਾਂ ਨਾਲ ਆਪ ਹੀ ਲਾ ਲੈਂਦਾ ਹੈ ,ਆਪਣੇ ਦਰ ਤੇ ਬੁਲਾ ਕੇ ਉਸ ਨੂੰ ਸਾਰੇ ਸੁੱਖ ਬਖਸ਼ ਦਿੰਦਾ ਹੈ। ਉਸ ਦੇ ਮਨ ਅੰਦਰ ਸਹਿਜਤਾ ਭਰ ਦਿੰਦਾ ਹੈ ਅਡੋਲਤਾ ਦੇ ਦਿੰਦਾ ਹੈ। ਹੇ ਨਾਨਕ ਸੁਣ ਸੁਣ ਕੇ ਵੀ, ਭਾਵ ਬਾਣੀ ਨੂੰ ਕੰਨਾਂ ਨਾਲ ਸਰਵਣ ਕਰਕੇ ਵੀ ਜਪਿਆ ਜਾ ਸਕਦਾ ਹੈ ਅਤੇ ਪ੍ਰਭੂ ਤੋਂ ਵਡਿਆਈਆਂ ਪਾ ਸਕੀਦੀਆਂ ਹਨ॥੮॥

**ਅੰਗ 118**

ਮਾਝ ਮਹਲਾ ੩ ॥

ਸਤਿਗੁਰ ਸਾਚੀ ਸਿਖ ਸੁਣਾਈ ॥ ਹਰਿ ਚੇਤਹੁ ਅੰਤਿ ਹੋਇ ਸਖਾਈ ॥ ਹਰਿ ਅਗਮੁ ਅਗੋਚਰੁ ਅਨਾਥੁ ਅਜੋਨੀ ਸਤਿਗੁਰ ਕੈ ਭਾਇ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਆਪੁ ਨਿਵਾਰਣਿਆ ॥ ਆਪੁ ਗਵਾਏ ਤਾ ਹਰਿ ਪਾਏ ਹਰਿ ਸਿਉ ਸਹਜਿ ਸਮਾਵਣਿਆ ॥੧॥ ਰਹਾਉ ॥ ਪੂਰਬਿ ਲਿਖਿਆ ਸੁ ਕਰਮੁ ਕਮਾਇਆ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ॥ ਬਿਨੁ ਭਾਗਾ ਗੁਰੁ ਪਾਈਐ ਨਾਹੀ ਸਬਦੈ ਮੇਲਿ ਮਿਲਾਵਣਿਆ ॥੨॥ ਗੁਰਮੁਖਿ ਅਲਿਪਤੁ ਰਹੈ ਸੰਸਾਰੇ ॥ ਗੁਰ ਕੈ ਤਕੀਐ ਨਾਮਿ ਅਧਾਰੇ ॥ ਗੁਰਮੁਖਿ ਜੋਰੁ ਕਰੇ ਕਿਆ ਤਿਸ ਨੋ ਆਪੇ ਖਪਿ ਦੁਖੁ ਪਾਵਣਿਆ ॥੩॥ ਮਨਮੁਖਿ ਅੰਧੇ ਸੁਧਿ ਨ ਕਾਈ ॥ ਆਤਮ ਘਾਤੀ ਹੈ ਜਗਤ ਕਸਾਈ ॥ ਨਿੰਦਾ ਕਰਿ ਕਰਿ ਬਹੁ ਭਾਰੁ ਉਠਾਵੈ ਬਿਨੁ ਮਜੂਰੀ ਭਾਰੁ ਪਹੁਚਾਵਣਿਆ ॥੪॥ ਇਹੁ ਜਗੁ ਵਾੜੀ ਮੇਰਾ ਪ੍ਰਭੁ ਮਾਲੀ ॥ ਸਦਾ ਸਮਾਲੇ ਕੋ ਨਾਹੀ ਖਾਲੀ ॥ ਜੇਹੀ ਵਾਸਨਾ ਪਾਏ ਤੇਹੀ ਵਰਤੈ ਵਾਸੂ ਵਾਸੁ ਜਣਾਵਣਿਆ ॥੫॥ ਮਨਮੁਖੁ ਰੋਗੀ ਹੈ ਸੰਸਾਰਾ ॥ ਸੁਖਦਾਤਾ ਵਿਸਰਿਆ ਅਗਮ ਅਪਾਰਾ ॥ ਦੁਖੀਏ ਨਿਤਿ ਫਿਰਹਿ ਬਿਲਲਾਦੇ ਬਿਨੁ ਗੁਰ ਸਾਂਤਿ ਨ ਪਾਵਣਿਆ ॥੬॥ ਜਿਨਿ ਕੀਤੇ ਸੋਈ ਬਿਧਿ ਜਾਣੈ ॥ ਆਪਿ ਕਰੇ ਤਾ ਹੁਕਮਿ ਪਛਾਣੈ ॥ ਜੇਹਾ ਅੰਦਰਿ ਪਾਏ ਤੇਹਾ ਵਰਤੈ ਆਪੇ ਬਾਹਰਿ ਪਾਵਣਿਆ ॥੭॥ ਤਿਸੁ ਬਾਝਹੁ ਸਚੇ ਮੈ ਹੋਰੁ ਨ ਕੋਈ ॥ ਜਿਸੁ ਲਾਇ ਲਏ ਸੋ ਨਿਰਮਲੁ ਹੋਈ ॥ ਨਾਨਕ ਨਾਮੁ ਵਸੈ ਘਟ ਅੰਤਰਿ ਜਿਸੁ ਦੇਵੈ ਸੋ ਪਾਵਣਿਆ ॥੮॥੧੪॥੧੫॥ {ਪੰਨਾ 118}

ਭਾਵ ਅਰਥ:-

ਹੇ ਭਾਈ! ਸਚੇ ਸਤਿਗੁਰੂ ਨੇ ਮਨੁੱਖ ਨੂੰ , ਹਰੀ ਪ੍ਰਭੂ ਦੇ ਨਾਮ ਦੀ ਲਗਨ ਲਗਾਓ, ਪਵਿੱਤਰ ਸਿੱਖਿਆ ਦਿੱਤੀ ਕਿ ਉਸ ਅਪਰਮ ਪਾਰ ਹਰੇ ਪ੍ਰਭੂ ਦੀ ਭਜਨ ਬੰਦਗੀ ਤੇ ਸਿਮਰਨ ਕਰੋ ਜਿਸ ਨਾਲ ਅੰਤ ਸੌਖਾ ਹੋ ਜਾਵੇਗਾ । ਓਹ ਹਰੀ ਪ੍ਰਭੂ ਨਾਥਾਂ ਦਾ ਨਾਥ ਹੈ, ਭਾਵ ਉਸ ਤੋਂ ਉੱਪਰ ਕੋਈ ਹੋਰ ਦਾਤਾਰ ਨਹੀਂ ਹੈ ।ਉਹ ਜੂਨੀਆਂ ਵਿੱਚ ਨਹੀਂ ਪੈਂਦਾ ਤੇ ਮਨੁੱਖ ਦੀਆਂ ਗਿਆਨ ਇੰਦਰੀਆਂ ਦੇ ਕਾਬੂ ਵਿੱਚ ਨਹੀਂ ਹੈ । ਸੋ ਇਸ ਕਰਕੇ ਉਹਦੀ ਭਗਤੀ ਨਾਲ ਅਸੀਂ ਉਸ ਦੇ ਨਾਲ ਆਤਮਿਕ ਤੌਰ ਤੇ ਜੁੜ ਸਕਦੇ ਹਾਂ॥੧॥

ਮੈਂ ਉਸ ਸੱਚੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੇ ਸਦਮਾਰਗਦਰਸ਼ਨ ਨਾਲ ਉਸ ਹਰੀ ਪ੍ਰਭੂ ਨੂੰ ਪਾਇਆ ਹੈ ਅਤੇ ਉਸ ਦਾਤੇ ਨੇ ਮੇਰੇ ਹਿਰਦੇ ਨੂੰ ਸ਼ਾਂਤ ,ਸਹਿਜ ਤੇ ਅਡੋਲਤਾ ਨਾਲ ਭਰ ਦਿੱਤਾ ਹੈ ॥੧॥ ਰਹਾਉ॥

ਇਹ ਜੀਵ! ਜੇ ਪੂਰਬਲੇ ਜਨਮਾਂ ਵਿੱਚ ਚੰਗੇ ਕਰਮ ਕੀਤੇ ਹੋਣ ਤਾਂ ਉਹ ਕਰਮ ਹੁਣ ਦੇ ਜਨਮ ਵਿੱਚ ਕੰਮ ਆਉਂਦੇ ਹਨ । ਜਿਸ ਦੁਆਰਾ ਸੱਚੇ ਗੁਰੂ ਦੀ ਸੇਵਾ ਦਾ ਸੁਭਾਗ ਤੇ ਸੁਖ ਪ੍ਰਾਪਤ ਹੁੰਦਾ ਹੈ ਪਰ ਭਾਗਾਂ ਵਿੱਚ ਲਿਖਿਆ ਨਾ ਹੋਣ ਕਾਰਨ ਗੁਰੂ ਨੂੰ ਨਹੀਂ ਪਾਇਆ ਜਾ ਸਕਦਾ ਅਤੇ ਜੇ ਗੁਰੂ ਨੂੰ ਨਹੀਂ ਪਾ ਸਕਦੇ ਤਾਂ ਸ਼ਬਦ ਨਾਲ ਮਿਲਾਵਾ ਨਹੀਂ ਹੋ ਸਕਦਾ(ਇਸ ਤਰਾਂ ਪ੍ਰਭੂ ਦਾ ਮਿਲਾਪ ਵੀ ਅਸੰਭਵ ਹੈ) ॥੨॥

ਜਿਸ ਮਨੁੱਖ ਦੀ ਸੁਰਤ ਗੁਰੂ ਵੱਲ ਲੱਗੀ ਹੋਈ ਹੈ, ਉਹ ਉਸ ਵਿੱਚ ਖੁਭ ਗਿਆ ਹੈ, ਸੋ ਹੇ ਬੰਦੇ !ਗੁਰੂ ਦੇ ਮਾਰਗ ਦਰਸ਼ਨ ਨਾਲ ਪ੍ਰਭੂ ਨਾਮ ਨੂੰ ਧਿਆਉਣਾ ਤੇ ਸਿਮਰਨ ਕਰਨਾ ਕਰੀਏ। ਗੁਰੂ ਨੂੰ ਮੰਨਣ ਵਾਲਾ ਮਨੁੱਖ ਪ੍ਰਭੂ ਤੋਂ ਟੁੱਟਿਆਂ ਨੂੰ ਅਕਾਲ ਪੁਰਖ ਨਾਲ ਜਬਰਦਸਤੀ ਨਹੀਂ ਜੋੜ ਸਕਦਾ(ਜਿਵੇਂ ਕਿਹਾ ਜਾਂਦਾ ਹੈ ਕਿ ਸੁੱਤੇ ਨੂੰ ਜਗਾਇਆ ਜਾ ਸਕਦਾ ਹੈ ਪਰ ਜਾਗਦੇ ਨੂੰ ਨਹੀਂ ਜਕੈ ਜਾ ਸਕਦਾ ਇਸੇ ਤਰ੍ਹਾਂ ਹਰ ਬੰਦੇ ਨੂੰ ਚੰਗੇ ਅਤੇ ਮਾੜੇ ਦਾ ਪਤਾ ਹੁੰਦਾ ਗੁਰੂ ਅਤੇ ਪ੍ਰਭੂ ਨਾਲ ਕਿਦਾਂ ਜੁੜਨਾ ਹੈ ਇਹਦਾ ਵੀ ਬਹੁਤ ਹੁੰਦਾ ਹੈ ਜੋੜਨ ਵਾਲੇ ਨੂੰ ਥੋੜੇ ਜਿਹੇ ਸਹਾਰੇ ਦੀ ਲੋੜ ਹੁੰਦੀ ਹੈ ਥੋੜੇ ਜਿਹੇ ਮਾਰਗ ਦਰਸ਼ਨ ਦੀ ਲੋੜ ਹੁੰਦੀ ਉਹ ਆਪੇ ਜੁੜ ਜਾਂਦਾ ਪਰ ਜਿਸ ਨੇ ਨਹੀਂ ਯੋਗਾ ਉਸਨੂੰ ਬਾਰ ਬਾਰ ਕਹਿਣ ਤੇ ਮਨਾਉਣ ਤੇ ਬਾਹਰ ਬਾਹਰ ਸਿੱਖਿਆ ਦੇਣ ਤੇ ਮਰਗਦਰਸ਼ਨ ਕਰਨ ਤੇ ਵੀ ਉਹ ਨਹੀਂ ਜੁੜਦਾ!) ਅਤੇ ਅਜਿਹੇ ਲੋਕ ਖਪ ਖਪ ਅੰਤ ਜਹਾਨ ਤੋਂ ਖਾਲੀ ਹੱਥ ਵਾਪਸ ਚਲੇ ਜਾਂਦੇ ਹਨ॥੩॥

ਮਨ ਦੀਆਂ ਮਰਜੀਆਂ ਕਰਨ ਵਾਲਾ ਇੱਕ ਤਰਾਂ ਨਾਲ ਅੰਨਾਂ ਤੇ ਮੂਰਖ ਹੈ ਉਸ ਨੂੰ ਆਪਣੇ ਆਪ ਦੀ ਹੱਤਿਆ ਕਰਨ ਵਾਲੇ ਕਸਾਈ ਨਾਲੋਂ ਘੱਟ ਨਹੀਂ ਕਹਿ ਸਕਦੇ (ਕਿਉਂਕਿ ਅੰਤ ਨੂੰ ਉਸ ਨੇ ਆਪਣਾ ਨੁਕਸਾਨ ਹੀ ਕਰਨਾ ਹੈ)। ਅਜਿਹੇ ਮਨੁੱਖ ਦੂਸਰੇ ਦੀ ਨਿੰਦਿਆ ਚੁਗਲੀ ਦਾ ਬਿਨਾਂ ਕਿਸੇ ਏਵਜ ਤੋਂ ਭਾਰ ਉਠਾਉਂਦੇ ਹਨ॥੪॥

ਇਹ ਸੰਸਾਰ ਕੁਦਰਤ ਅਤੇ ਇਥੇ ਵਸਦੇ ਜੀਵ ਇੱਕ ਵਾੜੀ ਦਾ (ਖੇਤੀ ) ਰੂਪ ਹਨ ਅਤੇ ਮੇਰਾ ਪ੍ਰਭੂ ਪਰਮਾਤਮਾ ਇਸ ਦਾ ਮਾਲੀ ਹੈ। ਉਹ ਇਸ ਦੇ ਇੱਕ ਇੱਕ ਜੀਵ ਨੂੰ ਪਾਲਦਾ ਤੇ ਰੱਖਿਆ ਕਰਦਾ ਹੈ। ਕਿਸੇ ਦੀ ਬੇਕਦਰੀ ਨਹੀਂ ਹੋਣ ਦਿੰਦਾ। ਮਨੁੱਖ ਜਿਹੀ ਤਮੰਨਾ ਰੱਖਦਾ ਹੈ ਉਹ ਪੂਰੀ ਹੁੰਦੀ ਹੈ ਅਤੇ ਹਰ ਤਰ੍ਹਾਂ ਦੀ ਖੁਸ਼ੀ ਨੂੰ ਮਾਣਦਾ ਹੈ॥੫॥

ਸੰਸਾਰ ਵਿੱਚ ਵੱਸਦੇ ਮਨ ਦੀਆਂ ਮਰਜ਼ੀਆਂ ਕਰਨ ਵਾਲੇ ਬੰਦੇ ਇੱਕ ਤਰਾਂ ਨਾਲ ਮਾਨਸਿਕ ਰੋਗੀ ਹਨ, ਜਿਨਾਂ ਨੂੰ ਉਹ ਅਗਮ ਅਪਾਰ ਪ੍ਰਭੂ ,ਸੁਖ ਦਾਤਾ ਭੁੱਲਿਆ ਹੋਇਆ ਹੈ। ਅਜਿਹੇ ਪ੍ਰਾਣੀ ਦੁੱਖਾਂ ਦਾ ਬੋਝ ਲੱਦੀ ਨਿਤ ਤੜਫਦੇ ਫਿਰਦੇ ਹਨ, ਜਿਨਾਂ ਨੂੰ ਗੁਰੂ ਤੋਂ ਬਗੈਰ ਸ਼ਾਂਤੀ ਨਹੀਂ ਮਿਲਦੀ॥੬॥

ਜਿਸ ਪ੍ਰਭੂ ਨੇ ਇਸ ਸ੍ਰਿਸ਼ਟੀ ਰਚੀ ਹੈ, ਉਹ ਆਪ ਹੀ ਜਾਣਦਾ ਹੈ ਕਿ ਉਹਨੇ ਕਿਸ ਤਰ੍ਹਾਂ ਇਹ ਰਚਨਾ ਬਣਾਈ ਹੈ ,ਜੋ ਕੁਝ ਵੀ ਇਸ ਸੰਸਾਰ ਵਿੱਚ ਵਰਤ ਰਿਹਾ ਹੈ, ਉਹ ਉਸ ਅਕਾਲ ਪੁਰਖ ਦੇ ਹੁਕਮ ਅੰਦਰ ਵਰਤ ਰਿਹਾ ਹੈ ਤੇ ਉਹ ਆਪ ਹੀ ਜਾਣਦਾ ਹੈ। ਇਹ (ਗੁਰਮੁਖ) ਮਨੁੱਖ ਬਾਹਰੋਂ ਹਾਸਲ ਕਰਕੇ ਆਪਣੇ ਮਨ ਦੇ ਅੰਦਰ ਪ੍ਰਭੂ ਨਾਮ ਨੂੰ ਸਮਾ ਲੈਂਦਾ ਹੈ ਅਤੇ ਫਿਰ ਉਸ ਨੂੰ( ਅਧਿਆਤਮ ਵਾਸਤੇ ਚੰਗੇ ਕਰਮਾਂ ਵਾਸਤੇ) ਵਰਤਦਾ ਹੈ॥੭॥

ਹੇ ਭਾਈ! ਮੈਂ ਉਸ ਸਦਾ ਥਿਰ ਪ੍ਰਭੂ ਤੋਂ ਬਿਨਾਂ ਕੁਝ ਵੀ ਨਹੀਂ ਹਾਂ ਜਿਸ ਨੂੰ ਉਹ ਆਪਣੇ ਲੜ ਲਾ ਲੈਂਦਾ ਹੈ ਉਹੀ ਮਨੁੱਖ ਪਵਿੱਤਰ ਹੋ ਜਾਂਦਾ ਹੈ। ਹੇ ਨਾਨਕ! ਜਦੋਂ ਓਹ, ਪ੍ਰਭੂ ਚਾਹੁੰਦਾ ਹੈ ਤਾਂ ਹੀ ਉਸ ਦਾ ਨਾਮ ਮਨੁੱਖ ਦੇ ਹਿਰਦੇ ਵਿੱਚ ਵਸ ਸਕਦਾ ਹੈ॥੮॥

ਮਾਝ ਮਹਲਾ ੩ ॥

ਅੰਮ੍ਰਿਤ ਨਾਮੁ ਮੰਨਿ ਵਸਾਏ ॥ ਹਉਮੈ ਮੇਰਾ ਸਭੁ ਦੁਖੁ ਗਵਾਏ ॥ ਅੰਮ੍ਰਿਤ ਬਾਣੀ ਸਦਾ ਸਲਾਹੇ ਅੰਮ੍ਰਿਤਿ ਅੰਮ੍ਰਿਤੁ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਅੰਮ੍ਰਿਤ ਬਾਣੀ ਮੰਨਿ ਵਸਾਵਣਿਆ ॥ ਅੰਮ੍ਰਿਤ ਬਾਣੀ ਮੰਨਿ ਵਸਾਏ ਅੰਮ੍ਰਿਤੁ ਨਾਮੁ ਧਿਆਵਣਿਆ ॥੧॥ ਰਹਾਉ ॥ ਅੰਮ੍ਰਿਤੁ ਬੋਲੈ ਸਦਾ ਮੁਖਿ ਵੈਣੀ ॥ ਅੰਮ੍ਰਿਤੁ ਵੇਖੈ ਪਰਖੈ ਸਦਾ ਨੈਣੀ ॥ ਅੰਮ੍ਰਿਤ ਕਥਾ ਕਹੈ ਸਦਾ ਦਿਨੁ ਰਾਤੀ ਅਵਰਾ ਆਖਿ ਸੁਨਾਵਣਿਆ ॥੨॥ ਅੰਮ੍ਰਿਤ ਰੰਗਿ ਰਤਾ ਲਿਵ ਲਾਏ ॥ ਅੰਮ੍ਰਿਤੁ ਗੁਰ ਪਰਸਾਦੀ ਪਾਏ ॥ ਅੰਮ੍ਰਿਤੁ ਰਸਨਾ ਬੋਲੈ ਦਿਨੁ ਰਾਤੀ ਮਨਿ ਤਨਿ ਅੰਮ੍ਰਿਤੁ ਪੀਆਵਣਿਆ ॥੩॥ ਸੋ ਕਿਛੁ ਕਰੈ ਜੁ ਚਿਤਿ ਨ ਹੋਈ ॥ ਤਿਸ ਦਾ ਹੁਕਮੁ ਮੇਟਿ ਨ ਸਕੈ ਕੋਈ ॥ ਹੁਕਮੇ ਵਰਤੈ ਅੰਮ੍ਰਿਤ ਬਾਣੀ ਹੁਕਮੇ ਅੰਮ੍ਰਿਤੁ ਪੀਆਵਣਿਆ ॥੪॥ ਅਜਬ ਕੰਮ ਕਰਤੇ ਹਰਿ ਕੇਰੇ ॥ ਇਹੁ ਮਨੁ ਭੂਲਾ ਜਾਂਦਾ ਫੇਰੇ ॥ ਅੰਮ੍ਰਿਤ ਬਾਣੀ ਸਿਉ ਚਿਤੁ ਲਾਏ ਅੰਮ੍ਰਿਤ ਸਬਦਿ ਵਜਾਵਣਿਆ ॥੫॥ ਖੋਟੇ ਖਰੇ ਤੁਧੁ ਆਪਿ ਉਪਾਏ ॥ ਤੁਧੁ ਆਪੇ ਪਰਖੇ ਲੋਕ ਸਬਾਏ ॥ ਖਰੇ ਪਰਖਿ ਖਜਾਨੈ ਪਾਇਹਿ ਖੋਟੇ ਭਰਮਿ ਭੁਲਾਵਣਿਆ ॥੬॥ ਕਿਉ ਕਰਿ ਵੇਖਾ ਕਿਉ ਸਾਲਾਹੀ ॥ ਗੁਰ ਪਰਸਾਦੀ ਸਬਦਿ ਸਲਾਹੀ ॥ ਤੇਰੇ ਭਾਣੇ ਵਿਚਿ ਅੰਮ੍ਰਿਤੁ ਵਸੈ ਤੂੰ ਭਾਣੈ ਅੰਮ੍ਰਿਤੁ ਪੀਆਵਣਿਆ ॥੭॥ ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ ॥ ਸਤਿਗੁਰਿ ਸੇਵਿਐ ਰਿਦੈ ਸਮਾਣੀ ॥ ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ ॥੮॥੧੫॥੧੬॥ {ਪੰਨਾ 118-119}

ਭਾਵ ਅਰਥ:

ਹੇ ਵੀਰ ਇਹੁ ਉਸ ਰਾਮ ਪ੍ਰਭੂ ਦੀ ਹੀ ਖੇਡ ਹੈ ਕਿ ਜਿਹੜੇ ਨਾਮ ਤੋਂ ਭੁੱਲੇ ਹੁੰਦੇ ਹਨ ਭਟਕੇ ਹੁੰਦੇ ਹਨ ਉਹ ਦਾਤਾ ਐਸੇ ਭਟਕਿਆਂ ਨੂੰ ਵੀ ਨਾਮ ਦੇ ਰਾਹ ਤੇ ਲਾ ਲੈਂਦਾ ਹੈ, ਤੇ ਉਹ ਹਰੀ ਪ੍ਰਭੂ ਅੰਮ੍ਰਿਤਮਈ ਬਾਣੀ ਦੇ ਨਾਲ ਤਾਂ ਜੋੜਦਾ ਹੀ ਹੈ, ਅੰਮ੍ਰਿਤ ਦੇ ਸ਼ਬਦਾਂ ਦਾ ਵਾਜਾ ਵੀ ਬਣਾ ਦਿੰਦਾ ਹੈ ਤੇ ਮਨੁੱਖ ਦੇ ਮਨ ਵਿੱਚ ਵਜਾ ਦਿੰਦਾ ਹੈ॥੫॥

ਦਾਤੇ ਨੇ ਚੰਗੇ ਮਾੜੇ ,ਹਰ ਤਰ੍ਹਾਂ ਦੇ ਜੀਵ ਆਪ ਹੀ ਬਣਾਏ ਹਨ ਤੇ ਆਪੇ ਹੀ ਉਹਨਾਂ ਨੂੰ ਚੰਗੀ ਤਰ੍ਹਾਂ ਦੇਖਿਆ ਤੇ ਪਰਖਿਆ ਹੈ। ਚੰਗੀ ਨੀਅਤ ਰੱਖਣ ਵਾਲਿਆਂ ਨੂੰ ਆਪਣੇ ਨਾਮ ਦੇ ਖਜ਼ਾਨਿਆਂ ਨਾਲ ਭਰ ਦਿੰਦਾ ਹੈ ਅਤੇ ਮਾੜੀ ਸੋਚ ਵਾਲਿਆਂ ਨੂੰ ਭਰਮਾਂ ਭੁਲੇਖਿਆਂ ਵਿੱਚ ਹੀ ਉਲਝਾਈ ਰੱਖਦਾ ਹੈ॥੬॥

ਹੇ ਮੇਰੇ ਪਾਰਬ੍ਰਹਮ ਪਰਮੇਸ਼ਵਰ ਮੈਂ ਆਪ ਜੀ ਦੇ ਦਰਸ਼ਨ ਦੀਦਾਰੇ ਕਿਵੇਂ ਕਰ ਸਕਦਾ ਹਾਂ ਤੇ ਕਿਸ ਤਰ੍ਹਾਂ ਆਪ ਜੀ ਦੀ ਉਸਤਤ ਕਰ ਸਕਦਾ ਹਾਂ। ਹੇ ਮਨੁੱਖ ! ਗੁਰੂ ਦੀ ਕਿਰਪਾ ਹੋਏਗੀ ਤਾਂ ਹੀ ਤੂੰ ਸ਼ਬਦਾਂ ਨਾਲ ਉਸ ਦੀ ਸਿਫਤ ਸਲਾਹ ਕਰ ਸਕਦਾ ਹੈਂ। ਹੇ ਮੇਰੇ ਦਾਤਾ! ਤੇਰੀ ਰਜਾ ਹੋਏਗੀ ਤਾਂ ਤੇਰੇ ਨਾਮ ਦਾ ਅੰਮ੍ਰਿਤ ਵਰਸੇਗਾ ਅਤੇ ਤੂੰ ਜਿਸ ਮਨੁੱਖ ਨੂੰ ਜੀ ਕਰੇਗਾ ਉਸ ਨੂੰ ਇਹ ਅੰਮ੍ਰਿਤ ਨਾਲ ਨਿਹਾਲ ਕਰੇਂਗਾ॥ ।੭।

ਹੇ ਭਾਈ ! ਅੰਮ੍ਰਿਤ ਹੀ ਸ਼ਬਦ ਹੈ ਜਿਸ ਸ਼ਬਦ ਤੋਂ ਅੰਮ੍ਰਿਤਬਾਣੀ ਬਣਦੀ ਹੈ। ਸੱਚੇ ਗੁਰੂ ਨੂੰ ਸਿਮਰਨ ਨਾਲ ਇਹ ਬਾਣੀ ਹਿਰਦੇ ਅੰਦਰ ਸਮਾ ਜਾਂਦੀ ਹੈ। ਹੇ ਨਾਨਕ! ਉਹ ਪ੍ਰਭੂ ਦਾ ਅੰਮ੍ਰਿਤਮਈ ਨਾਮ ਸਦਾ ਸਦਾ ਸੁਖ ਦੇਣ ਵਾਲਾ ਹੈ ਇਸ ਲਈ, ਹੇ ਬੰਦਿਆ ! ਉਸ ਦੀ ਅੰਮ੍ਰਿਤ ਮਈ ਬਾਣੀ ਲਗਾਤਾਰ ਪੀਂਦਾ ਰਹਿ ਜਿਸ ਨਾਲ ਸਾਰੀਆਂ ਭੁੱਖਾਂ ਉੱਤਰ ਜਾਣਗੀਆਂ॥੮॥



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894

ਸਾਂਝੀ ਸੋਚ

SANJHI SOCH TV & DAILY NEWSPAPER

TO EXPAND YOUR BUSINESS
IN INDIAN COMMUNITY

Through Newspaper & T.V,
Advertise with us just as
low as $100 PER MONTH.

TV
NEWS

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com
Sanjhi Soch TV NRI

SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260